ਚੰਡੀਗੜ੍ਹ ਦਫ਼ਤਰ
ਐਸ.ਸੀ.ਓ. 1136
ਸੈਕਟਰ 22 ਬੀ,

Chandigarh Office
S.C.O. 1136
SECTOR 22-B
email: advtdeshpardesh.com

ਰੋਜ਼ਾਨਾ
# ਦੇਸ਼ ਪ੍ਰਦੇਸ਼
ਸੱਚੀ ਖ਼ਬਰ, ਸਹੀ ਡਗਰ, ਸਦਾ ਨਿਡਰ
ਪ੍ਰਕਾਸ਼ਨ ਦਾ 36ਵਾਂ ਸਾਲ
ਚੰਡੀਗੜ੍ਹ ਸੰਸਕਰਣ
CHANDIGARH EDITION
Email - deshpardeshchd@gmail.com
ਮੁੱਖ ਸੰਪਾਦਕ
ਸ਼ਸ਼ੀ ਪਾਲ ਜੈਨ
Des Pardes

ਸ੍ਰੀਮਦ ਭਾਗਵਤ ਕਥਾ ਆਤਮਾ ਦੇ ਪਰਮ ਕਲਿਆਣ ਤੇ ਜੀਵਨ ਨੂੰ ਸਹੀ ਦਿਸ਼ਾ ਦੇਣ ਦੀ ਪਵਿੱਤਰ ਯਾਤਰਾ: ਸ਼ੀਸ਼ੈਮ ਭੈਣੀ 03

ਸਾਲ 2, ਅੰਕ 2 Ph (Mohali Office) : 0160-2990739; (M) : +91-98156-16078 ਸ਼ੁੱਕਰਵਾਰ, 2 ਅਕਤੂਬਰ 2026 ( 16 ਅੱਸੂ, ਨਾਨਕਸ਼ਾਹੀ ਸੰਮਤ 558) RNI NO. CHPUN/25/A1263. ਸਫ਼ੇ - 10 ਮੁੱਲ :₹2

# ਪੰਜਾਬ ਕਾਂਗਰਸ 'ਚ ਵੱਡਾ ਬਦਲਾਅ, ਰਾਜਾ ਵੜਿੰਗ ਨੇ ਛੱਡਿਆ ਪ੍ਰਧਾਨ ਦਾ ਅਹੁਦਾ, ਸਿੰਗਲਾ ਮੋਹਰੀ ਦਾਅਵੇਦਾਰ

## 'ਸਿੱਖ-ਬਹੁਗਿਣਤੀ ਸੂਬੇ ਵਿੱਚ ਹਿੰਦੂ ਪ੍ਰਧਾਨ' ਦਾ ਮੁੱਦਾ ਉੱਠਿਆ

**ਦੇਸ਼ ਪ੍ਰਦੇਸ਼**

**ਜਲੰਧਰ,1ਅਕਤੂਬਰ (ਜੇ ਐਸ ਸੰਧੂ ਤੇ ਕੰਵਲਜੀਤ ਸਿੰਘ ਮੱਕੜ ):**ਪੰਜਾਬ ਕਾਂਗਰਸ ਵਿੱਚ ਅੱਜ ਵੱਡਾ ਸੰਗਠਨਾਤਮਕ ਬਦਲਾਅ ਸਾਹਮਣੇ ਆਇਆ ਹੈ। ਲੁਧਿਆਣਾ ਤੋਂ ਲੋਕ ਸਭਾ ਮੈਂਬਰ ਅਮਰਿੰਦਰ ਸਿੰਘ ਰਾਜਾ ਵੜਿੰਗ ਨੇ ਪੰਜਾਬ ਪ੍ਰਦੇਸ਼ ਕਾਂਗਰਸ ਕਮੇਟੀ ਦੇ ਪ੍ਰਧਾਨ ਦੇ ਅਹੁਦੇ ਤੋਂ ਅਸਤੀਫ਼ਾ ਦੇ ਦਿੱਤਾ ਹੈ। ਉਨ੍ਹਾਂ ਦੇ ਅਸਤੀਫ਼ੇ ਤੋਂ ਬਾਅਦ ਹੁਣ ਪਾਰਟੀ ਹਾਈਕਮਾਂਡ ਵੱਲੋਂ ਨਵੇਂ ਪੰਜਾਬ ਕਾਂਗਰਸ ਪ੍ਰਧਾਨ ਦੀ ਚੋਣ ਨੂੰ ਲੈ ਕੇ ਚਰਚਾਵਾਂ ਤੇਜ਼ ਹੋ ਗਈਆਂ ਹਨ। ਕਾਂਗਰਸ ਵੱਲੋਂ ਨਵੇਂ ਪ੍ਰਧਾਨ ਦਾ ਰਸਮੀ ਐਲਾਨ ਅਜੇ ਨਹੀਂ ਕੀਤਾ ਗਿਆ ਰਾਜਾ ਵੜਿੰਗ ਨੇ ਅਪ੍ਰੈਲ 2022 ਵਿੱਚ ਪੰਜਾਬ ਕਾਂਗਰਸ ਦੀ ਕਮਾਨ ਸੰਭਾਲੀ ਸੀ। ਉਨ੍ਹਾਂ ਨੇ ਨਵਜੋਤ ਸਿੰਘ ਸਿੱਧੂ ਤੋਂ ਬਾਅਦ ਇਹ ਜ਼ਿੰਮੇਵਾਰੀ

ਸੰਭਾਲੀ ਸੀ। ਉਸ ਸਮੇਂ ਪੰਜਾਬ ਵਿਧਾਨ ਸਭਾ ਚੋਣਾਂ ਵਿੱਚ ਕਾਂਗਰਸ ਨੂੰ ਆਮ ਆਦਮੀ ਪਾਰਟੀ ਤੋਂ ਹਾਰ ਦਾ ਸਾਹਮਣਾ ਕਰਨਾ ਪਿਆ ਸੀ। ਵੜਿੰਗ ਦੇ ਕਾਰਜਕਾਲ ਦੌਰਾਨ ਪਾਰਟੀ ਨੇ ਸੰਗਠਨ ਨੂੰ ਮਜ਼ਬੂਤ ਕਰਨ ਅਤੇ ਸੂਬੇ ਵਿੱਚ ਆਪਣੀ ਰਾਜਨੀਤਕ ਮੌਜੂਦਗੀ ਕਾਇਮ ਰੱਖਣ ਲਈ ਕਈ ਪੱਧਰਾਂ 'ਤੇ ਕੰਮ ਕੀਤਾ।

ਹਾਲਾਂਕਿ ਪਿਛਲੇ ਕੁਝ ਮਹੀਨਿਆਂ ਤੋਂ ਪੰਜਾਬ ਕਾਂਗਰਸ ਅੰਦਰ ਧੜੇਬੰਦੀ ਅਤੇ ਸੰਗਠਨਾਤਮਕ ਮਤਭੇਦਾਂ ਦੀਆਂ ਖ਼ਬਰਾਂ ਲਗਾਤਾਰ ਸਾਹਮਣੇ ਆ ਰਹੀਆਂ ਸਨ। ਕਈ ਸੀਨੀਅਰ ਆਗੂਆਂ ਵੱਲੋਂ ਸੂਬਾ ਇਕਾਈ ਦੀ ਕਾਰਗੁਜ਼ਾਰੀ ਅਤੇ ਅੰਦਰੂਨੀ ਤਾਲਮੇਲ ਨਾਲ ਜੁੜੇ ਮੁੱਦੇ ਹਾਈਕਮਾਂਡ ਸਾਹਮਣੇ ਰੱਖੇ ਜਾਣ ਦੀਆਂ ਰਿਪੋਰਟਾਂ ਸਨ। ਪੰਜਾਬ ਕਾਂਗਰਸ ਦੇ ਨਵੇਂ ਇੰਚਾਰਜ ਸਚਿਨ ਪਾਇਲਟ ਨੇ ਸੂਬੇ ਦੇ ਆਗੂਆਂ ਅਤੇ ਪਾਰਟੀ ਵਰਕਰਾਂ ਨਾਲ ਕਈ ਮੀਟਿੰਗਾਂ ਕਰਕੇ ਸੰਗਠਨ ਦੀ ਸਥਿਤੀ ਬਾਰੇ ਫੀਡਬੈਕ ਇਕੱਠੀ ਕੀਤੀ ਸੀ। ਇਸ ਤੋਂ ਬਾਅਦ ਹਾਈਕਮਾਂਡ ਵੱਲੋਂ ਸੂਬਾ ਪ੍ਰਧਾਨ ਬਦਲਣ ਦਾ ਫ਼ੈਸਲਾ ਕੀਤੇ ਜਾਣ ਦੀ ਜਾਣਕਾਰੀ ਸਾਹਮਣੇ ਆਈ।

ਹੁਣ ਸਭ ਤੋਂ ਵੱਡਾ ਸਵਾਲ ਇਹ ਹੈ ਕਿ ਪੰਜਾਬ ਕਾਂਗਰਸ ਦੀ ਅਗਵਾਈ ਕਿਸ ਨੂੰ ਸੌਂਪੀ ਜਾਂਦੀ ਹੈ। ਪਾਰਟੀ ਦੇ ਅੰਦਰ ਕਈ ਸੀਨੀਅਰ ਆਗੂਆਂ ਦੇ ਨਾਮ ਚਰਚਾ ਵਿੱਚ ਹਨ। ਇਨ੍ਹਾਂ ਵਿੱਚ ਸਾਬਕਾ ਮੰਤਰੀ ਵਿਜੇ ਇੰਦਰ ਸਿੰਗਲਾ, ਜਲੰਧਰ ਕੈਂਟ ਤੋਂ ਵਿਧਾਇਕ ਪਰਗਟ ਸਿੰਘ, ਗੁਰਦਾਸਪੁਰ ਤੋਂ ਸੰਸਦ ਮੈਂਬਰ ਸੁਖਜਿੰਦਰ ਸਿੰਘ ਰੰਧਾਵਾ, ਅੰਮ੍ਰਿਤਸਰ ਤੋਂ ਸੰਸਦ ਮੈਂਬਰ ਗੁਰਜੀਤ ਸਿੰਘ ਔਜਲਾ ਅਤੇ ਰਾਜਾਸਾਂਸੀ ਤੋਂ ਵਿਧਾਇਕ ਸੁਖਬਿੰਦਰ ਸਿੰਘ ਸਰਕਾਰੀਆ ਦੇ ਨਾਮ ਸ਼ਾਮਲ ਹਨ। ਸਾਬਕਾ ਮੁੱਖ ਮੰਤਰੀ ਚਰਨਜੀਤ

ਬਾਕੀ ਸਫ਼ਾ 7 'ਤੇ

# ਗੋਇੰਦਵਾਲ ਸਾਹਿਬ 'ਚ ਸੀਐਮ ਮਾਨ ਦਾ ਵੱਡਾ ਸਮਾਗਮ, 36.87 ਲੱਖ ਮਹਿਲਾਵਾਂ ਦੇ ਖਾਤਿਆਂ 'ਚ 1262 ਕਰੋੜ ਰੁਪਏ ਟਰਾਂਸਫਰ

**ਗੋਇੰਦਵਾਲ ਸਾਹਿਬ, 1 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ):**-: ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਅੱਜ ਸ੍ਰੀ ਗੋਇੰਦਵਾਲ ਸਾਹਿਬ ਦੀ ਦਾਣਾ ਮੰਡੀ ਵਿੱਚ ਕਰਵਾਏ ਸੂਬਾ ਪੱਧਰੀ ਸਮਾਗਮ ਦੌਰਾਨ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਤਹਿਤ ਮਹਿਲਾਵਾਂ ਨੂੰ ਵਿੱਤੀ ਸਹਾਇਤਾ ਦੀ ਦੂਜੀ ਕਿਸ਼ਤ ਜਾਰੀ ਕੀਤੀ। ਇਸ ਮੌਕੇ ਵੱਡੀ ਗਿਣਤੀ ਵਿੱਚ ਲੋਕ ਸਮਾਗਮ ਵਿੱਚ ਪਹੁੰਚੇ।

ਮੁੱਖ ਮੰਤਰੀ ਮਾਨ ਵੱਲੋਂ ਜਾਰੀ ਕੀਤੀ ਗਈ ਦੂਜੀ ਕਿਸ਼ਤ ਤਹਿਤ 36 ਲੱਖ 87 ਹਜ਼ਾਰ 677 ਮਹਿਲਾਵਾਂ ਦੇ ਬੈਂਕ ਖਾਤਿਆਂ ਵਿੱਚ ਕੁੱਲ 1,262 ਕਰੋੜ 54 ਲੱਖ ਰੁਪਏ ਟਰਾਂਸਫਰ ਕੀਤੇ ਗਏ। ਜਨਰਲ ਸ਼੍ਰੇਣੀ ਦੀਆਂ ਯੋਗ ਮਹਿਲਾਵਾਂ ਨੂੰ ਤਿੰਨ ਮਹੀਨਿਆਂ ਲਈ 3,000 ਰੁਪਏ, ਜਦਕਿ ਅਨੁਸੂਚਿਤ ਜਾਤੀ ਦੀਆਂ ਮਹਿਲਾਵਾਂ ਨੂੰ 4,500 ਰੁਪਏ ਮਿਲੇ ਹਨ।

ਸਮਾਗਮ ਤੋਂ ਬਾਅਦ ਮੁੱਖ ਮੰਤਰੀ ਭਗਵੰਤ ਮਾਨ ਨੇ ਸੋਸ਼ਲ ਮੀਡੀਆ ਰਾਹੀਂ ਗੋਇੰਦਵਾਲ ਸਾਹਿਬ ਪਹੁੰਚਣ ਵਾਲੇ ਲੋਕਾਂ ਦਾ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਲੋਕਾਂ ਤੋਂ ਇਕੱਠਾ ਕੀਤਾ ਗਿਆ ਟੈਕਸ ਦਾ ਪੈਸਾ

ਲੋਕਾਂ ਦੀ ਭਲਾਈ 'ਤੇ ਖਰਚ ਕੀਤਾ ਜਾ ਰਿਹਾ ਹੈ। ਉਨ੍ਹਾਂ ਆਪਣੇ ਸੰਦੇਸ਼ ਵਿੱਚ ਸਿੱਖਿਆ ਅਤੇ ਹੋਰ ਸਹੂਲਤਾਂ ਸਬੰਧੀ ਵੀ ਸਰਕਾਰ ਦੇ ਕੰਮਾਂ ਦਾ ਜ਼ਿਕਰ ਕੀਤਾ। ਉਪਲਬਧ ਅੰਕੜਿਆਂ ਮੁਤਾਬਕ ਇਸ ਯੋਜਨਾ ਤਹਿਤ ਹੁਣ ਤੱਕ 73 ਲੱਖ 99 ਹਜ਼ਾਰ ਮਹਿਲਾਵਾਂ ਦੇ ਖਾਤਿਆਂ ਵਿੱਚ ਲਗਭਗ 2,562 ਕਰੋੜ 33 ਲੱਖ ਰੁਪਏ ਟਰਾਂਸਫਰ ਕੀਤੇ ਜਾ ਚੁੱਕੇ ਹਨ। ਅੱਜ ਜਾਰੀ ਕੀਤੀ ਗਈ ਕਿਸ਼ਤ ਵਿੱਚ ਅਕਤੂਬਰ, ਨਵੰਬਰ ਅਤੇ ਦਸੰਬਰ ਮਹੀਨਿਆਂ ਦੀ ਰਕਮ ਸ਼ਾਮਲ ਹੈ।

'ਮਾਵਾਂ-ਧੀਆਂ ਸਤਿਕਾਰ ਯੋਜਨਾ' ਲਈ ਪੰਜਾਬ ਸਰਕਾਰ ਵੱਲੋਂ 9,300 ਕਰੋੜ ਰੁਪਏ ਦਾ ਬਜਟ ਪ੍ਰਬੰਧ ਕੀਤਾ ਗਿਆ ਹੈ। ਯੋਜਨਾ ਤਹਿਤ 18 ਸਾਲ ਜਾਂ ਇਸ ਤੋਂ ਵੱਧ ਉਮਰ ਦੀਆਂ ਯੋਗ ਮਹਿਲਾਵਾਂ ਨੂੰ ਵਿੱਤੀ ਸਹਾਇਤਾ ਦੇਣ ਦੀ ਵਿਵਸਥਾ ਹੈ।

ਸੀਐਮ ਮਾਨ ਦੀ ਫੇਰੀ ਤੋਂ ਪਹਿਲਾਂ ਹਲਕਾ ਵਿਧਾਇਕ ਮਨਜਿੰਦਰ ਸਿੰਘ ਲਾਲਪੁਰਾ ਨੇ ਕਿਹਾ ਸੀ ਕਿ ਮੁੱਖ ਮੰਤਰੀ ਸਾਹਮਣੇ ਹਲਕੇ ਨਾਲ ਸਬੰਧਤ ਵਿਸ਼ੇਸ਼ ਮੰਗਾਂ ਰੱਖੀਆਂ ਜਾਣਗੀਆਂ। ਉਨ੍ਹਾਂ ਨੇ ਇਹ ਵੀ ਸੰਕੇਤ ਦਿੱਤਾ ਸੀ ਕਿ ਗੋਇੰਦਵਾਲ ਸਾਹਿਬ ਲਈ ਕੋਈ ਵੱਡਾ ਐਲਾਨ ਹੋ ਸਕਦਾ ਹੈ।

ਇਸ ਤੋਂ ਇਲਾਵਾ ਮੁੱਖ ਮੰਤਰੀ ਦੀ ਫੇਰੀ ਨੂੰ ਲੈ ਕੇ ਇਲਾਕੇ ਵਿੱਚ ਪਹਿਲਾਂ ਤੋਂ ਹੀ ਤਿਆਰੀਆਂ ਕੀਤੀਆਂ ਜਾ ਰਹੀਆਂ ਸਨ। ਸਮਾਗਮ ਨੂੰ ਲੈ ਕੇ ਮੁੱਖ ਕੇਂਦਰ 'ਮਾਵਾਂ-ਧੀਆਂ ਸਤਿਕਾਰ ਯੋਜਨਾ' ਦੀ ਦੂਜੀ ਕਿਸ਼ਤ ਜਾਰੀ ਕਰਨਾ ਰਿਹਾ ਸਰਕਾਰ ਅਨੁਸਾਰ ਇਸ ਯੋਜਨਾ ਦਾ ਉਦੇਸ਼ ਯੋਗ ਮਹਿਲਾਵਾਂ ਨੂੰ ਸਿੱਧੀ ਵਿੱਤੀ ਸਹਾਇਤਾ ਦੇਣਾ ਹੈ। ਦੂਜੀ ਕਿਸ਼ਤ ਦੀ ਰਕਮ ਸਿੱਧੀ ਬੈਂਕ ਖਾਤਿਆਂ ਵਿੱਚ ਟਰਾਂਸਫਰ ਕੀਤੀ ਗਈ ਹੈ। ਇਸ ਨਾਲ ਲਾਭਪਾਤਰੀਆਂ ਨੂੰ ਅਕਤੂਬਰ ਤੋਂ ਦਸੰਬਰ ਤੱਕ ਦੀ ਸਹਾਇਤਾ ਮਿਲੇਗੀ ਗੋਇੰਦਵਾਲ ਸਾਹਿਬ ਦੇ ਇਸ ਸਮਾਗਮ ਵਿੱਚ ਮੁੱਖ ਮੰਤਰੀ ਭਗਵੰਤ ਮਾਨ ਨੇ ਲੋਕਾਂ ਨੂੰ ਸੰਬੋਧਨ ਕਰਦਿਆਂ ਸਰਕਾਰ ਦੀਆਂ ਲੋਕ-ਭਲਾਈ ਯੋਜਨਾਵਾਂ ਅਤੇ ਮਹਿਲਾਵਾਂ ਲਈ ਕੀਤੇ ਜਾ ਰਹੇ ਵਿੱਤੀ ਪ੍ਰਬੰਧਾਂ ਨੂੰ ਉਜਾਗਰ ਕੀਤਾ। ਸਮਾਗਮ ਤੋਂ ਬਾਅਦ ਮੁੱਖ ਮੰਤਰੀ ਨੇ ਵੱਡੀ ਗਿਣਤੀ ਵਿੱਚ ਪਹੁੰਚੇ ਲੋਕਾਂ ਦਾ ਧੰਨਵਾਦ ਵੀ ਕੀਤਾ।

# ਹਰਿਆਣਾ ਵਾਂਗ ਪੰਜਾਬ ਦੇ ਕਿਸਾਨਾਂ ਨੂੰ ਵੀ ਮਿਲੇਗਾ ਐਮਐਸਪੀ ਦਾ ਲਾਭ-ਸੀਐਮ ਸੈਣੀ

**ਸਨੌਰ /ਪਟਿਆਲਾ 1 ਅਕਤੂਬਰ ਦੇਸ਼ ਪ੍ਰਦੇਸ਼ (ਰਾਜਿੰਦਰ ਸਿੰਘ ਬਿੰਦ ):**ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਵੱਲੋਂ ਸਨੌਰ ਤੋਂ ਬੀਜੇਪੀ ਆਗੂ ਸਤਪਾਲ ਸਿੰਘ ਪੂਨੀਆ ਨੂੰ ਆਪਣਾ ਥਾਪੜਾ ਦਿੰਦੇ ਹੋਏ ਕਿਹਾ ਕਿ ਉਹ ਸਨੌਰ ਹਲਕੇ ਤੋਂ ਆਪਣੀਆਂ ਗਤੀਵਿਧੀਆਂ ਜਾਰੀ ਰੱਖਣ ਹਰਿਆਣਾ ਦੇ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਅੱਜ ਅੱਜ ਸਤਪਾਲ ਸਿੰਘ ਪੂਨੀਆ ਦੇ ਪੰਜੋਲਾ ਨਿਵਾਸ ਵਿਖੇ ਇੱਕ ਧਾਰਮਿਕ ਪ੍ਰੋਗਰਾਮ ਵਿੱਚ ਸ਼ਾਮਿਲ ਹੋਣ ਲਈਵਿਸ਼ੇਸ਼ ਤੌਰ ਤੇ ਆਏ ਸਨ। ਮੁੱਖ ਮੰਤਰੀ ਸੈਣੀ ਨੇ ਕਿਹਾ ਕਿ ਪੰਜਾਬ ਅੰਦਰ ਬੀਜੇਪੀ ਹੀ ਨਸ਼ਾ ਨੂੰ ਖਤਮ

ਕਰ ਸਕਦੀਹੈ। ਮੁੱਖ ਮੰਤਰੀ ਸੈਣੀ ਨੇ ਅੱਜ ਪਟਿਆਲਾ ਜ਼ਿਲ੍ਹੇ ਦੇ ਹਲਕਾ ਸਨੌਰ ਦੇ ਪਿੰਡ ਪੰਜੋਲਾ ਵਿਖੇ ਸਨੌਰ ਹਲਕੇ ਤੋਂ ਬੀ ਜੇ ਪੀ ਦੇ ਸੰਭਾਵੀ ਉਮੀਦਵਾਰ ਸਤਪਾਲ ਸਿੰਘ ਪੂਨੀਆ ਦੇ ਗ੍ਰਹਿ ਵਿਖੇ ਕਰਵਾਏ ਇੱਕ ਧਾਰਮਿਕ ਸਮਾਗਮ ਚ ਸ਼ਾਮਿਲ ਹੋਣ ਸਮੇਂ ਪੱਤਰਕਾਰਾਂ ਨਾਲ ਗੱਲਬਾਤ ਕਰਨ ਇਹਨਾਂ ਵਿਚਾਰਾਂ ਦਾ ਪ੍ਰਗਟਾਵਾ ਕੀਤਾ! ਉਹਨਾਂ ਕਿਹਾ ਕਿ ਸ਼ਹੀਦ ਭਗਤ ਸਿੰਘ ਅਤੇ ਸ਼ਹੀਦ ਊਧਮ ਸਿੰਘ ਵੱਲੋਂ ਦੇਸ਼ ਕੌਮ ਲਈ ਦਿਤੀਆਂ ਕੁਰਬਾਨੀਆਂ ਲਈ ਉਹ ਉਹਨਾਂ ਨੂੰ ਪ੍ਰਣਾਮ ਕਰਦੇ ਹਨ! ਉਨ੍ਹਾਂ ਅੱਗੇ ਕਿਹਾ ਕਿ ਪੰਜਾਬ ਦੇ ਕਿਸਾਨਾਂ ਨੇ ਸਮੁੱਚੇ ਦੇਸ਼ ਦੇ ਅੰਨ ਭੰਡਾਰ ਨੂੰ ਭਰਿਆ ਹੈ। ਦੇਸ਼ ਦੀ ਅਜ਼ਾਦੀ ਲਈ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ

ਦੇਸ਼ ਅਜ਼ਾਦੀ ਦਾ ਜ਼ਿਕਰ ਕਰਦੇ ਹੋਏ ਮੁੱਖ ਮੰਤਰੀ ਨੇ ਕਿਹਾ ਕਿ ਦੇਸ਼ ਦੀ ਆਜ਼ਾਦੀ ਲਈ ਸਭ ਤੋਂ ਵੱਧ ਕੁਰਬਾਨੀਆਂ ਪੰਜਾਬੀਆਂ ਨੇ ਦਿੱਤੀਆਂ ਹਨ। ਪੰਜਾਬੀਆਂ ਵੱਲੋਂ ਦਿੱਤੀਆਂ ਕੁਰਬਾਨੀਆਂ ਸਦਕਾ ਹੀ ਅੱਜ ਅਸੀਂ ਅਜ਼ਾਦੀ ਦਾ ਨਿੱਘ ਮਾਣ ਰਹੇ ਹਾਂ। ਉਨ੍ਹਾਂ ਅੱਗੇ ਕਿਹਾ ਕਿ ਜਦੋਂ ਵੀ ਦੇਸ਼ ਨੂੰ ਕਦੇ ਜ਼ਰੂਰਤ ਪਈ ਤਾਂ ਦੇਸ਼ ਦੀ ਰੱਖਿਆ ਕਰਨ ਲਈ ਵੀ ਪੰਜਾਬੀ ਸਭ ਤੋਂ ਮੋਹਰੀ ਹੁੰਦੇ ਹਨ ਅਤੇ ਸਾਡੇ ਸੂਰਬੀਰਾਂ ਨੇ ਹਮੇਸ਼ਾ ਦੇਸ਼ ਦੀ ਸੁਰੱਖਿਆ ਕੀਤੀ ਹੈ। ਅਸੀਂ ਦੋ ਸਾਲਾਂ 'ਚ ਪੰਜਾਬ ਨੂੰ ਚਿੱਟਾ ਮੁਕਤ

ਬਾਕੀ ਸਫ਼ਾ 7 'ਤੇ

# ਪੀਐਮ ਮੋਦੀ ਨੇ ਯੂਪੀਐਸਸੀ ਦੀ 100ਵੀਂ ਵਰ੍ਹੇਗੰਢ ਮੌਕੇ ਨੌਜਵਾਨਾਂ ਲਈ ਭਰਤੀ ਪ੍ਰਕਿਰਿਆ 'ਚ ਸੁਧਾਰ 'ਤੇ ਦਿੱਤਾ ਜ਼ੋਰ

## ਕੈਪਟਨ ਸਮਿਤ ਮਚਛਰ ਦੀ ਬਹਾਦਰੀ ਦੀ ਕੀਤੀ ਸ਼ਲਾਘਾ

**ਨਵੀਂ ਦਿੱਲੀ , 1 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ):**- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਅੱਜ ਨਵੀਂ ਦਿੱਲੀ ਦੇ ਭਾਰਤ ਮੰਡਪਮ ਵਿਖੇ ਯੂਨੀਅਨ ਪਬਲਿਕ ਸਰਵਿਸ ਕਮਿਸ਼ਨ ਦੀ 100ਵੀਂ ਵਰ੍ਹੇਗੰਢ ਮੌਕੇ ਕਰਵਾਏ ਸਮਾਗਮ ਵਿੱਚ ਸ਼ਿਰਕਤ ਕੀਤੀ। ਇਸ ਮੌਕੇ ਉਨ੍ਹਾਂ ਨੇ ਯੂਪੀਐਸਸੀ ਦੀ ਸਦੀ ਪੁਰਾਣੀ ਯਾਤਰਾ ਨੂੰ ਯਾਦ ਕਰਦਿਆਂ ਸਿਵਲ ਸੇਵਾਵਾਂ ਦੀ ਭਰਤੀ ਪ੍ਰਕਿਰਿਆ ਨੂੰ ਸਮੇਂ ਦੇ ਅਨੁਕੂਲ ਬਣਾਉਣ ਅਤੇ ਨੌਜਵਾਨਾਂ ਦੀਆਂ ਲੋੜਾਂ ਨੂੰ ਧਿਆਨ ਵਿੱਚ ਰੱਖਣ 'ਤੇ ਜ਼ੋਰ ਦਿੱਤਾ।

ਪ੍ਰਧਾਨ ਮੰਤਰੀ ਨੇ ਕਿਹਾ ਕਿ ਪ੍ਰੀਖਿਆ ਸਿਰਫ਼ ਇੱਕ ਘਟਨਾ ਨਹੀਂ ਹੁੰਦੀ, ਸਗੋਂ ਇਹ



ਨੌਜਵਾਨਾਂ ਦੇ ਭਵਿੱਖ ਨਾਲ ਸਿੱਧੇ ਤੌਰ 'ਤੇ ਜੁੜੀ ਹੁੰਦੀ ਹੈ। ਉਨ੍ਹਾਂ ਅਨੁਸਾਰ ਪ੍ਰੀਖਿਆ ਅਤੇ ਭਰਤੀ ਪ੍ਰਕਿਰਿਆ ਵਿੱਚ ਬੇਲੋੜੀ ਦੇਰੀ ਨੌਜਵਾਨਾਂ ਲਈ ਮੁਸ਼ਕਲਾਂ ਪੈਦਾ ਕਰ ਸਕਦੀ ਹੈ। ਯੂਪੀਐਸਸੀ ਦੀ ਸਥਾਪਨਾ 1 ਅਕਤੂਬਰ 1926 ਨੂੰ ਹੋਈ ਸੀ। 100 ਸਾਲ ਪੂਰੇ ਹੋਣ 'ਤੇ ਕਰਵਾਏ ਸਮਾਗਮ ਵਿੱਚ ਪੀਐਮ ਮੋਦੀ ਨੇ ਯੂਪੀਐਸਸੀ ਦੀ ਸ਼ਤਾਬਦੀ ਯਾਦਗਾਰੀ ਸਿੱਕਾ ਅਤੇ ਡਾਕ ਟਿਕਟ ਜਾਰੀ ਕੀਤੀ।

ਸਮਾਗਮ ਵਿੱਚ ਦੇਸ਼ ਭਰ ਦੇ ਰਾਜ ਲੋਕ ਸੇਵਾ ਕਮਿਸ਼ਨਾਂ ਦੇ ਚੇਅਰਮੈਨ ਅਤੇ ਮੈਂਬਰਾਂ ਤੋਂ ਇਲਾਵਾ ਕੇਂਦਰ ਸਰਕਾਰ ਦੇ ਸੀਨੀਅਰ ਅਧਿਕਾਰੀ, ਅਕਾਦਮਿਕ ਮਾਹਿਰ ਅਤੇ ਯੂਪੀਐਸਸੀ ਨਾਲ ਜੁੜੇ ਅਧਿਕਾਰੀ ਵੀ ਸ਼ਾਮਲ ਹੋਏ।

ਇਸ ਦੌਰਾਨ ਪ੍ਰਧਾਨ ਮੰਤਰੀ ਨੇ ਫਲਾਈਦੁਬਈ ਦੇ ਪਾਇਲਟ ਕੈਪਟਨ ਸਮਿਤ ਮਚਛਰ ਦੀ ਵੀ

ਬਾਕੀ ਸਫ਼ਾ 7 'ਤੇ

Government of India

# ਗਾਂਧੀ ਜੀ ਅਤੇ ਸ਼ਾਸਤਰੀ ਜੀ ਨੂੰ ਉਨ੍ਹਾਂ ਦੀ ਜਨਮ ਵਰ੍ਹੇਗੰਢ ਤੇ ਰਾਸ਼ਟਰ ਦਾ ਕੋਟਿ-ਕੋਟਿ ਨਮਨ



2 ਅਕਤੂਬਰ, 2026

ਮਹਾਤਮਾ ਗਾਂਧੀ ਅਤੇ ਲਾਲ ਬਹਾਦਰ ਸ਼ਾਸਤਰੀ ਦੀ ਜਨਮ ਵਰ੍ਹੇਗੰਢ ਤੇ, ਰਾਸ਼ਟਰ ਇਨ੍ਹਾਂ ਦੋਵੇਂ ਮਹਾਨ ਨੇਤਾਵਾਂ ਨੂੰ ਸ਼ਰਧਾਂਜਲੀ ਭੇਟ ਕਰਦਾ ਹੈ, ਜਿਨ੍ਹਾਂ ਨੇ ਆਪਣਾ ਜੀਵਨ ਰਾਸ਼ਟਰ ਦੀ ਸੇਵਾ ਵਿੱਚ ਸਮਰਪਿਤ ਕਰ ਦਿੱਤਾ।

ਗਾਂਧੀ ਜੀ ਨੇ ਹਿੰਮਤ, ਸਾਦਗੀ, ਸੇਵਾ ਅਤੇ ਹਮਦਰਦੀ ਦੀ ਤਾਕਤ ਦਾ ਮਾਰਗ ਦਿਖਾਇਆ, ਜਦਕਿ ਸ਼ਾਸਤਰੀ ਜੀ ਦਾ ਜੀਵਨ ਅਤੇ ਅਗਵਾਈ ਇੱਕ ਸਸ਼ਕਤ ਅਤੇ ਆਤਮਨਿਰਭਰ ਰਾਸ਼ਟਰ ਦੇ ਨਿਰਮਾਣ ਲਈ ਪ੍ਰੇਰਿਤ ਕਰਦਾ ਰਹੇਗਾ।'

- ਨਰੇਂਦਰ ਮੋਦੀ

CBC63101/13/0016/262

# ਡੀ.ਸੀ. ਦਫਤਰ ਮਾਲੇਰਕੋਟਲਾ ਦੇ ਕਰਮਚਾਰੀਆਂ ਨੇ ਫੂਕਿਆ ਡੀ.ਸੀ. ਦਾ ਪੁਤਲਾ

**☛ ਹੱਕੀ ਅਤੇ ਜਾਇਜ਼ ਮੰਗਾਂ ਨਾ ਮੰਨੇ ਜਾਣ ਦੇ ਰੋਸ ਵਜੋਂ ਵੱਖ ਵੱਖ ਜਥੇਬੰਦੀਆਂ ਨੇ ਕੀਤੀ ਹਮਾਇਤ**

ਮਾਲੇਰਕੋਟਲਾ :(ਮੁਨਸ਼ੀ ਫ਼ਾਰੂਕ ) ਡਿਪਟੀ ਕਮਿਸ਼ਨਰ, ਮਾਲੇਰਕੋਟਲਾ ਸ੍ਰੀ ਵਿਰਾਜ ਸ਼ਿਆਮਕਰਨ ਤਿੜਕੇ ਵੱਲੋਂ ਦਫਤਰੀ ਕਰਮਚਾਰੀਆਂ ਖਿ ?ਲਾਫ਼ ਵਰਤੀ ਜਾਂਦੀ ਇਤਰਾਜ਼ਯੋਗ ਸ਼ਬਦਾਵਲੀ ਅਤੇ ਦਫ਼ਤਰ ਦੇ ਕਰਮਚਾਰੀਆਂ ਖਿਲਾਫ ਕੀਤੀਆਂ ਗਈਆਂ ਨਾਜਾਇਜ਼ ਵਿਭਾਗੀ ਕਾਰਵਾਈਆਂ ਦੇ ਖਿਲਾਫ਼ ਡੀ.ਸੀ. ਦਫਤਰ ਇੰਪਲਾਇਜ਼ ਯੂਨੀਅਨ ਦੇ ਸੂਬਾ ਪ੍ਰਧਾਨ ਸ. ਤੇਜਿੰਦਰ ਸਿੰਘ ਨੰਗਲ ਦੀ ਅਗਵਾਈ ਹੇਠ ਅੱਜ ਡੀ.ਸੀ. ਦਫਤਰ, ਮਾਲੇਰਕੋਟਲਾ ਅਤੇ ਇਸ ਅਧੀਨ ਆਉਂਦੇ ਸਮੂਹ ਐਸ.ਡੀ.ਐਮ. ਦਫਤਰਾਂ ਅਤੇ ਤਹਿਸੀਲ ਦਫਤਰਾਂ ਦੇ ਸਟਾਫ ਤੋਂ ਇਲਾਵਾ ਪੀ.ਐਸ.ਐਮ.ਐਸ.ਯੂ., ਦੀ ਰੈਵੇਨਿਊ ਪਟਵਾਰ ਯੂਨੀਅਨ, ਸੀ.ਪੀ.ਐਫ. ਯੂਨੀਅਨ, ਪੰਜਾਬ ਤੋਂ ਇਲਾਵਾ ਵੱਖ—ਵੱਖ ਜਥੇਬੰਦੀਆਂ ਦੇ ਕਰਮਚਾਰੀਆਂ ਅਤੇ ਆਗੂਆਂ ਵੱਲੋਂ ਜ਼ਬਰਦਸਤ ਰੋਸ ਮੁਜ਼ਾਹਰਾ ਕੀਤਾ ਗਿਆ।ਇਸ ਮੌਕੇ ਸੰਬੋਧਨ ਕਰਦਿਆਂ ਸੂਬਾ ਪ੍ਰਧਾਨ ਸ੍ਰੀ ਤੇਜਿੰਦਰ ਸਿੰਘ ਨੰਗਲ ਨੇ ਕਿਹਾ ਕਿ ਪਿਛਲੇ ਕਾਫੀ ਸਮੇਂ ਤੋਂ ਡੀ.ਸੀ. ਦਫਤਰ ਕਰਮਚਾਰੀ ਯੂਨੀਅਨ ਮਾਲੇਰਕੋਟਲਾ ਦੇ ਪ੍ਰਧਾਨ ਸ੍ਰੀ ਸ਼ਰਨਵੀਰ ਸਿੰਘ ਨੂੰ ਗ਼ਲਤ ਢੰਗ ਨਾਲ ਚਾਰਜਸ਼ੀਟ ਕਰਨ ਅਤੇ ਕੁਝ ਹੋਰ ਕਰਮਚਾਰੀਆਂ ਦੀਆਂ ਸਾਲਾਨਾ ਗੁਪਤ ਰਿਪੋਰਟਾਂ ਗਲਤ ਲਿਖਣ ਸਬੰਧੀ ਡਿਪਟੀ ਕਮਿਸ਼ਨਰ, ਮਾਲੇਰਕੋਟਲਾ ਅਤੇ ਹੋਰ ਉਚ ਅਧਿਕਾਰੀਆਂ ਨੂੰ ਨਿੱਜੀ ਤੌਰ ਤੇ ਮਿਲ ਕੇ ਚਾਰਜਸ਼ੀਟ ਫਾਇਲ ਕਰਨ ਅਤੇ ਕਰਮਚਾਰੀਆਂ ਦੀਆਂ ਸਾਲਾਨਾ ਗੁਪਤ ਰਿਪੋਰਟਾਂ ਨੂੰ ਠੀਕ ਕਰਨ ਸਬੰਧੀ ਬੇਨਤੀ ਕੀਤੀ ਜਾ ਚੁੱਕੀ ਹੈ। ਉਨ੍ਹਾਂ ਕਿਹਾ ਕਿ ਪਰ ਐਨਾ ਸਮਾਂ ਬੀਤ ਜਾਣ ਦੇ ਬਾਵਜੂਦ ਲਾਰਿਆਂ ਤੋਂ ਇਲਾਵਾ ਜਥੇਬੰਦੀ ਨੂੰ ਕੁਝ ਵੀ ਹਾਸਲ ਨਹੀਂ ਹੋਇਆ।ਉਨ੍ਹਾਂ ਕਿਹਾ ਕਿ ਡੀ.ਸੀ. ਦਫਤਰ ਕਰਮਚਾਰੀ ਯੂਨੀਅਨ, ਪੰਜਾਬ ਦੇ ਕਿਸੇ ਵੀ ਕਰਮਚਾਰੀ ਨਾਲ ਅਜਿਹਾ ਨਾਜਾਇਜ਼ ਧੱਕਾ ਕਿਸੇ ਵੀ ਕੀਮਤ ਉਪਰ ਬਰਦਾਸ਼ਤ ਨਹੀਂ ਕਰੇਗੀ।ਉਨ੍ਹਾਂ ਕਿਹਾ ਕਿ ਡੀ.ਸੀ. ਮਾਲੇਰਕੋਟਲਾ ਦਾ ਰਵੱਈਆ ਨਾ ਸਿਰਫ਼ ਆਪਣੇ ਦਫਤਰ ਦੇ ਕਰਮਚਾਰੀਆਂ ਨਾਲ ਹੀ ਮਾੜਾ ਹੈ ਬਲਕਿ ਪਿਛਲੇ ਦਿਨੀਂ ਅਧਿਆਪਕ ਜਥੇਬੰਦੀ, ਵਕੀਲ ਸਾਹਿਬਾਨ ਅਤੇ ਪੱਤਰਕਾਰ ਭਾਈਚਾਰੇ ਵੱਲੋਂ ਵੀ ਡਿਪਟੀ ਕਮਿਸ਼ਨਰ, ਮਾਲੇਰਕੋਟਲਾ ਖਿ ?ਲਾਫ਼ ਜ਼ਬਰਦਸਤ ਰੋਸ ਪ੍ਰਦਰਸ਼ਨ ਕੀਤੇ ਜਾ ਚੁੱਕੇ ਹਨ।ਉਨ੍ਹਾਂ ਕਿਹਾ ਕਿ ਜਲਦੀ ਹੀ ਇਸ ਧਰਨੇ ਨੂੰ ਪਟਿਆਲਾ ਡਵੀਜ਼ਨ ਅਧੀਨ ਆਉਂਦੇ ਜ਼ਿਲ੍ਹਿਆਂ ਵਿਚ ਲਿਜਾਇਆ ਜਾਵੇਗਾ ਅਤੇ ਪਟਿਆਲਾ ਡਵੀਜ਼ਨ ਅਧੀਨ ਆਉਂਦੇ ਸਮੂਹ ਡੀ.ਸੀ. ਦਫਤਰਾਂ, ਐਸ.ਡੀ.ਐਮ. ਦਫਤਰਾਂ ਅਤੇ ਤਹਿਸੀਲ ਦਫਤਰਾਂ ਦੇ ਸਾਰੇ ਕਰਮਚਾਰੀ ਹੜਤਾਲ ਉਪਰ ਰਹਿਣਗੇ ਅਤੇ ਦਫਤਰ ਦਾ ਕੋਈ ਵੀ ਕੰਮ ਨਹੀਂ ਕਰਨਗੇ। ਉਹਨਾਂ ਕਿਹਾ ਕਿ ਜੇਕਰ ਫਿਰ ਵੀ ਡੀ.ਸੀ. ਮਾਲੇਰਕੋਟਲਾ ਦੇ ਕੰਨਾਂ ਤੇ ਜੂੰ ਨਹੀਂ ਸਰਕਦੀ ਤਾਂ ਇਸ ਧਰਨੇ ਨੂੰ ਅਗਲੇ ਹਫ਼ਤੇ ਤੋਂ ਪੰਜਾਬ ਪੱਧਰ ਉਪਰ ਲਿਜਾਇਆ ਜਾਵੇਗਾ ਅਤੇ ਇਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।ਉਹਨਾਂ ਸਪੱਸ਼ਟ ਕੀਤਾ ਕਿ ਗਲਤੀ ਲਈ ਸਜ਼ਾ ਭੁਗਤਣ ਲਈ ਤਿਆਰ ਹਨ ਪਰੰਤੂ ਨਾਜਾਇਜ਼ ਧੱਕਾ ਅਤੇ ਬਿਨਾਂ ਗਲਤੀ ਦੀ ਸਜ਼ਾ ਨੂੰ ਕਿਸੇ ਵੀ ਕੀਮਤ ਉਪਰ ਬਰਦਾਸ਼ਤ ਨਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਜਥੇਬੰਦੀ ਵੱਲੋਂ ਅਗਲੇ ਐਕਸ਼ਨ ਦਾ ਐਲਾਨ 4 ਅਕਤੂਬਰ ਨੂੰ ਕੀਤਾ ਜਾਵੇਗਾ। ਇਸ ਮੌਕੇ ਹੋਰਨਾਂ ਤੋਂ ਇਲਾਵਾ ਸ ?ੀ ਹਰਪ੍ਰੀਤ ਸਿੰਘ, ਜ਼ਿਲ੍ਹਾ ਪ੍ਰਧਾਨ, ਡੀ.ਸੀ.ਦਫਤਰ ਇੰਪਲਾਇਜ਼ ਯੂਨੀਅਨ, ਮਾਨਸਾ (ਮੈਂਬਰ ਸਟੇਟ ਬਾਡੀ), ਅਤੇ ਸੁਖਵਿੰਦਰ ਸਿੰਘ, ਜਨਰਲ ਸਕੱਤਰ (ਮਾਨਸਾ), ਆਸ਼ੂ ਵਰਮਾ, ਸਕੱਤਰ, ਡੀ.ਸੀ. ਦਫਤਰ ਇੰਪਲਾਇਜ਼ ਯੂਨੀਅਨ, ਫ਼ਤਿਹਗੜ੍ਹ ਸਾਹਿਬ, ਸ ?ੀ ਸੁਖਪਾਲ ਪੰਧੇਰ (ਲੁਧਿਆਣਾ), ਸ੍ਰੀ ਮੁਹੰਮਦ ਸ਼ਰੀਫ਼, ਜ਼ਿਲ੍ਹਾ ਪ੍ਰਧਾਨ, ਪੀ.ਐਸ.ਐਮ.ਐਸ.ਯੂ., ਸ ?ੀ ਕਮਲ ਸੰਧੂ, ਜਨਰਲ ਸਕੱਤਰ, ਪੀ.ਐਸ.ਐਮ.ਐਸ.ਯੂ., ਦੀ ਰੈਵੇਨਿਊ ਪਟਵਾਰ ਯੂਨੀਅਨ ਤੋਂ ਸ੍ਰੀ ਦੀਦਾਰ ਸਿੰਘ ਅਤੇ ਉਹਨਾਂ ਦੇ ਸਾਥੀ, ਸੀ.ਪੀ.ਐਫ. ਯੂਨੀਅਨ ਪੰਜਾਬ ਤੋਂ ਸ ?ੀ ਰਣਬੀਰ ਸਿੰਘ ਢੰਡੇ, ਮਿਉਂਸਪਲ ਕੌਂਸਲਰ ਅਤੇ ਉਘੇ ਸਮਾਜ ਸੇਵੀ ਸ੍ਰੀ ਮੁਨਸ਼ੀ ਫਾਰੂਕ ਅਤੇ ਹੋਰ ਵੱਖ—ਵੱਖ ਜਥੇਬੰਦੀਆਂ ਦੇ ਨੁਮਾਇੰਦਿਆਂ ਨੇ ਵੀ ਇਸ ਮੌਕੇ ਆਪਣੇ ਵਿਚਾਰ ਸਾਂਝੇ ਕੀਤੇ।

# ਪੀ.ਏ.ਯੂ. ਨੇ ਰਾਵੇ ਪ੍ਰੋਗਰਾਮ ਅਧੀਨ ਵੱਖ-ਵੱਖ ਸਮਾਰੋਹ ਆਯੋਜਿਤ ਕੀਤੇ

ਲੁਧਿਆਣਾ 01 ਅਕਤੂਬਰ, 2026 ਪੀ.ਏ.ਯੂ. ਦੇ ਪਸਾਰ ਸਿੱਖਿਆ ਵਿਭਾਗ ਦੇ ਮਾਹਿਰਾਂ ਨੇ ਵਿਦਿਆਰਥੀਆਂ ਸਮੇਤ ਰਾਵੇ ਪ੍ਰੋਗਰਾਮ ਅਧੀਨ ਪੇਂਡੂ ਖੇਤਰਾਂ ਵਿਚ ਜਾ ਕੇ ਵੱਖ-ਵੱਖ ਤਰ੍ਹਾਂ ਦੀ ਜਾਗਰੂਕਤਾ ਅਤੇ ਵਿਗਿਆਨਕ ਖੇਤੀ ਦੇ ਨਾਲ-ਨਾਲ ਖੇਡ ਗਤੀਵਿਧੀਆਂ ਦਾ ਪਸਾਰ ਕੀਤਾ। ਇਸੇ ਪ੍ਰਕਿਰਿਆ ਤਹਿਤ ਪਿੰਡ ਪਮਾਲ ਵਿਖੇ ਫਸਲੀ ਰਹਿੰਦ-ਖੂੰਹਦ ਦੀ ਸੰਭਾਲ ਲਈ ਜਾਗਰੂਕਤਾ ਕੈਂਪ ਆਯੋਜਿਤ ਕੀਤਾ ਗਿਆ। ਇਸ ਕੈਂਪ ਦੌਰਾਨ ਵਿਦਿਆਰਥੀਆਂ ਨੇ ਪੇਂਡੂ ਕਿਸਾਨਾਂ ਨੂੰ ਪਰਾਲੀ ਦੀ ਸੰਭਾਲ ਲਈ ਪੀ.ਏ.ਯੂ. ਵੱਲੋਂ ਸਿਫ਼ਾਰਸ਼ ਕੀਤੀਆਂ ਜਾਣ ਵਾਲੀਆਂ ਮਸ਼ੀਨਾਂ ਬਾਰੇ ਦੱਸਿਆ। ਨਾਲ ਹੀ ਉਹਨਾਂ ਨੇ ਮਿੱਟੀ ਦੀ ਸਿਹਤ ਸੁਧਾਰਨ ਅਤੇ ਜੈਵਿਕ ਮਾਦੇ ਦੀ ਭਰਪੂਰਤਾ ਲਈ ਪਰਾਲੀ ਨੂੰ ਹਰ ਹੀਲੇ ਖੇਤ ਵਿਚ ਵਾਹੁਣ ਦੀ ਤਜ਼ਵੀਜ ਕਿਸਾਨਾਂ ਨੂੰ ਕੀਤੀ। ਖੇਤੀ ਵਿਕਾਸ ਅਧਿਕਾਰੀ ਕੁਮਾਰੀ ਵੀਰਪਾਲ ਨੇ ਇਸ ਮੌਕੇ ਵੱਖ-ਵੱਖ ਸਰਕਾਰੀ ਯੋਜਨਾਵਾਂ ਬਾਰੇ ਭਰਪੂਰ ਰੂਪ ਵਿਚ ਜਾਣਕਾਰੀ ਦਿੱਤੀ। ਵਿਦਿਆਰਥੀਆਂ ਨੇ ਸਥਿਰ ਖੇਤੀ ਦੇ ਵਿਗਿਆਨਕ ਮਾਡਲ ਨੂੰ ਅਪਨਾਉਣ ਲਈ ਪਿੰਡ ਵਾਸੀਆਂ ਨੂੰ ਪ੍ਰੇਰਿਤ ਕੀਤਾ। ਪੀ.ਏ.ਯੂ. ਦੇ ਪਸਾਰ ਮਾਹਿਰ ਡਾ. ਲੋਪਾਮੁਦਰਾ ਮੋਹਪਾਤਰਾ ਨੇ ਇਸ ਮੌਕੇ ਯੂਨੀਵਰਸਿਟੀ ਵੱਲੋਂ ਕੀਤੇ ਜਾ ਰਹੇ ਕਾਰਜਾਂ ਦਾ ਜ਼ਿਕਰ ਕੀਤਾ ਅਤੇ ਕਿਸਾਨਾਂ ਨੂੰ ਲਗਾਤਾਰ ਪੀ.ਏ.ਯੂ. ਨਾਲ ਜੁੜੇ ਰਹਿਣ ਦੀ ਪੁਰਜ਼ਾ ਦਿੱਤੀ।ਪਸਾਰ ਸਿੱਖਿਆ ਵਿਭਾਗ ਵੱਲੋਂ ਹੀ ਕੀਤੇ ਜਾਣ ਵਾਲੇ ਇੱਕ ਹੋਰ ਸਮਾਰੋਹ ਤਹਿਤ ਵਿਸ਼ਵ ਦਿਲ ਦਿਹਾੜੇ ਮੌਕੇ ਸਰਕਾਰੀ ਹਾਈ ਸਕੂਲ ਹਰਨਾਮਪੁਰਾ ਵਿਖੇ ਰਨ ਫਾਰ ਹੈਲਥ ਦੌੜ ਦਾ ਆਯੋਜਨ ਕੀਤਾ ਗਿਆ। ਡਾ. ਦਵਿੰਦਰ ਸਿੰਘ ਦੀ ਨਿਰਦੇਸ਼ਨਾਂ ਹੇਠ ਹੋਏ ਇਸ ਸਮਾਗਮ ਵਿਚ ਰਾਵੇ ਦੇ ਵਿਦਿਆਰਥੀਆਂ ਨੇ ਸਰੀਰਕ ਗਤੀਵਿਧੀਆਂ ਬਾਰੇ ਪੇਂਡੂ ਲੋਕਾਂ ਨੂੰ ਜਾਗਰੂਕ ਕਰਵਾਇਆ। ਪੇਂਡੂ ਬੱਚਿਆਂ ਨੂੰ ਚੰਗੀ ਅਤੇ ਭਰਪੂਰ ਜ਼ਿੰਦਗੀ ਲਈ ਕਸਰਤ, ਸਰੀਰਕ ਫਿਟਨੈੱਸ ਅਤੇ ਸੰਤੁਲਿਤ ਜੀਣ ਢੰਗਾਂ ਦੀ ਮਹੱਤਤਾ ਤੋਂ ਜਾਣੂੰ ਕਰਾਇਆ ਗਿਆ। ਸ਼੍ਰੀਮਤੀ ਗੁਰਪ੍ਰੀਤ ਕੌਰ ਅਤੇ ਸ਼੍ਰੀ ਹਰਮੇਲ ਸਿੰਘ ਨੇ ਸਰਕਾਰੀ ਹਾਈ ਸਕੂਲ ਹਰਨਾਮਪੁਰਾ ਦੇ ਅਧਿਆਪਕਾਂ ਦੇ ਤੌਰ ਤੇ ਪੀ.ਏ.ਯੂ. ਵੱਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਦੀ ਸ਼ਲਾਘਾ ਕੀਤੀ।ਪਸਾਰ ਸਿੱਖਿਆ ਵਿਭਾਗ ਦੇ ਮੁਖੀ ਡਾ. ਵਿਪਨ ਰਾਮਪਾਲ ਨੇ ਵੱਖ-ਵੱਖ ਪਸਾਰ ਮਾਹਿਰਾਂ ਦੇ ਇਹਨਾਂ ਯਤਨਾਂ ਨੂੰ ਮੁੱਲਵਾਨ ਅਤੇ ਸ਼ਲਾਘਾਯੋਗ ਕਿਹਾ।

## ਸਵੱਛਤਾ ਹੀ ਸੇਵਾ 2026’ ਤਹਿਤ DAV GSSS ਕੈਂਪਸ ਵਿੱਚ ਵਿਸ਼ਾਲ ਸ਼੍ਰਮਦਾਨ ਮੁਹਿੰਮ

**NCC ਕੈਡਿਟਾਂ ਨੇ ਸਫ਼ਾਈ ਕਰਕੇ ਦਿੱਤਾ ‘ਸਵੱਛ ਕੈਂਪਸ, ਸਿਹਤਮੰਦ ਵਾਤਾਵਰਣ’ ਦਾ ਸੰਦੇਸ਼**

ਫਿਰੋਜ਼ਪੁਰ 1 ਅਕਤੂਬਰ (ਪਰੇਸ਼ ਕੁਮਾਰ ਡਿੰਪੀ)ਸਵੱਛਤਾ ਅਤੇ ਵਾਤਾਵਰਣ ਸੰਭਾਲ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ‘ਸਵੱਛਤਾ ਹੀ ਸੇਵਾ 2026’ ਮੁਹਿੰਮ ਤਹਿਤ ਇੱਕ ਦਿਨ, ਇੱਕ ਘੰਟਾ, ਇੱਕ ਸਾਥ ਅਭਿਆਨ ਅਧੀਨ DAV GSSS ਕੈਂਪਸ ਵਿੱਚ ਵਿਸ਼ਾਲ ਸ਼੍ਰਮਦਾਨ ਗਤੀਵਿਧੀ ਕਰਵਾਈ ਗਈ। ਇਸ ਮੌਕੇ ਸਕੂਲ ਦੇ ©33 ਕੈਡਿਟਾਂ ਨੇ ਉਤਸ਼ਾਹ ਨਾਲ ਹਿੱਸਾ ਲੈਂਦਿਆਂ ਸਫ਼ਾਈ ਮੁਹਿੰਮ ਨੂੰ ਸਫ਼ਲ ਬਣਾਇਆ ਇਹ ਸਫ਼ਾਈ ਮੁਹਿੰਮ ਸਕੂਲ ਦੀ ਪ੍ਰਿੰਸੀਪਲ ਸ੍ਰੀਮਤੀ ਨੀਰੂ ਗੁਪਤਾ, ANO ਲੈਫਟੀਨੈਂਟ ਚੰਚਲ ਰਾਣੀ ਅਤੇ ANO Bnd Officer ਸ੍ਰੀਮਤੀ ਯੋਗਿਤਾ ਦੀ ਅਗਵਾਈ ਹੇਠ ਕਰਵਾਈ ਗਈ। ਮੁਹਿੰਮ ਵਿੱਚ ਕੁੱਲ 43 ਭਾਗੀਦਾਰਾਂ, ਜਿਨ੍ਹਾਂ ਵਿੱਚ 14 SW ਅਤੇ 29 JW NCC ਕੈਡਿਟ ਸ਼ਾਮਲ ਸਨ, ਨੇ ਸਰਗਰਮੀ ਨਾਲ ਭਾਗ ਲਿਆ। ਸਵੇਰੇ 9:30 ਵਜੇ ਤੋਂ 10:30 ਵਜੇ ਤੱਕ ਚੱਲੀ Cleanliness Drive ਦੌਰਾਨ ਕੈਡਿਟਾਂ ਨੇ ਸਕੂਲ ਕੈਂਪਸ ਦੀ ਸਫ਼ਾਈ ਕੀਤੀ ਅਤੇ ਵਿਦਿਆਰਥੀਆਂ ਤੇ ਆਮ ਲੋਕਾਂ ਨੂੰ ਸਵੱਛਤਾ ਪ੍ਰਤੀ ਜਾਗਰੂਕ ਰਹਿਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਕੈਡਿਟਾਂ ਨੇ ਸਫ਼ਾਈ ਨੂੰ ਆਪਣੀ ਜ਼ਿੰਮੇਵਾਰੀ ਸਮਝਦਿਆਂ ਸਵੱਛ ਕੈਂਪਸ, ਸਿਹਤਮੰਦ ਵਾਤਾਵਰਣ ਦਾ ਸੰਦੇਸ਼ ਦਿੱਤਾ। ਪ੍ਰੋਗਰਾਮ ਦਾ ਮੁੱਖ ਉਦੇਸ਼ ਵਿਦਿਆਰਥੀਆਂ ਵਿੱਚ ਸਵੱਛਤਾ, ਜ਼ਿੰਮੇਵਾਰੀ ਅਤੇ ਸਾਂਝੀ ਭਾਗੀਦਾਰੀ ਦੀ ਭਾਵਨਾ ਨੂੰ ਮਜ਼ਬੂਤ ਕਰਨਾ ਰਿਹਾ।

## ਨੌਵੇਂ ਪਾਤਸ਼ਾਹ ਦੇ ਆਗਮਨ ਪੁਰਬ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਆਰੰਭ

ਪਟਿਆਲਾ 1 ਅਕਤੂਬਰ (ਰਾਜਿੰਦਰ ਸਿੰਘ ਥਿੰਦ ) ਨੌਵੇਂ ਪਾਤਸ਼ਾਹ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਇਤਿਹਾਸਕ ਗੁਰਦੁਆਰਾ ਸ੍ਰੀ ਮੋਤੀ ਬਾਗ ਸਾਹਿਬ ਵਿਖੇ ਗੁਰੂ ਸਾਹਿਬ ਜੀ ਦੇ ਆਗਮਨ ਪੁਰਬ ਨੂੰ ਸਮਰਪਿਤ ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭ ਕੀਤੇ ਗਏ, ਜਿਨ੍ਹਾਂ ਦੇ ਭਲਕੇ 3 ਅਕਤੂਬਰ ਨੂੰ ਸਵੇਰੇ ਗੁਰਦੁਆਰਾ ਸਾਹਿਬ ਵਿਖੇ ਹੀ ਪਾਏ ਜਾਣਗੇ. ਸ੍ਰੀ ਅਖੰਡ ਪਾਠ ਸਾਹਿਬ ਦੀ ਆਰੰਭਤਾ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਵੱਲੋਂ ਕੀਤੀ ਗਈ ਅਰਦਾਸ ਉਪਰੰਤ ਹੋਈ. ਇਸ ਮੌਕੇ ਉਚੇਚੇ ਤੌਰ ਸਾਬਕਾ ਪ੍ਰਧਾਨ ਪ੍ਰੋ. ਕਿਰਪਾਲ ਸਿੰਘ ਬਡੂੰਗਰ, ਗੁਰਦੁਆਰਾ ਪ੍ਰਬੰਧਕ ਮੈਨੇਜਰ ਭਾਗ ਸਿੰਘ ਆਦਿ ਸਖਸ਼ੀਅਤਾਂ ਪੁੱਜੀਆਂ ਸਨ. ਗੁਰੂ ਸਾਹਿਬ ਜੀ ਦੇ ਆਗਮਨ ਪੁਰਬ ਸਬੰਧੀ ਜਾਣਕਾਰੀ ਦਿੰਦਿਆਂ ਹੈਡ ਗ੍ਰੰਥੀ ਭਾਈ ਪ੍ਰਨਾਮ ਸਿੰਘ ਅਤੇ ਮੈਨੇਜਰ ਭਾਗ ਸਿੰਘ ਨੇ ਦੱਸਿਆ ਕਿ ਭਲਕੇ 2 ਅਕਤੂਬਰ ਨੂੰ ਗੁਰਦੁਆਰਾ ਪਾਤਸ਼ਾਹੀ ਨੌਵੀਂ ਬਹਾਦਰਗੜ੍ਹ ਸਾਹਿਬ ਤੋਂ ਮਹਾਨ ਨਗਰ ਕੀਰਤਨ ਸਜਾਇਆ ਜਾਵੇਗਾ, ਜੋ ਵੱਖ ਵੱਖ ਥਾਵਾਂ ਤੋਂ ਹੁੰਦਾ ਹੋਇਆ ਦੇਰ ਰਾਤ ਨੂੰ ਗੁਰਦੁਆਰਾ ਮੋਤੀ ਬਾਗ ਸਾਹਿਬ ਵਿਖੇ ਹੀ ਸਮਾਪਤ ਹੋਵੇਗਾ, ਜਿਥੇ 3 ਅਕਤੂਬਰ ਨੂੰ ਦੇਰ ਰਾਤ ਤੱਕ ਮਹਾਨ ਕੀਰਤਨ ਦਰਬਾਰ ਦਾ ਆਯੋਜਨ ਕੀਤਾ ਗਿਆ. ਉਨ੍ਹਾਂ ਦੱਸਿਆ ਕਿ ਮਹਾਨ ਕੀਰਤਨ ਦਰਬਾਰ ਵਿਚ ਸੱਚਖੰਡ ਸ੍ਰੀ ਦਰਬਾਰ ਸਾਹਿਬ ਦੇ ਹਜ਼ੂਰੀ ਰਾਗੀ ਸੰਗਤਾਂ ਨੂੰ ਗੁਰਬਾਣੀ ਕੀਰਤਨ ਨਾਲ ਨਿਹਾਲ ਕਰਨਗੇ. ਇਨ੍ਹਾਂ ਸਮਾਗਮਾਂ ਵਿਚ ਕਥਾ ਕੀਰਤਨ ਪ੍ਰਵਾਹ ਕਥਾਵਾਚਕ ਗਿਆਨੀ ਪ੍ਰਿਤਪਾਲ ਸਿੰਘ, ਭਾਈ ਭੁਪਿੰਦਰਪਾਲ ਸਿੰਘ ਵੱਲੋਂ ਕੀਤਾ ਜਾਵੇਗਾ. ਮੈਨੇਜਰ ਭਾਗ ਸਿੰਘ ਨੇ ਗੁਰੂ ਸਾਹਿਬ ਜੀ ਦੇ ਆਗਮਨ ਪੁਰਬ ਦੇ ਸਬੰਧ ਵਿਚ ਕਰਵਾਏ ਜਾ ਰਹੇ ਨਗਰ ਕੀਰਤਨ ਅਤੇ ਧਾਰਮਕ ਸਮਾਗਮ ਵਿਚ ਸੰਗਤਾਂ ਨੂੰ ਪੁੱਜਣ ਦੀ ਅਪੀਲ ਕੀਤੀ. ਇਸ ਮੌਕੇ ਹੋਰਨਾਂ ਤੋਂ ਇਲਾਵਾ ਮੀਤ ਮੈਨੇਜਰ ਜਸਵਿੰਦਰ ਸਿੰਘ, ਸਹਾਇਕ ਅਕਾਊਟੈਂਟ ਸਰਬਜੀਤ ਸਿੰਘ, ਭਾਈ ਹਜ਼ੂਰ ਸਿੰਘ, ਪ੍ਰਧਾਨ ਪ੍ਰੇਮ ਸਿੰਘ, ਸਿਮਰਨ ਗਰੇਵਾਲ ਤੋਂ ਇਲਾਵਾ ਸਿੰਘ ਸਭਾ ਸੁਸਾਇਟੀਆਂ ਦੇ ਅਹੁਦੇਦਾਰ ਆਦਿ ਸ਼ਾਮਲ ਸਨ

## ਓ.ਐਸ.ਡੀ. ਸੁਖਵੀਰ ਸਿੰਘ ਨੇ ਧੂਰੀ ਅਨਾਜ ਮੰਡੀ ‘ਚ ਝੋਨੇ ਦੀ ਖ਼ਰੀਦ ਸ਼ੁਰੂ ਕਰਵਾਈ, ਪ੍ਰਬੰਧਾਂ ਦਾ ਲਿਆ ਜਾਇਜ਼ਾ

ਧੂਰੀ, 1 ਅਕਤੂਬਰ:(ਜਸਪਾਲ ਸਰਾਓ) ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੇ ਓ.ਐਸ.ਡੀ. ਸੁਖਵੀਰ ਸਿੰਘ ਨੇ ਅੱਜ ਧੂਰੀ ਦੀ ਅਨਾਜ ਮੰਡੀ ਵਿਖੇ ਝੋਨੇ ਦੀ ਸਰਕਾਰੀ ਖ਼ਰੀਦ ਸ਼ੁਰੂ ਕਰਵਾਈ। ਇਸ ਮੌਕੇ ਮਾਰਕੀਟ ਕਮੇਟੀ ਧੂਰੀ ਦੇ ਚੇਅਰਮੈਨ ਰਾਜਵੰਤ ਸਿੰਘ ਘੁੱਲੀ, ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ ਰਛਪਾਲ ਸਿੰਘ ਭੁੱਲਰ,ਚੇਅਰਮੈਨ ਬਲਾਕ ਸੰਮਤੀ ਧੂਰੀ ਰਣਜੋਧ ਸਿੰਘ, ਗਗਨ ਜਵੰਧਾ, ਆੜ੍ਹਤੀ ਐਸੋਸੀਏਸ਼ਨ ਧੂਰੀ ਦੇ ਪ੍ਰਧਾਨ ਜਤਿੰਦਰ ਸਿੰਘ ਸੋਨੀ ਮੰਡੇਰ ਵੀ ਮੌਜੂਦ ਸਨ। ਇਸ ਮੌਕੇ ਉਨ੍ਹਾਂ ਕਿਸਾਨਾਂ, ਆੜ੍ਹਤੀਆਂ ਅਤੇ ਮੰਡੀ ਨਾਲ ਸਬੰਧਤ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਝੋਨੇ ਦੀ ਆਮਦ, ਖ਼ਰੀਦ ਅਤੇ ਲਿਫਟਿੰਗ ਸਬੰਧੀ ਪ੍ਰਬੰਧਾਂ ਬਾਰੇ ਜਾਣਕਾਰੀ ਹਾਸਲ ਕੀਤੀ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸਾਉਣੀ ਸੀਜ਼ਨ ਦੌਰਾਨ ਕਿਸਾਨਾਂ ਦੀ ਸਹੂਲਤ ਲਈ ਮੰਡੀਆਂ ਵਿੱਚ ਲੋੜੀਂਦੇ ਪ੍ਰਬੰਧ ਯਕੀਨੀ ਬਣਾਏ ਗਏ ਹਨ ਅਤੇ ਝੋਨੇ ਦੀ ਖ਼ਰੀਦ ਪ੍ਰਕਿਰਿਆ ਨੂੰ ਸੁਚਾਰੂ ਢੰਗ ਨਾਲ ਨੇਪਰੇ ਚਾੜ੍ਹਨ ਲਈ ਸਾਰੇ ਸਬੰਧਤ ਵਿਭਾਗਾਂ ਨੂੰ ਆਪਸੀ ਤਾਲਮੇਲ ਨਾਲ ਕੰਮ ਕਰਨ ਲਈ ਕਿਹਾ ਗਿਆ ਹੈ। ਓ.ਐਸ.ਡੀ. ਸੁਖਵੀਰ

# ਸ਼੍ਰੀਮਦ ਭਾਗਵਤ ਕਥਾ ਆਤਮਾ ਦੇ ਪਰਮ ਕਲਿਆਣ ਤੇ ਜੀਵਨ ਨੂੰ ਸਹੀ ਦਿਸ਼ਾ ਦੇਣ ਦੀ ਪਵਿੱਤਰ ਯਾਤਰਾ: ਸੀਐਮ ਸੈਣੀ

**ਚੰਡੀਗੜ੍ਹ, 1 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ):** ਹਰਿਆਣਾ ਦੇ ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਨੇ ਕਿਹਾ ਕਿ ਸ਼੍ਰੀਮਦ ਭਾਗਵਤ ਕਥਾ ਆਤਮਾ ਨੂੰ ਜਾਗਰੂਕ ਕਰਨ, ਜੀਵਨ ਨੂੰ ਸਹੀ ਮਾਰਗ ਦਿਖਾਉਣ ਅਤੇ ਸਮਾਜ ਵਿੱਚ ਸਦਭਾਵਨਾ ਅਤੇ ਧਰਮ ਦੀ ਸਥਾਪਨਾ ਦਾ ਮਾਧਿਅਮ ਹੈ। ਸ਼੍ਰੀਮਦ ਭਾਗਵਤ ਮਹਾਪੁਰਾਣ ਨੂੰ ਭਾਰਤੀ ਸੱਭਿਆਚਾਰ ਦਾ ਦਿਲ ਕਿਹਾ ਜਾਵੇ ਤਾਂ ਕੋਈ ਅਤਿਕਥਨੀ ਨਹੀਂ ਹੋਵੇਗੀ। ਭਗਵਾਨ ਸ਼੍ਰੀ ਕ੍ਰਿਸ਼ਨ ਦੀਆਂ ਲੀਲਾਵਾਂ ਰਾਹੀਂ ਇਸ ਵਿੱਚ ਜੀਵਨ ਦੇ ਗੂੜ੍ਹ ਸਤਿ, ਕਰਮ, ਭਗਤੀ, ਗਿਆਨ ਅਤੇ ਵੈਰਾਗ ਦਾ ਅਦਭੁਤ ਤਾਲਮੇਲ ਪੇਸ਼ ਕੀਤਾ ਗਿਆ ਹੈ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਵੀਰਵਾਰ ਨੂੰ ਪੰਜਾਬ ਦੇ ਪੰਜੋਲਾ (ਪਟਿਆਲਾ) ਵਿੱਚ ਆਯੋਜਿਤ ਸ਼੍ਰੀਮਦ ਭਾਗਵਤ ਕਥਾ ਨੂੰ ਸੰਬੋਧਨ ਕਰ ਰਹੇ ਸਨ। ਇਸ ਮੌਕੇ ਕਥਾ ਵਾਚਕ ਸ੍ਰੀ ਸੀਤਾਪਾਲ ਸ਼ਾਸਤਰੀ ਜੀ, ਸੰਤ-ਮਹਾਤਮਾ ਅਤੇ ਵੱਡੀ ਗਿਣਤੀ ਵਿੱਚ ਸ਼ਰਧਾਲੂ ਮੌਜੂਦ ਸਨ। ਉਨ੍ਹਾਂ ਕਿਹਾ ਕਿ ਸ਼੍ਰੀਮਦ ਭਾਗਵਤ ਕਥਾ ਆਤਮਾ ਦੇ ਪਰਮ ਕਲਿਆਣ ਦੀ ਪਵਿੱਤਰ ਯਾਤਰਾ ਹੈ। ਇਸ ਦਾ ਪ੍ਰਸੰਗ ਉਸ ਪਾਵਨ ਵੇਲੇ ਨਾਲ ਜੁੜਿਆ ਹੈ, ਜਦੋਂ ਮਹਿਰਸ਼ੀ ਵੇਦਵਿਆਸ ਦੇ ਪੁੱਤਰ ਭਗਵਾਨ ਸ਼ੁਕਦੇਵ ਜੀ ਨੇ ਗੰਗਾ ਦੇ ਪਾਵਨ ਤੱਟ 'ਤੇ ਮਹਾਰਾਜ ਪ੍ਰੀਖਿਤ ਨੂੰ ਇਹ ਕਥਾ ਸੁਣਾਈ ਸੀ। ਮੁੱਖ ਮੰਤਰੀ ਨੇ ਕਿਹਾ ਕਿ ਸ਼੍ਰੀਮਦ ਭਾਗਵਤ ਕਥਾ ਮਨੁੱਖ ਦੇ ਭੌਤਿਕ ਅਤੇ ਅਧਿਆਤਮਿਕ ਜੀਵਨ ਵਿਚਕਾਰ ਸੰਤੁਲਨ ਬਣਾਉਣ ਦਾ ਕੰਮ ਕਰਦੀ ਹੈ ਅਤੇ ਨੌਜਵਾਨ ਪੀੜ੍ਹੀ ਨੂੰ ਆਪਣੀ ਸੱਭਿਆਚਾਰਕ ਵਿਰਸੇ ਅਤੇ ਨੈਤਿਕ ਕਦਰਾਂ-ਕੀਮਤਾਂ ਨਾਲ ਜੋੜਦੀ ਹੈ। ਮੁੱਖ ਮੰਤਰੀ ਨੇ ਕਿਹਾ ਕਿ ਹਰਿਆਣਾ ਸਰਕਾਰ ਸੰਤਾਂ, ਮਹਾਪੁਰਸ਼ਾਂ ਅਤੇ ਸਾਡੇ ਸਨਾਤਨ ਸੱਭਿਆਚਾਰ ਦੇ ਵਿਚਾਰਾਂ ਨੂੰ ਘਰ-ਘਰ ਤੱਕ ਪਹੁੰਚਾਉਣ ਲਈ ਵਚਨਬੱਧ ਹੈ। ਰਾਜ ਵਿੱਚ 'ਸੰਤ-ਮਹਾਪੁਰਸ਼ ਵਿਚਾਰ ਪ੍ਰਸਾਰ ਅਤੇ ਸਨਮਾਨ ਯੋਜਨਾ' ਚਲਾਈ ਜਾ ਰਹੀ ਹੈ, ਜਿਸ ਤਹਿਤ ਮਹਾਨ ਸੰਤਾਂ, ਰਿਸ਼ੀਆਂ ਅਤੇ ਮਹਾਪੁਰਸ਼ਾਂ ਦੀਆਂ ਜਯੰਤੀਆਂ ਰਾਜ ਪੱਧਰ 'ਤੇ ਸ਼ਰਧਾ ਨਾਲ ਮਨਾਈਆਂ ਜਾਂਦੀਆਂ ਹਨ। ਉਨ੍ਹਾਂ ਕਿਹਾ ਕਿ ਭਗਵਾਨ ਸ਼੍ਰੀ ਕ੍ਰਿਸ਼ਨ ਦੇ ਮੁੱਖੋਂ ਨਿਕਲੇ ਗੀਤਾ ਦੇ ਅਮਰ ਸੰਦੇਸ਼ ਨੂੰ ਮਨੁੱਖ ਮਾਤਰ ਤੱਕ ਪਹੁੰਚਾਉਣ ਲਈ ਹਰ ਸਾਲ ਕੁਰੂਕਸ਼ੇਤਰ ਵਿੱਚ ਅੰਤਰਰਾਸ਼ਟਰੀ ਗੀਤਾ ਮਹਾਉਤਸਵ ਦਾ ਆਯੋਜਨ ਕੀਤਾ ਜਾਂਦਾ ਹੈ। ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਜੀ ਦੇ ਦੂਰਦਰਸ਼ੀ ਅਗਵਾਈ ਅਤੇ ਮਾਰਗਦਰਸ਼ਨ ਵਿੱਚ ਗੀਤਾ ਦਾ ਸਦੀਵੀ ਸੰਦੇਸ਼ ਅੱਜ ਵਿਸ਼ਵ ਪੱਧਰ 'ਤੇ ਆਪਣੀ ਪਛਾਣ ਬਣਾ ਚੁੱਕਾ ਹੈ। ਉਨ੍ਹਾਂ ਸ਼ਰਧਾਲੂਆਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਪਰਿਵਾਰ ਅਤੇ ਬੱਚਿਆਂ ਨਾਲ ਕੁਰੂਕਸ਼ੇਤਰ ਦੇ ਜਯੋਤੀਸਰ ਅਨੁਭਵ ਕੇਂਦਰ ਦਾ ਦੌਰਾ ਕਰਨ ਅਤੇ ਮਹਾਭਾਰਤ ਦੇ ਜੀਵੰਤ ਬਿਰਤਾਂਤ ਅਤੇ ਗੀਤਾ ਦੇ ਦਿਵ ਯ ਦਰਸ਼ਨ ਦੀ ਅਨੁਭੂਤੀ ਕਰਨ।

## ਚੰਡੀਗੜ੍ਹ ਯੂਨੀਵਰਸਿਟੀ ਨੇ 'ਸੀਈਓ ਅੰਡਰ ਫਾਇਰ ਐਕਸ' ਦੀ ਮੇਜ਼ਬਾਨੀ ਕੀਤੀ

**ਸ਼ਸ਼ੀ ਪਾਲ ਜੈਨ**

**ਖਰੜ, 1 ਅਕਤੂਬਰ:** ਵਿਦਿਆਰਥੀਆਂ ਨੂੰ ਸੰਕਟ ਪ੍ਰਬੰਧਨ ਲਈ ਲਾਗੂ ਸੂਝ ਅਤੇ ਵਿਹਾਰਕ ਹੁਨਰਾਂ ਨਾਲ ਲੈਸ ਕਰਨ ਲਈ, ਚੰਡੀਗੜ੍ਹ ਯੂਨੀਵਰਸਿਟੀ ਨੇ 'ਸੀਈਓ ਅੰਡਰ ਫਾਇਰ ਐਕਸ' ਦੀ ਮੇਜ਼ਬਾਨੀ ਕੀਤੀ, ਜੋ ਕਿ ਭਾਰਤ ਦੀ ਪਹਿਲੀ ਅਲਟੀਮੇਟ ਕਾਰਪੋਰੇਟ ਸੰਕਟ ਚੈਂਪੀਅਨਸ਼ਿਪ ਹੈ, ਜਿਸ ਵਿੱਚ ਦੇਸ਼ ਭਰ ਦੇ ਲਗਭਗ 150 ਸੰਸਥਾਵਾਂ ਦੇ ਪ੍ਰਬੰਧਨ ਵਿਦਿਆਰਥੀਆਂ ਨੂੰ ਇੱਕ ਇਮਰਸਿਵ ਪਲੇਟਫਾਰਮ ਲਈ ਇਕੱਠਾ ਕੀਤਾ ਗਿਆ ਹੈ ਤਾਂ ਜੋ ਉਹ ਇੱਕ ਗਤੀਸ਼ੀਲ ਕਾਰਪੋਰੇਟ ਵਾਤਾਵਰਣ ਵਿੱਚ ਦਬਾਅ ਹੇਠ ਉਨ੍ਹਾਂ ਦੀ ਆਲੋਚਨਾਤਮਕ ਸੋਚ, ਰਣਨੀਤਕ ਫੈਸਲੇ ਲੈਣ, ਸਮੱਸਿਆ ਹੱਲ ਕਰਨ, ਸਹਿਯੋਗ, ਲੀਡਰਸ਼ਿਪ ਅਤੇ ਕਾਰੋਬਾਰੀ ਸੰਚਾਰ ਹੁਨਰਾਂ ਦੀ ਜਾਂਚ ਕਰਨ ਲਈ ਸਿਮੂਲੇਟਡ ਉੱਚ-ਦਾਅ ਵਾਲੇ ਕਾਰੋਬਾਰੀ ਐਮਰਜੈਂਸੀ ਦਾ ਪ੍ਰਬੰਧਨ ਕਰਨ ਵਾਲੇ ਸੀਈਓ ਵਜੋਂ ਕੰਮ ਕਰ ਸਕਣ। ਸੀ.ਯੂ. ਦੇ 'ਯੂਨੀਵਰਸਿਟੀ ਸਕੂਲ ਆਫ ਬਿਜ਼ਨਸ' ਵੱਲੋਂ ਆਯੋਜਿਤ 'ਸੀ.ਈ.ਓ. ਅੰਡਰ ਫਾਇਰ ਐਕ ?ਸ÷ ਦੀ ਸ਼ੁਰੂਆਤ ਮੌਕੇ ਸ਼ਾਮਲ ਹੋਣ ਵਾਲੀਆਂ ਪ੍ਰਮੁੱਖ ਸ਼ਖਸੀਅਤਾਂ ਵਿੱਚ ਸ਼ਾਮ ਕੁਮਾਰ, ਗੌਰਵ ਮਲਿਕ , ਅਸਿਤ ਪ੍ਰਕਾਸ਼ ਸ਼ਰਮਾ, ਜ਼ੁਬੈਰ ਚੌਧਰੀ, ਵਾਤਸਲਯ ਚਤੁਰਵੇਦੀ, ਰੋਹਿਤ ਗੁਪਤਾ, ਪ੍ਰੋਫੈਸਰ (ਡਾ.) ਸਤਬੀਰ ਸਿੰਘ ਸਹਿਗਲ ਤੇ ਪ੍ਰੋਫੈਸਰ (ਡਾ.) ਨਿਲੇਸ਼ ਅਰੋੜਾ ਸ਼ਾਮਲ ਸਨ।

## ਪ੍ਰੈਸ ਦੇ ਜਾਅਲੀ ਕਾਰਡ ਇਸਤੇਮਾਲ ਕਰਕੇ ਕ੍ਰਿਕਟ ਦੇ ਮੈਚਾਂ ਸਬੰਧੀ ਸੱਟੇਬਾਜ਼ੀ ਕਰਨ ਵਾਲੇ 5 ਮੁਲਜਮ ਖਰੜ ਸਿਟੀ ਵਲੋਂ ਗ੍ਰਿਫਤਾਰ

**ਸ਼ਸ਼ੀ ਪਾਲ ਜੈਨ**

**ਖਰੜ, 1 ਅਕਤੂਬਰ:** ਖਰੜ ਸਿਟੀ ਪੁਲੀਸ ਨੇ ਕ੍ਰਿਕਟ ਦੇ ਮੈਚਾਂ ਸਬੰਧੀ ਸੱਟੇਬਾਜ਼ੀ ਕਰਨ ਵਾਲੇ ਬੁੱਕੀ ਦੇ ਤੌਰ ਤੇ ਕੰਮ ਕਰਦੇ ਹੋਏ ਲੋਕਾਂ ਨਾਲ ਵੱਡੇ ਪੱਧਰ ਤੇ ਧੋਖਾਧੜੀ ਤੇ ਜਾਲਸਾਜੀ ਕਰਨ ਵਾਲੇ 5 ਮੁਲਜਮਾਂ ਨੂੰ ਗਿ ?ਰਫਤਾਰ ਕੀਤਾ ਹੈ। ਅੱਜ ਖਰੜ ਵਿਖੇ ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਡੀ ਐਸ ਪੀ ਇਸ਼ਾਨ ਸਿੰਗਲਾ ਨੇ ਦੱਸਿਆ ਕਿ ਇੰਸਪੈਕਟਰ ਅਮਰਿਦਰ ਸਿੰਘ ਸਿੱਧੂ ਐਸ ਐਚ ਓ ਸਿਟੀ ਖਰੜ ਦੀ ਅਗਵਾਈ ਹੇਠ ਪੁਲੀਸ ਪਾਰਟੀ ਨੂੰ ਗੁਪਤ ਸੂਚਨਾ ਮਿਲੀ ਸੀ ਕਿ ਰਾਜੇਸ਼ ਕੁਮਾਰ ਆਪਣੇ ਸਾਥੀਆਂ ਸਮੇਤ ਅਮਨ ਗਰੀਨ ਸਿਟੀ ਖਰੜ ਵਿਖੇ ਸੱਟਾਬਾਜ਼ੀ ਕਰਦੇ ਹਨ ਅਤੇ ਇੱਕ ਫਲੈਟ ਵਿਚ ਮੌਜੂਦ ਹਨ। ਉਨਾਂ ਕੋਲ ਪੈ ?ਰਸ ਅਤੇ ਹੋਰ ਅਦਾਰਿਆਂ ਦੇ ਜਾਲੀ ਪਹਿਚਾਣ ਪੱਤਰ ਅਤੇ ਹੋਰ ਕਾਗਜਾਤ ਵੀ ਬਣਾਏ ਹੋਏ ਹਨ, ਉਨਾਂ ਕੋਲ ਵੱਡੀ ਮਾਤਰਾ ਵਿਚ ਸ਼ਰਾਬ ਵੀ ਰੱਖੀ ਹੋਈ ਹੈ। ਸੂਚਨਾ ਮਿਲਣ ਤੇ ਪੁਲੀਸ ਨੇ ਉਸ ਫਲੈਟ ਤੇ ਛਾਪਾ ਮਾਰਿਆ ਅਤੇ ਇਸ ਸਬੰਧੀ ਰਾਜੇਸ਼ ਕੁਮਾਰ , ਯੋਗੇਸ਼ ਕੁਮਾਰ, ਸੁਭਾਸ਼ ਕੁਮਾਰ, ਵਿਕਾਸ ਭੱਟੀ ਅਤੇ ਨਰੰਜਣ ਨੂੰ ਗਿ ?ਰਫਤਾਰ ਕੀਤਾ ਹੈ ਅਤੇ ਉਨਾਂ ਵਿਰੁੱਧ ਗੈਬਲਿੰਗ ਐਕਟ, ਐਕਸਾਈਜ ਐਕਟ ਅਤੇ ਬੀ ਐਨ ਐਸ ਦੀਆਂ ਕਈ ਧਾਰਾਵਾਂ ਅਧੀਨ ਕੇਸ ਦਰਜ ਕੀਤਾ ਹੈ। ਪੁਲੀਸ ਅਨੁਸਾਰ ਉਨਾਂ ਕੋਲੋਂ 24 ਮੋਬਾਇਲ ਫੋਨ, 1 ਕੀਪੈਡ ਫੋਨ, 4 ਲੈਪਟਾਪ, 2 ਟੈਬ, 40 ਸਿਮ ਕਾਰਡ, 18 ਏ ਟੀ ਐਮ ਕਾਰਡ, 4 ਸਟੈਂਪ, 4 ਪੈ ?ਰਸ ਕਾਰਡ, ਇੱਕ 45 ਬੋਰ ਲਾਇਸੈਂਸ ਰਿਵਾਲਵਰ, 8 ਵਿਸਕੀ ਦੀਆਂ ਬੋਤਲਾਂ, 10,7000 ਰੁਪਏ ਕੈਸ਼ ਅਤੇ 1 ਫਾਰਚੂਨ ਕਾਰ ਬਰਾਮਦ ਹੋਈ ਹੈ।

## ਮਹਾਰਾਜਾ ਅਜਮਿਧ ਦੇਵ ਜੀ ਦੇ ਜਨਮ ਦਿਵਸ 'ਤੇ ਸਰਕਾਰੀ ਛੁੱਟੀ

**ਸ਼ਸ਼ੀ ਪਾਲ ਜੈਨ**

**ਖਰੜ, 1 ਅਕਤੂਬਰ:** ਸਵਰਨਕਾਰ ਸਮਾਜ ਪੰਜਾਬ ਦੇ ਹੇਮਰਾਜ ਵਰਮਾ (ਸੂਬਾ ਪ੍ਰਧਾਨ), ਅੰਮ੍ਰਿਤ ਵਰਮਾ (ਸੂਬਾ ਜਨਰਲ ਸਕੱਤਰ) ਅਤੇ ਪਵਨ ਵਰਮਾ (ਸੂਬਾ ਮੀਡੀਆ ਇੰਚਾਰਜ) ਨੇ ਇੱਕ ਸਾਂਝੇ ਪ੍ਰੈਸ ਬਿਆਨ ਵਿੱਚ ਕਿਹਾ ਕਿ ਮਹਾਰਾਜਾ ਸ੍ਰੀ ਅਜਮਿਧ ਦੇਵ ਜੀ ਸਵਰਨਕਾਰ ਭਾਈਚਾਰੇ ਦੇ ਸਤਿਕਾਰਯੋਗ ਮੂਲ ਪੁਰਖ ਅਤੇ ਸ਼ਾਨਦਾਰ ਸੱਭਿਆਚਾਰਕ ਵਿਰਾਸਤ ਦੇ ਪ੍ਰਤੀਕ ਹਨ। ਉਨਾਂ ਦਾ ਜੀਵਨ ਧਰਮ-ਪਰਾਇਣਤਾ, ਸਖਤ ਮਿਹਨਤ, ਸਵੈ-ਮਾਣ, ਕਲਾਤਮਕ ਹੁਨਰ, ਸੇਵਾ ਅਤੇ ਸਮਾਜਿਕ ਏਕਤਾ ਲਈ ਪ੍ਰੇਰਨਾ ਦਾ ਸਰੋਤ ਹੈ। ਉਨਾਂ ਦੱਸਿਆ ਕਿ ਮਹਾਰਾਜਾ ਅਜਮਿਧ ਦੇਵ ਜੀ ਦਾ ਜਨਮ ਦਿਵਸ 26 ਅਕਤੂਬਰ 2026 ਨੂੰ ਆਉਂਦਾ ਹੈ ਇੱਕ ਅਜਿਹਾ ਦਿਨ ਜਿਸ ਲਈ ਪੰਜਾਬ ਸਰਕਾਰ ਪਹਿਲਾਂ ਹੀ ਮਹਾਰਿਸੀ ਵਾਲਮੀਕਿ ਜੀ ਦੇ ਜਨਮ ਦਿਵਸ ਵਜੋਂ ਜਨਤਕ ਛੁੱਟੀ ਦਾ ਐਲਾਨ ਕਰ ਚੁੱਕੀ ਹੈ। ਸਵਰਨਕਾਰ ਸਮਾਜ ਪੰਜਾਬ ਵੱਲੋਂ ਪੰਜਾਬ ਸਰਕਾਰ ਨੂੰ ਬੇਨਤੀ ਕਰਦੀ ਹੈ ਕਿ ਇਸ ਛੁੱਟੀ ਦੇ ਮੌਕੇ ਵਿੱਚ ਮਹਾਰਾਜਾ ਅਜਮਿਧ ਦੇਵ ਜੀ ਦੇ ਜਨਮ ਦਿਵਸ ਨੂੰ ਵੀ ਰਸਮੀ ਤੌਰ 'ਤੇ ਸ਼ਾਮਲ ਕੀਤਾ ਜਾਵੇ। ਭਾਈਚਾਰੇ ਦੇ ਅਹੁਦੇਦਾਰਾਂ ਨੇ ਕਿਹਾ ਕਿ ਇਹ ਉਪਰਾਲਾ ਸਵਰਨਕਾਰ ਭਾਈਚਾਰੇ ਦੀ ਸ਼ਾਨਦਾਰ ਵਿਰਾਸਤ, ਸੱਭਿਆਚਾਰਕ ਪਛਾਣ ਅਤੇ ਸਮਾਜਿਕ ਰੁਤਬੇ ਨੂੰ ਬਣਦੀ ਸਰਕਾਰੀ ਮਾਨਤਾ ਦਿਵਾਉਣ ਵੱਲ ਇੱਕ ਅਹਿਮ ਕਦਮ ਹੋਵੇਗਾ।

## ਏ.ਪੀ.ਜੇ. ਪਬਲਿਕ ਸਕੂਲ ਵੱਲੋਂ ਗਾਂਧੀ ਜਯੰਤੀ ਅਤੇ ਲਾਲ ਬਹਾਦੁਰ ਸਾਸਤਰੀ ਜਯੰਤੀ ਦਾ ਆਯੋਜਨ

**ਸ਼ਸ਼ੀ ਪਾਲ ਜੈਨ**

**ਖਰੜ, 1 ਅਕਤੂਬਰ:** ਏ.ਪੀ.ਜੇ. ਪਬਲਿਕ ਸਕੂਲ, ਮੁੰਡੀ ਖਰੜ ਵਿਖੇ ਗਾਂਧੀ ਜਯੰਤੀ ਅਤੇ ਲਾਲ ਬਹਾਦੁਰ ਸਾਸਤਰੀ ਜਯੰਤੀ ਬੜੇ ਉਤਸਾਹ ਅਤੇ ਸ਼ਰਧਾ ਨਾਲ ਮਨਾਈ ਗਈ। ਇਸ ਮੌਕੇ ਵਿਦਿਆਰਥੀਆਂ ਨੂੰ ਮਹਾਤਮਾ ਗਾਂਧੀ ਅਤੇ ਲਾਲ ਬਹਾਦੁਰ ਸਾਸਤਰੀ ਦੇ ਜੀਵਨ, ਵਿਚਾਰਾਂ, ਸਿਧਾਂਤਾਂ ਅਤੇ ਦੇਸ਼ ਪ੍ਰਤੀ ਯੋਗਦਾਨ ਤੋਂ ਜਾਣੂ ਕਰਵਾਇਆ ਗਿਆ। ਵਿਦਿਆਰਥੀਆਂ ਲਈ ਕਲਾਸ-ਵਾਈਜ ਵੱਖ-ਵੱਖ ਰਚਨਾਤਮਕ ਗਤੀਵਿਧੀਆਂ ਕਰਵਾਈਆਂ ਗਈਆਂ। ਜਮਾਤ ਪਹਿਲੀ ਦੇ ਵਿਦਿਆਰਥੀਆਂ ਨੇ ਚਰਖਾ ਬਣਾਇਆ ਅਤੇ ਕਵਿਤਾ/ਸੰਵਾਦ ਪੇਸ਼ ਕੀਤੇ। ਜਮਾਤ ਦੂਜੀ ਨੇ ਗਾਂਧੀ ਟੋਪੀ ਬਣਾਈ। ਜਮਾਤ ਤੀਜੀ ਨੇ 'ਤਿੰਨ ਬਾਂਦਰਾਂ' ਦੇ ਮਾਸਕ ਤਿਆਰ ਕੀਤੇ। ਜਮਾਤ ਚੌਥੀ ਨੇ ਗਾਂਧੀ ਜੀ ਦੀਆਂ ਵਸਤੂਆਂ ਦੀ ਚਿੱਤਰਕਾਰੀ ਕੀਤੀ ਅਤੇ ਜਮਾਤ ਪੰਜਵੀਂ ਨੇ ਗਾਂਧੀ ਜੀ ਦੇ ਜੀਵਨ ਅਤੇ ਸਿੱਖਿਆਵਾਂ ਨਾਲ ਸਬੰਧਤ ਨਾਅਰੇ ਲਿਖੇ। ਇਸੇ ਤਰਾਂ ਜਮਾਤ ਛੇਵੀਂ ਨੇ ਗਾਂਧੀ ਜਯੰਤੀ ਨਾਲ ਸਬੰਧਤ ਕੋਲਾਜ ਬਣਾਏ, ਜਮਾਤ ਸੱਤਵੀਂ ਨੇ ਸਵੱਛ ਭਾਰਤ ਅਭਿਆਨ ਨਾਲ ਸਬੰਧਤ ਬੈਜ ਤਿਆਰ ਕੀਤੇ, ਜਦਕਿ ਜਮਾਤ ਅੱਠਵੀਂ ਨੇ ਲਾਲ ਬਹਾਦੁਰ ਸਾਸਤਰੀ ਦੇ ਜੀਵਨ ਦੀਆਂ ਮਹੱਤਵਪੂਰਨ ਘਟਨਾਵਾਂ ਦਰਸਾਉਂਦੀ ਸਮਾਂ-ਰੇਖਾ ਤਿਆਰ ਕੀਤੀ। ਇਨਾਂ ਗਤੀਵਿਧੀਆਂ ਰਾਹੀਂ ਵਿਦਿਆਰਥੀਆਂ ਨੇ ਸੱਚ, ਅਹਿੰਸਾ, ਸਾਦਗੀ, ਅਨੁਸ਼ਾਸ਼ਨ, ਸਫਾਈ, ਦੇਸ਼-ਭਗਤੀ ਅਤੇ ਨਿਸਕਾਮ ਸੇਵਾ ਵਰਗੇ ਮੁੱਲਾਂ ਨੂੰ ਸਮਝਣ ਦਾ ਮੌਕਾ ਪ੍ਰਾਪਤ ਕੀਤਾ। ਇਹ ਸਮਾਗਮ ਵਿਦਿਆਰਥੀਆਂ ਲਈ ਸਿੱਖਿਆਦਾਇਕ ਅਤੇ ਯਾਦਗਾਰ ਰਿਹਾ।

## ਜਨਤਾ ਚੌਕ ਖਰੜ 'ਚ ਆਯੋਜਿਤ ਸ਼੍ਰੀਮਦ ਭਾਗਵਤ ਕਥਾ 'ਚ ਵੱਡੀ ਗਿਣਤੀ 'ਚ ਸਰਧਾਲੂਆਂ ਨੇ ਲਿਆ ਭਾਗ

**ਸ਼ਸ਼ੀ ਪਾਲ ਜੈਨ**

**ਖਰੜ 1 ਅਕਤੂਬਰ:** ਖਰੜ ਦੇ ਜਨਤਾ ਚੌਕ ਵਿਚ ਸ੍ਰੀ ਮਾਤਾ ਨੈਨਾ ਦੇਵੀ ਮੰਦਰ ਵਿਖੇ ਮਹੰਤ ਨਿਰਮਲ ਗਿਰੀ ਜੀ ਦੀ ਦੇਖ ਰੇਖ ਵਿਚ ਸ੍ਰੀਮਦ ਭਾਗਵਤ ਕਥਾ ਦਾ ਆਯੋਜਨ ਕੀਤਾ ਜਾ ਰਿਹਾ ਹੈ ਜੋ 3 ਅਕਤੂਬਰ ਤੱਕ ਚੱਲੇਗੀ। ਇਹ ਕਥਾ ਆਚਾਰਿਆ ਸੁਰਿੰਦਰ ਸਾਸਤਰੀ ਵਲੋਂ ਕੀਤੀ ਜਾ ਰਹੀ ਹੈ ਅਤੇ ਹਰਰੋਜ਼ 3 ਤੋਂ 7 ਵਜੇ ਤੱਕ ਆਯੋਜਿਤ ਹੁੰਦੀ ਹੈ। ਬੀਤੀ ਸ਼ਾਮ ਆਯੋਜਿਤ ਕਥਾ ਵਿਚ ਵੱਡੀ ਗਿਣਤੀ ਵਿਚ ਸਰਧਾਲੂਆਂ ਨੇ ਭਾਗ ਲਿਆ। 4 ਅਕਤੂਬਰ ਨੂੰ ਸਵੇਰੇ 7 ਵਜੇ ਤੋਂ 10 ਵਜੇ ਤੱਕ ਹਵਨ ਹੋਵੇਗਾ ਅਤੇ ਸਾਢੇ 12 ਵਜੇ ਤੱਕ ਪ੍ਰਵਚਨ ਹੋਵੇਗਾ ਅਤੇ ਇਸ ਉਪਰੰਤ ਭੰਡਾਰੇ ਦਾ ਆਯੋਜਨ ਕੀਤਾ ਜਾਵੇਗਾ।

## ਕਾਲਕਾ ਤੇ ਕਾਹਲੋਂ ਵੱਲੋਂ ਸੁਰਜੀਤ ਜੀਤੀ ਨੂੰ ਜਨਮ ਦਿਨ ਤੇ ਸ਼ੁਭ ਕਾਮਨਾਵਾਂ

**ਨਵੀਂ ਦਿੱਲੀ, 1 ਅਕਤੂਬਰ (ਦੇਸ਼ ਪ੍ਰਦੇਸ਼ ਬਿਊਰੋ):** ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਸਰਦਾਰ ਹਰਮੀਤ ਸਿੰਘ ਕਾਲਕਾ ਅਤੇ ਜਨਰਲ ਸਕੱਤਰ ਸਰਦਾਰ ਜਗਦੀਪ ਸਿੰਘ ਕਾਹਲੋਂ ਨੇ ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਕਾਰਜਕਾਰੀ ਮੈਂਬਰ ਸਰਦਾਰ ਸੁਰਜੀਤ ਸਿੰਘ ਜੀਤੀ ਨੂੰ ਉਨ੍ਹਾਂ ਦੇ ਜਨਮ ਦਿਨ ਮੌਕੇ ਦਿਲੋਂ ਮੁਬਾਰਕਬਾਦ ਅਤੇ ਸ਼ੁਭਕਾਮਨਾਵਾਂ ਦਿੱਤੀਆਂ। ਦਿੱਲੀ ਸਿੱਖ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਦੋਵਾਂ ਆਗੂਆਂ ਨੇ ਕਿਹਾ ਕਿ ਗੁਰੂ ਸਾਹਿਬ ਸਰਦਾਰ ਸੁਰਜੀਤ ਸਿੰਘ ਜੀਤੀ ਨੂੰ ਹਮੇਸ਼ਾ ਤੰਦਰੁਸਤੀ, ਲੰਮੀ ਉਮਰ, ਖੁਸ਼ੀਆਂ ਅਤੇ ਚੜ੍ਹਦੀ ਕਲਾ ਬਖ਼ਸ਼ਣ ਅਤੇ ਉਹ ਇਸੇ ਤਰ੍ਹਾਂ ਸਿੱਖ ਕੌਮ ਅਤੇ ਸਮਾਜ ਦੀ ਸੇਵਾ ਲਈ ਨਿਰੰਤਰ ਯੋਗਦਾਨ ਪਾਉਂਦੇ ਰਹਿਣ। ਉਨ੍ਹਾਂ ਨੇ ਅਰਦਾਸ ਕੀਤੀ ਕਿ ਗੁਰੂ ਸਾਹਿਬ ਦੀ ਕਿਰਪਾ ਸਦਾ ਉਨ੍ਹਾਂ ਅਤੇ ਉਨ੍ਹਾਂ ਦੇ ਪਰਿਵਾਰ 'ਤੇ ਬਣੀ ਰਹੇ

## ਕਿਸਾਨਾਂ ਦੀ ਫ਼ਸਲ ਦੀ ਖਰੀਦ ਲਈ ਮੰਡੀਆਂ ਵਿੱਚ ਪੁੱਜੇ ਰੰਧਾਵਾ

**ਡੇਰਾਬੱਸੀ, 1 ਅਕਤੂਬਰ (ਸੁਖਵਿੰਦਰ ਸੈਣੀ):** ਹਲਕਾ ਡੇਰਾਬੱਸੀ ਦੇ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਸਮਗੌਲੀ, ਧਨੌਨੀ ਅਤੇ ਅਮਲਾਲਾ ਦੀਆਂ ਅਨਾਜ ਮੰਡੀਆਂ ਵਿੱਚ ਝੋਨੇ ਦੀ ਸਰਕਾਰੀ ਖਰੀਦ ਸ਼ੁਰੂ ਕਰਵਾਈ। ਇਸ ਮੌਕੇ ਉਨ੍ਹਾਂ ਨੇ ਮੰਡੀ ਪ੍ਰਬੰਧਾਂ ਦਾ ਜਾਇਜ਼ਾ ਲੈਂਦਿਆਂ ਕਿਸਾਨਾਂ ਨਾਲ ਗੱਲਬਾਤ ਕੀਤੀ ਅਤੇ ਫ਼ਸਲ ਦੀ ਖਰੀਦ ਸਬੰਧੀ ਪ੍ਰਬੰਧਾਂ ਬਾਰੇ ਜਾਣਕਾਰੀ ਲਈ। ਵਿਧਾਇਕ ਰੰਧਾਵਾ ਨੇ ਕਿਹਾ ਕਿ ਝੋਨੇ ਦੀ ਫ਼ਸਲ ਕਿਸਾਨਾਂ ਦੀ ਮਹੀਨਿਆਂ ਦੀ ਸਖ਼ਤ ਮਿਹਨਤ ਦਾ ਨਤੀਜਾ ਹੈ ਅਤੇ ਇਸ ਦੀ ਨਿਰਵਿਘਨ ਖਰੀਦ ਯਕੀਨੀ ਬਣਾਉਣਾ ਬੇਹੱਦ ਜ਼

## ਸੰਪਾਦਕੀ

### ਮੌਸਮ ਦੀ ਚੁਣੌਤੀ

ਬੰਗਾਲ ਦੀ ਖਾੜੀ ਤੋਂ ਉੱਠੇ ਚੱਕਰਵਾਤ ਅਰਨਬ ਤੇ ਇਸ ਦੇ ਪ੍ਰਭਾਵ ਕਾਰਨ ਉੱਤਰ ਪ੍ਰਦੇਸ਼, ਬਿਹਾਰ, ਝਾਰਖੰਡ, ਉੱਤਰਾਖੰਡ, ਹਿਮਾਚਲ ਪ੍ਰਦੇਸ਼ ਸਮੇਤ ਦੇਸ਼ ਦੇ ਇਕ ਦਰਜਨ ਤੋਂ ਵੱਧ ਸੂਬਿਆਂ 'ਚ ਹੋਈ ਭਾਰੀ ਬਾਰਿਸ਼ ਨੇ ਆਮ ਲੋਕਾਂ ਲਈ ਤਾਂ ਸਮੱਸਿਆਵਾਂ ਪੈਦਾ ਕੀਤੀਆਂ ਹੀ, ਫ਼ਸਲਾਂ ਨੂੰ ਵੀ ਭਾਰੀ ਨੁਕਸਾਨ ਪਹੁੰਚਾਇਆ। ਕੁਝ ਸੂਬਿਆਂ 'ਚ ਲੋਕਾਂ ਦੀ ਜਾਨ ਵੀ ਗਈ। ਬੇਹੱਦ ਜ਼ਿਆਦਾ ਮੀਂਹ ਕਾਰਨ ਨਦੀਆਂ ਉਫ਼ਾਨ 'ਤੇ ਆ ਗਈਆਂ ਤੇ ਇਸ ਦੇ ਚਲਦਿਆਂ ਹੜ੍ਹਾਂ ਦਾ ਖ਼ਤਰਾ ਵੀ ਪੈਦਾ ਹੋ ਗਿਆ। ਮੌਸਮ 'ਚ ਅਚਾਨਕ ਇਹ ਅਣਕਿਆਸੀ ਤਬਦੀਲੀ ਇਸ ਲਈ ਵੀ ਆਈ, ਕਿਉਂਕਿ ਪੱਛਮੀ ਗੜਬੜੀ (ਵੈਸਟਰਨ ਡਿਸਟਰਬੈਂਸ) ਚੱਕਰਵਾਤੀ ਪ੍ਰਣਾਲੀ ਨਾਲ ਮਿਲ ਗਿਆ। ਇਹ ਪਹਿਲੀ ਵਾਰ ਨਹੀਂ ਹੈ ਜਦੋਂ ਦੇਸ਼ ਦੇ ਕੁਝ ਹਿੱਸਿਆਂ 'ਚ ਥੋੜ੍ਹੇ ਸਮੇਂ ਦੌਰਾਨ ਬੇਹੱਦ ਜ਼ਿਆਦਾ ਮੀਂਹ ਪਿਆ ਹੋਵੇ ਤੇ ਇਸ ਕਾਰਨ ਜਨਜੀਵਨ ਪ੍ਰਭਾਵਿਤ ਹੋਇਆ ਹੋਵੇ। ਪਿਛਲੇ ਕੁਝ ਸਾਲਾਂ ਤੋਂ ਅਜਿਹਾ ਵਾਰ-ਵਾਰ ਹੋਣ ਲੱਗਾ ਹੈ। ਇਸ ਦਾ ਮੁੱਖ ਕਾਰਨ ਜਲਵਾਯੂ ਤਬਦੀਲੀ ਹੈ। ਭਾਵੇਂ ਜਲਵਾਯੂ ਤਬਦੀਲੀ ਤੇ ਇਸ ਦੇ ਮਾੜੇ ਪ੍ਰਭਾਵਾਂ ਨੂੰ ਲੈ ਕੇ ਲੰਮੇ ਸਮੇਂ ਤੋਂ ਚਿੰਤਾ ਜਤਾਈ ਜਾ ਰਹੀ ਹੈ ਪਰ ਸਮੱਸਿਆ ਇਹ ਹੈ ਕਿ ਵਿਸ਼ਵ ਭਾਈਚਾਰਾ ਇਸ ਚੁਣੌਤੀ ਦਾ ਸਾਹਮਣਾ ਕਰਨ ਲਈ ਲੋੜੀਂਦੀ ਇਕਜੁੱਟਤਾ ਦਿਖਾਉਣ ਲਈ ਤਿਆਰ ਨਹੀਂ। ਇਹ ਸਥਿਤੀ ਉਸ ਸਮੇਂ ਹੈ, ਜਦੋਂ ਇਹ ਮੰਨਿਆ ਜਾ ਰਿਹਾ ਹੈ ਕਿ ਵਾਤਾਵਰਨ ਦੇ ਵਧ ਰਹੇ ਤਾਪਮਾਨ ਨੂੰ ਰੋਕਣ ਦਾ ਟੀਚਾ ਲਗਾਤਾਰ ਪਿੱਛੇ ਛੁੱਟਦਾ ਜਾ ਰਿਹਾ ਹੈ। ਇਹ ਕਹਿਣਾ ਮੁਸ਼ਕਲ ਹੈ ਕਿ ਵਿਸ਼ਵ ਭਾਈਚਾਰਾ ਜਲਵਾਯੂ ਤਬਦੀਲੀ ਤੋਂ ਪੈਦਾ ਹੋ ਰਹੀਆਂ ਚੁਣੌਤੀਆਂ ਦਾ ਸਾਹਮਣਾ ਕਰਨ ਲਈ ਕਦੋਂ ਕਮਰ ਕੱਸੇਗਾ? ਜਦੋਂ ਤੱਕ ਅਜਿਹਾ ਨਹੀਂ ਹੁੰਦਾ, ਉਦੋਂ ਤੱਕ ਕੇਂਦਰ ਤੇ ਸੂਬਾ ਸਰਕਾਰਾਂ ਨੂੰ ਜਲਵਾਯੂ ਤਬਦੀਲੀ ਦੇ ਰੂਪ 'ਚ ਬੇਹੱਦ ਜ਼ਿਆਦਾ ਮੀਂਹ ਵਰਗੀਆਂ ਆਫ਼ਤਾਂ ਦਾ ਸਾਹਮਣਾ ਕਰਨ ਲਈ ਲੋੜੀਂਦੀ ਤਿਆਰੀ ਅਤੇ ਪ੍ਰਬੰਧ ਕਰਨੇ ਪੈਣਗੇ। ਖ਼ਾਸ ਤੌਰ 'ਤੇ ਸੂਬਾ ਸਰਕਾਰਾਂ ਨੂੰ, ਕਿਉਂਕਿ ਅਕਸਰ ਇਹ ਦੇਖਣ 'ਚ ਆਉਂਦਾ ਹੈ ਕਿ ਉਹ ਆਫ਼ਤਾਂ ਨਾਲ ਨਜਿੱਠਣ ਲਈ ਆਪਣੀ ਤਿਆਰੀ ਜਾਂ ਲੋੜੀਂਦੇ ਪ੍ਰਬੰਧ ਕਰਨ ਦੀ ਬਜਾਏ ਕੇਂਦਰ ਸਰਕਾਰ ਤੋਂ ਮਿਲਣ ਵਾਲੀ ਮਦਦ ਵੱਲ ਹੀ ਵਧੇਰੇ ਤੱਕਦੀਆਂ ਰਹਿੰਦੀਆਂ ਹਨ। ਇਹ ਵੀ ਦੇਖਣ ਵਿੱਚ ਆ ਰਿਹਾ ਹੈ ਕਿ ਬੇਹੱਦ ਜ਼ਿਆਦਾ ਮੀਂਹ ਤੇ ਇਸ ਕਾਰਨ ਆਉਣ ਵਾਲੇ ਹੜ੍ਹਾਂ ਨਾਲ ਜਾਨ-ਮਾਲ ਦਾ ਜੋ ਨੁਕਸਾਨ ਹੁੰਦਾ ਹੈ, ਉਹ ਕਈ ਵਾਰ ਬੁਨਿਆਦੀ ਢਾਂਚੇ ਦੀ ਕਮਜ਼ੋਰੀ ਕਾਰਨ ਵੀ ਹੁੰਦਾ ਹੈ। ਹੁਣ ਜਦੋਂ ਇਹ ਖ਼ਦਸ਼ਾ ਵਧਦਾ ਜਾ ਰਿਹਾ ਹੈ ਕਿ ਮੌਸਮ 'ਚ ਅਣਕਿਆਸੀਆਂ ਤਬਦੀਲੀਆਂ ਹੁੰਦੀਆਂ ਰਹਿਣਗੀਆਂ, ਤਾਂ ਬੇਹੱਦ ਜ਼ਿਆਦਾ ਮੀਂਹ ਨਾਲ ਨਜਿੱਠਣ ਲਈ ਠੋਸ ਉਪਾਅ ਕਰਨ ਤੋਂ ਇਲਾਵਾ ਹੋਰ ਕੋਈ ਚਾਰਾ ਨਹੀਂ। ਤੇਜ਼ ਵਰਖਾ ਦੇ ਨਾਲ-ਨਾਲ ਘੱਟ ਵਰਖਾ ਨਾਲ ਨਜਿੱਠਣ ਲਈ ਵੀ ਉਪਾਅ ਕਰਨੇ ਪੈਣਗੇ, ਕਿਉਂਕਿ ਇੱਕ ਪਾਸੇ ਜਿੱਥੇ ਦੇਸ਼ ਦੇ ਕਈ ਸੂਬਿਆਂ ਨੂੰ ਭਾਰੀ ਮੀਂਹ ਦਾ ਸਾਹਮਣਾ ਕਰਨਾ ਪੈ ਰਿਹਾ ਹੈ, ਉੱਥੇ ਹੀ ਦੇਸ਼ ਦੇ ਕੁਝ ਹਿੱਸਿਆਂ ਅਤੇ ਖ਼ਾਸ ਤੌਰ 'ਤੇ ਮਹਾਰਾਸ਼ਟਰ ਵਿੱਚ ਸੋਕੇ ਦਾ ਸੰਕਟ ਉੱਭਰ ਰਿਹਾ ਹੈ। ਦੂਜੇ ਪਾਸੇ ਇਹ ਧਿਆਨ 'ਚ ਰੱਖਣਾ ਚਾਹੀਦਾ ਹੈ ਕਿ ਚਾਹੇ ਤੇਜ਼ ਮੀਂਹ ਹੋਵੇ ਜਾਂ ਘੱਟ ਮੀਂਹ, ਦੋਵੇਂ ਹੀ ਖੁਰਾਕ ਸੁਰੱਖਿਆ ਨੂੰ ਸੰਕਟ 'ਚ ਪਾਉਣ ਦਾ ਕੰਮ ਕਰਦੀਆਂ ਹਨ ਅਤੇ ਖੁਰਾਕ ਸੁਰੱਖਿਆ ਸਾਹਮਣੇ ਸੰਕਟ ਪੈਦਾ ਹੋਣ ਨਾਲ ਅਰਥਵਿਵਸਥਾ ਦੀਆਂ ਚੁਣੌਤੀਆਂ ਵੀ ਵਧਦੀਆਂ ਹਨ।

### ਜ਼ਿੰਦਗੀ ਹੱਸ ਕੇ ਕੱਟੋ ਜਾਂ ਰੋ ਕੇ—ਅੰਤ ਸਭ ਦਾ ਇੱਕੋ ਹੈ

ਜ਼ਿੰਦਗੀ ਮਿਲੀ ਹੈ ਤਾਂ ਇਸ ਨੂੰ ਹੱਸ ਕੇ ਜੀਓ ਜਾਂ ਹਾਲਾਤਾਂ ਅੱਗੇ ਰੋ ਕੇ ਕੱਟੋ, ਪਰ ਇਹ ਗੱਲ ਹਮੇਸ਼ਾ ਯਾਦ ਰੱਖਣੀ ਚਾਹੀਦੀ ਹੈ ਕਿ ਇੱਥੇ ਕੋਈ ਵੀ ਸਦਾ ਲਈ ਨਹੀਂ ਆਇਆ। ਜਿਸ ਸਿਕੰਦਰ ਨੇ ਦੁਨੀਆ ਜਿੱਤਣ ਦਾ ਸੁਪਨਾ ਦੇਖਿਆ, ਉਹ ਵੀ ਆਖ਼ਰ ਖਾਲੀ ਹੱਥ ਹੀ ਤੁਰ ਗਿਆ। ਜਿਸ ਕੋਲ ਬੇਅੰਤ ਦੌਲਤ ਸੀ, ਉਹ ਵੀ ਆਪਣੇ ਨਾਲ ਇੱਕ ਧੇਲਾ ਨਹੀਂ ਲੈ ਜਾ ਸਕਿਆ। ਇਨਸਾਨ ਸਾਰੀ ਉਮਰ ਧਨ, ਜਾਇਦਾਦ, ਉੱਚੇ ਮਹਿਲਾਂ ਅਤੇ ਦੁਨਿਆਵੀ ਰੁਤਬਿਆਂ ਦੇ ਪਿੱਛੇ ਭੱਜਦਾ ਰਹਿੰਦਾ ਹੈ। ਪਰ ਜਦੋਂ ਦਾਣਾ-ਪਾਣੀ ਮੁੱਕ ਜਾਂਦਾ ਹੈ ਤਾਂ ਇਹੀ ਮਹਲ-ਮੁਨਾਰੇ, ਇਹੀ ਦੌਲਤ ਅਤੇ ਇਹੀ ਸ਼ਾਨ-ਸ਼ੌਕਤ ਇੱਥੇ ਹੀ ਰਹਿ ਜਾਂਦੀ ਹੈ। ਨਾਲ ਜਾਂਦਾ ਹੈ ਤਾਂ ਸਿਰਫ਼ ਇਨਸਾਨ ਦੇ ਕਰਮ ਅਤੇ ਉਸ ਦੀ ਕਮਾਈ ਹੋਈ ਨੇਕੀ। ਇਸ ਲਈ ਐ ਮਨੁੱਖ! ਦੁਨੀਆ ਦੇ ਸਿਆਪਿਆਂ ਵਿੱਚ ਆਪਣੀ ਜ਼ਿੰਦਗੀ ਨਾ ਗੁਆ। ਕੁਝ ਪਲ ਆਪਣੇ ਅੰਦਰ ਝਾਤ ਮਾਰ, ਪਰਮਾਤਮਾ ਨੂੰ ਯਾਦ ਕਰ ਅਤੇ ਗੁਰੂਆਂ ਦੀ ਬਾਣੀ ਨਾਲ ਜੁੜ। ਬਾਣੀ ਮਨ ਨੂੰ ਉਹ ਸਕੂਨ ਦਿੰਦੀ ਹੈ ਜੋ ਦੁਨੀਆ ਦੀ ਕੋਈ ਦੌਲਤ ਨਹੀਂ ਦੇ ਸਕਦੀ। ਦੌਲਤ ਕਮਾਉਣਾ ਮਾੜਾ ਨਹੀਂ, ਪਰ ਦੌਲਤ ਨੂੰ ਆਪਣਾ ਸਭ ਕੁਝ ਸਮਝ ਲੈਣਾ ਭੁੱਲ ਹੈ। ਮਹਿਲ ਬਣਾਉਂਦੇ ਰਹੋ, ਪਰ ਮਨ ਵਿੱਚ ਨਿਮਰਤਾ ਦਾ ਘਰ ਵੀ ਬਣਾਓ। ਦੁਨੀਆਵੀ ਰਿਸ਼ਤੇ ਨਿਭਾਓ, ਪਰ ਉਸ ਮਾਲਕ ਨੂੰ ਨਾ ਭੁੱਲੋ ਜਿਸ ਦੇ ਹੁਕਮ ਤੋਂ ਬਿਨਾਂ ਪੱਤਾ ਵੀ ਨਹੀਂ ਹਿੱਲਦਾ। ਜਦੋਂ ਆਖ਼ਰੀ ਸਫ਼ਰ ਦਾ ਵੇਲਾ ਆਵੇਗਾ, ਨਾ ਮਹਿਲ ਨਾਲ ਜਾਣੇ ਨੇ, ਨਾ ਮੁਨਾਰੇ, ਨਾ ਧਨ-ਦੌਲਤ—ਨਾਲ ਜਾਣੀ ਹੈ ਤਾਂ ਸਿਰਫ਼ ਬੰਦਗੀ, ਨੇਕੀ ਅਤੇ ਸੱਚੇ ਕਰਮਾਂ ਦੀ ਕਮਾਈ। ਇਸ ਲਈ ਜ਼ਿੰਦਗੀ ਨੂੰ ਰੋ ਕੇ ਨਹੀਂ, ਰੱਬ ਦੀ ਰਜ਼ਾ ਵਿੱਚ ਰਹਿ ਕੇ ਹੱਸਦੇ-ਵੱਸਦੇ, ਨਾਮ ਜਪਦਿਆਂ ਅਤੇ ਗੁਰੂਆਂ ਦੀ ਬਾਣੀ ਨਾਲ ਜੁੜ ਕੇ ਬਿਤਾਉਣਾ ਹੀ ਅਸਲ ਦੌਲਤ ਹੈ।

# ਸਕਰੀਨ ਦੇ ਅੱਗੇ ਝੁਕਦਾ ਬਚਪਨ, ਕਮਜ਼ੋਰ ਹੁੰਦੀ ਰੀੜ੍ਹ




ਅੱਜਕੱਲ੍ਹ ਘਰਾਂ ਵਿੱਚ ਬੱਚਿਆਂ ਦਾ ਘੰਟਿਆਂ ਤੱਕ ਸਮਾਰਟਫੋਨ, ਟੈਬਲੇਟ ਜਾਂ ਲੈਪਟਾਪ ਦੇਖਣਾ ਆਮ ਦ੍ਰਿਸ਼ ਬਣ ਗਿਆ ਹੈ। ਕੋਈ ਬੱਚਾ ਆਨਲਾਈਨ ਪੜ੍ਹਾਈ ਕਰ ਰਿਹਾ ਹੈ, ਕੋਈ ਵੀਡੀਓ ਦੇਖ ਰਿਹਾ ਹੈ, ਕੋਈ ਗੇਮ ਖੇਡ ਰਿਹਾ ਹੈ ਅਤੇ ਕੋਈ ਸੋਸ਼ਲ ਮੀਡੀਆ 'ਤੇ ਸਮਾਂ ਬਿਤਾ ਰਿਹਾ ਹੈ। ਸਕਰੀਨ ਆਧੁਨਿਕ ਬਚਪਨ ਦਾ ਇੱਕ ਮਹੱਤਵਪੂਰਨ ਹਿੱਸਾ ਬਣ ਚੁੱਕੀ ਹੈ। ਤਕਨਾਲੋਜੀ ਨੇ ਸਿੱਖਿਆ ਅਤੇ ਸੰਚਾਰ ਦੇ ਖੇਤਰ ਵਿੱਚ ਬੇਹੱਦ ਲਾਭ ਪਹੁੰਚਾਏ ਹਨ। ਸਮੱਸਿਆ ਸਕਰੀਨ ਆਪਣੇ ਆਪ ਵਿੱਚ ਨਹੀਂ, ਸਗੋਂ ਇਸ ਗੱਲ ਵਿੱਚ ਹੈ ਕਿ ਬੱਚੇ ਇਸ ਦੀ ਵਰਤੋਂ ਕਿੰਨੇ ਸਮੇਂ ਲਈ ਕਰਦੇ ਹਨ, ਵਰਤੋਂ ਦੌਰਾਨ ਕਿਵੇਂ ਬੈਠਦੇ ਹਨ, ਕਿੰਨੀ ਵਾਰ ਹਿਲਦੇ-ਜੁਲਦੇ ਹਨ ਅਤੇ ਕੀ ਸਕਰੀਨ ਦੀ ਵਰਤੋਂ ਸਰੀਰਕ ਗਤੀਵਿਧੀ, ਬਾਹਰੀ ਖੇਡਾਂ ਅਤੇ ਪੂਰੀ ਨੀਂਦ ਦੀ ਥਾਂ ਲੈ ਰਹੀ ਹੈ। ਲੰਬੇ ਸਮੇਂ ਤੱਕ ਸਕਰੀਨ ਦੀ ਵਰਤੋਂ ਦਾ ਇੱਕ ਸਪੱਸ਼ਟ ਪ੍ਰਭਾਵ ਖਰਾਬ ਬੈਠਣ ਦੀ ਅਵਸਥਾ ਜਾਂ ਪੋਸਚਰ ਹੈ। ਬੱਚੇ ਅਕਸਰ ਗਰਦਨ ਨੂੰ ਅੱਗੇ ਅਤੇ ਹੇਠਾਂ ਝੁਕਾ ਲੈਂਦੇ ਹਨ, ਮੋਢਿਆਂ ਨੂੰ ਅੱਗੇ ਕਰ ਲੈਂਦੇ ਹਨ ਅਤੇ ਲੰਬੇ ਸਮੇਂ ਤੱਕ ਇੱਕੋ ਸਥਿਤੀ ਵਿੱਚ ਬੈਠੇ ਰਹਿੰਦੇ ਹਨ। ਸਮੇਂ ਦੇ ਨਾਲ ਅਜਿਹੀਆਂ ਆਦਤਾਂ ਗਰਦਨ, ਮੋਢਿਆਂ ਅਤੇ ਪਿੱਠ ਵਿੱਚ ਅਸੁਵਿਧਾ ਪੈਦਾ ਕਰ ਸਕਦੀਆਂ ਹਨ ਅਤੇ ਗਲਤ ਸਰੀਰਕ ਅਵਸਥਾ ਨੂੰ ਆਦਤ ਬਣਾ ਸਕਦੀਆਂ ਹਨ। ਇਹ ਮਾਮਲਾ ਇਸ ਲਈ ਵੀ ਮਹੱਤਵਪੂਰਨ ਹੈ ਕਿਉਂਕਿ ਬਚਪਨ ਸਰੀਰਕ ਵਿਕਾਸ ਦਾ ਮਹੱਤਵਪੂਰਨ ਦੌਰ ਹੈ। ਇਨ੍ਹਾਂ ਸਾਲਾਂ ਵਿੱਚ ਬਣੀਆਂ ਸਿਹਤਮੰਦ ਆਦਤਾਂ ਦਾ ਪ੍ਰਭਾਵ ਲੰਬੇ ਸਮੇਂ ਤੱਕ ਰਹਿ ਸਕਦਾ ਹੈ।

**ਪੋਸਚਰ ਦੀ ਸਮੱਸਿਆ**

ਜਦੋਂ ਬੱਚਾ ਮੋਬਾਈਲ ਫੋਨ ਵੱਲ ਦੇਖਣ ਲਈ ਸਿਰ ਹੇਠਾਂ ਝੁਕਾਉਂਦਾ ਹੈ ਤਾਂ ਗਰਦਨ ਅੱਗੇ ਵੱਲ ਆ ਜਾਂਦੀ ਹੈ। ਇਸ ਸਥਿਤੀ ਵਿੱਚ ਗਰਦਨ ਅਤੇ ਉੱਪਰਲੀ ਪਿੱਠ ਦੀਆਂ ਮਾਸਪੇਸ਼ੀਆਂ ਨੂੰ ਸਿਰ ਨੂੰ ਸੰਭਾਲਣ ਲਈ ਲਗਾਤਾਰ ਕੰਮ ਕਰਨਾ ਪੈਂਦਾ ਹੈ। ਸਮੱਸਿਆ ਉਦੋਂ ਵੱਧ ਸਕਦੀ ਹੈ ਜਦੋਂ ਬੱਚਾ ਲੰਬੇ ਸਮੇਂ ਤੱਕ ਬਿਨਾਂ ਹਿਲੇ-ਜੁਲੇ ਉਸੇ ਸਥਿਤੀ ਵਿੱਚ ਰਹਿੰਦਾ ਹੈ। ਬਿਸਤਰੇ 'ਤੇ ਲੇਟ ਕੇ ਮੋਬਾਈਲ ਦੇਖਣਾ, ਸੋਫੇ 'ਤੇ ਬੈਠ ਕੇ ਗੋਦ ਵਿੱਚ ਟੈਬਲੇਟ ਰੱਖਣਾ ਜਾਂ ਲੈਪਟਾਪ ਵਰਤਦੇ ਸਮੇਂ ਲਗਾਤਾਰ ਅੱਗੇ ਨੂੰ ਝੁਕਣਾ—ਇਹ ਸਾਰੀਆਂ ਸਥਿਤੀਆਂ ਲੰਬੇ ਸਮੇਂ ਲਈ ਢੁਕਵੀਆਂ ਨਹੀਂ ਹਨ। ਇਸ ਦਾ ਇਹ ਮਤਲਬ ਨਹੀਂ ਕਿ ਹਰ ਬੱਚੇ ਵਿੱਚ ਅਜਿਹੀ ਵਰਤੋਂ ਨਾਲ ਗੰਭੀਰ ਸਮੱਸਿਆ ਪੈਦਾ ਹੋਵੇਗੀ। ਪਰ ਲੰਬੇ ਸਮੇਂ ਤੱਕ ਇੱਕੋ ਸਥਿਤੀ ਵਿੱਚ ਰਹਿਣ ਨਾਲ ਮਾਸਪੇਸ਼ੀਆਂ ਅਤੇ ਜੋੜਾਂ 'ਤੇ ਬੇਲੋੜਾ ਦਬਾਅ ਪੈ ਸਕਦਾ ਹੈ ਅਤੇ ਸਰੀਰਕ ਅਸੁਵਿਧਾ ਵਧ ਸਕਦੀ ਹੈ। ਮੁੱਖ ਚਿੰਤਾ ਕਿਸੇ ਇੱਕ ਖਾਸ ਪੋਸਚਰ ਦੀ ਨਹੀਂ, ਸਗੋਂ ਲੰਬੇ ਸਮੇਂ ਤੱਕ ਬੈਠੇ ਰਹਿਣ, ਘੱਟ ਹਿਲਜੁਲ, ਗਲਤ ਸਰੀਰਕ ਵਿਕਾਸ ਦਾ ਮਹੱਤਵਪੂਰਨ ਦੌਰ ਹੈ। ਐਰਗੋਨੋਮਿਕਸ ਅਤੇ ਦੁਹਰਾਈਆਂ ਜਾਂਦੀਆਂ ਗਲਤ ਆਦਤਾਂ ਦੇ ਸੁਮੇਲ ਦੀ ਹੈ। ਇਨ੍ਹਾਂ ਸਾਲਾਂ ਵਿੱਚ ਬਣੀਆਂ ਸਿਹਤਮੰਦ ਆਦਤਾਂ ਦਾ ਪ੍ਰਭਾਵ ਲੰਬੇ ਸਮੇਂ ਤੱਕ ਰਹਿ ਸਕਦਾ ਹੈ।

**ਬੱਚੇ ਵਧੇਰੇ ਧਿਆਨ ਕਿਉਂ ਮੰਗਦੇ ਹਨ?**

ਬੱਚਿਆਂ ਦਾ ਸਰੀਰ ਵਿਕਾਸ ਅਧੀਨ ਹੁੰਦਾ ਹੈ। ਉਨ੍ਹਾਂ ਦੀਆਂ ਹੱਡੀਆਂ, ਮਾਸਪੇਸ਼ੀਆਂ, ਜੋੜ ਅਤੇ ਸਰੀਰਕ ਹਿਲਜੁਲ ਦੀਆਂ ਆਦਤਾਂ ਲਗਾਤਾਰ ਵਿਕਸਿਤ ਹੋ ਰਹੀਆਂ ਹੁੰਦੀਆਂ ਹਨ। ਇਸ ਦਾ ਇਹ ਅਰਥ ਨਹੀਂ ਕਿ ਆਮ ਸਕਰੀਨ ਵਰਤੋਂ ਬੱਚੇ ਦੀ ਗੰਭੀਰ ਨੁਕਸਾਨ ਪਹੁੰਚਾਏਗੀ। ਪਰ ਛੋਟੀ ਉਮਰ ਵਿੱਚ ਬਣੀਆਂ ਆਦਤਾਂ ਅੱਗੇ ਚੱਲ ਕੇ ਸਥਾਈ ਵਿਹਾਰ ਦਾ ਰੂਪ ਧਾਰ ਸਕਦੀਆਂ ਹਨ। ਜੇ ਕੋਈ ਬੱਚਾ ਹਰ ਰੋਜ਼ ਕਈ ਘੰਟੇ ਇੱਕੋ ਸਥਿਤੀ ਵਿੱਚ ਬੈਠਦਾ ਹੈ ਤਾਂ ਉਹ ਹੌਲੀ-ਹੌਲੀ ਆਪਣੇ ਪੋਸਚਰ ਅਤੇ ਸਰੀਰਕ ਹਿਲਜੁਲ ਪ੍ਰਤੀ ਘੱਟ ਜਾਗਰੂਕ ਹੋ ਸਕਦਾ ਹੈ। ਇਸ ਦੇ ਨਾਲ ਹੀ ਵਧਦੀ ਸਕਰੀਨ ਵਰਤੋਂ ਅਪਰੋਕਸ਼ ਤੌਰ 'ਤੇ ਸਰੀਰਕ ਸਿਹਤ ਨੂੰ ਪ੍ਰਭਾਵਿਤ ਕਰ ਸਕਦੀ ਹੈ, ਕਿਉਂਕਿ ਇਸ ਨਾਲ ਦੌੜਨ, ਸਾਈਕਲ ਚਲਾਉਣ, ਤੁਰਨ, ਖੇਡਣ ਅਤੇ ਬਾਹਰ ਸਮਾਂ ਬਿਤਾਉਣ ਦੇ ਮੌਕੇ ਘਟ ਸਕਦੇ ਹਨ। ਸਰੀਰਕ ਗਤੀਵਿਧੀ ਮਾਸਪੇਸ਼ੀਆਂ ਨੂੰ ਮਜ਼ਬੂਤ ਕਰਦੀ ਹੈ, ਸਰੀਰਕ ਤਾਲਮੇਲ ਸੁਧਾਰਦੀ ਹੈ ਅਤੇ ਸਿਹਤਮੰਦ ਵਿਕਾਸ ਵਿੱਚ ਮਦਦ ਕਰਦੀ ਹੈ। ਜਦੋਂ ਸਕਰੀਨ ਵਾਲੀਆਂ ਗਤੀਵਿਧੀਆਂ ਸਰੀਰਕ ਹਿਲਜੁਲ ਦੀ ਥਾਂ ਲੈ ਲੈਂਦੀਆਂ ਹਨ, ਤਾਂ ਬੱਚੇ ਸੰਤੁਲਿਤ ਜੀਵਨ-ਸ਼ੈਲੀ ਦੇ ਇੱਕ ਮਹੱਤਵਪੂਰਨ ਹਿੱਸੇ ਤੋਂ ਵਾਂਝੇ ਰਹਿ ਜਾਂਦੇ ਹਨ।

**ਮੁੱਦਾ ਸਿਰਫ਼ ਇਹ ਨਹੀਂ ਕਿ ਬੱਚੇ ਬੈਠਦੇ ਹਨ।**

ਬੈਠਣਾ ਮਨੁੱਖੀ ਜੀਵਨ ਦੀ ਇੱਕ ਆਮ ਗਤੀਵਿਧੀ ਹੈ। ਚਿੰਤਾ ਉਦੋਂ ਪੈਦਾ ਹੁੰਦੀ ਹੈ ਜਦੋਂ ਬੈਠਣਾ ਲੰਬੇ ਸਮੇਂ ਤੱਕ ਬਿਨਾਂ ਕਿਸੇ ਹਿਲਜੁਲ ਦੇ ਜਾਰੀ ਰਹੇ। ਇੱਥੋਂ ਤੱਕ ਕਿ ਸਹੀ ਪੋਸਚਰ ਵੀ ਜੇ ਕਈ ਘੰਟਿਆਂ ਤੱਕ ਬਿਨਾਂ ਬਦਲੇ ਕਾਇਮ ਰਹੇ ਤਾਂ ਸਰੀਰ ਲਈ ਥਕਾਵਟ ਵਾਲਾ ਹੋ ਸਕਦਾ ਹੈ। ਬੱਚਿਆਂ ਨੂੰ ਨਿਯਮਿਤ ਤੌਰ 'ਤੇ ਖੜ੍ਹੇ ਹੋਣ, ਤੁਰਨ, ਹਲਕੀਆਂ ਕਸਰਤਾਂ ਕਰਨ, ਖਿੱਚਾਅ ਕਰਨ ਅਤੇ ਆਪਣੀ ਸਥਿਤੀ ਬਦਲਣ ਦੇ ਮੌਕੇ ਮਿਲਣੇ ਚਾਹੀਦੇ ਹਨ।

**ਐਰਗੋਨੋਮਿਕਸ ਵੀ ਮਹੱਤਵਪੂਰਨ ਹਨ**

ਬੱਚਿਆਂ ਨੂੰ ਸਕਰੀਨ ਅਤੇ ਪੜ੍ਹਾਈ ਦੀ ਥਾਂ ਨੂੰ ਸਹੀ ਢੰਗ ਨਾਲ ਵਿਵਸਥਿਤ ਕਰਨਾ ਸਿਖਾਉਣਾ ਚਾਹੀਦਾ ਹੈ। ਕੰਪਿਊਟਰ ਵਰਤਦੇ ਸਮੇਂ ਸਕਰੀਨ ਅਜਿਹੀ ਉਚਾਈ 'ਤੇ ਹੋਵੇ ਕਿ ਬੱਚੇ ਨੂੰ ਲਗਾਤਾਰ ਗਰਦਨ ਹੇਠਾਂ ਨਾ ਝੁਕਾਉਣੀ ਪਵੇ। ਕੁਰਸੀ ਅਤੇ ਮੇਜ਼ ਬੱਚੇ ਦੀ ਲੰਬਾਈ ਅਨੁਸਾਰ ਹੋਣ। ਪੈਰਾਂ ਨੂੰ ਢੁਕਵਾਂ ਸਹਾਰਾ ਮਿਲੇ ਅਤੇ ਬੱਚਾ ਲਗਾਤਾਰ ਅੱਗੇ ਵੱਲ ਝੁਕ ਕੇ ਨਾ ਬੈਠੇ। ਮੋਬਾਈਲ ਫੋਨ ਅਤੇ ਟੈਬਲੇਟ ਵਰਤਦੇ ਸਮੇਂ ਡਿਵਾਈਸ ਨੂੰ ਅੱਖਾਂ ਦੇ ਨੇੜੇ ਉਚਿਤ ਉਚਾਈ 'ਤੇ ਰੱਖਣਾ ਗਰਦਨ ਨੂੰ ਬਹੁਤ ਜ਼ਿਆਦਾ ਹੇਠਾਂ ਝੁਕਾਉਣ ਤੋਂ ਬਚਾ ਸਕਦਾ ਹੈ। ਰੋਸ਼ਨੀ ਵੀ ਮਹੱਤਵਪੂਰਨ ਹੈ। ਸਕਰੀਨ 'ਤੇ ਚਮਕ ਜਾਂ ਪ੍ਰਤੀਬਿੰਬ ਹੋਣ ਕਾਰਨ ਬੱਚਾ ਸਕਰੀਨ ਦੇ ਨੇੜੇ ਝੁਕ ਸਕਦਾ ਹੈ। ਆਰਾਮਦਾਇਕ ਫਰਨੀਚਰ ਲਾਭਦਾਇਕ ਹੈ, ਪਰ ਕੇਵਲ ਫਰਨੀਚਰ ਸਮੱਸਿਆ ਦਾ ਹੱਲ ਨਹੀਂ ਹੈ। ਚੰਗੇ ਐਰਗੋਨੋਮਿਕਸ ਦੇ ਨਾਲ ਨਿਯਮਿਤ ਹਿਲਜੁਲ ਵੀ ਜ਼ਰੂਰੀ ਹੈ।

**ਬਰੇਕ ਲੈਣਾ ਜ਼ਰੂਰੀ ਹੈ**

ਲੰਬੇ ਅਤੇ ਲਗਾਤਾਰ ਸਕਰੀਨ ਸੈਸ਼ਨਾਂ ਤੋਂ ਬਚਣਾ ਚਾਹੀਦਾ ਹੈ। ਬੱਚਿਆਂ ਨੂੰ ਨਿਯਮਿਤ ਤੌਰ 'ਤੇ ਉੱਠ ਕੇ ਹਿਲਣ-ਜੁਲਣ ਲਈ ਪ੍ਰੇਰਿਤ ਕਰਨਾ ਚਾਹੀਦਾ ਹੈ। ਉਹ ਕੁਝ ਸਮੇਂ ਲਈ ਖੜ੍ਹੇ ਹੋ ਸਕਦੇ ਹਨ, ਤੁਰ ਸਕਦੇ ਹਨ, ਹਲਕਾ ਖਿੱਚਾਅ ਕਰ ਸਕਦੇ ਹਨ ਜਾਂ ਪਾਣੀ ਪੀ ਸਕਦੇ ਹਨ। ਗੇਮ ਖੇਡਣ ਸਮੇਂ ਇਹ ਹੋਰ ਵੀ ਜ਼ਰੂਰੀ ਹੈ, ਕਿਉਂਕਿ ਬੱਚੇ ਗੇਮ ਵਿੱਚ ਇੰਨੇ ਮਗਨ ਹੋ ਜਾਂਦੇ ਹਨ ਕਿ ਉਨ੍ਹਾਂ ਨੂੰ ਸਮੇਂ ਦਾ ਪਤਾ ਨਹੀਂ ਲੱਗਦਾ। ਮਾਪੇ ਹਿਲਜੁਲ ਨੂੰ ਸਜ਼ਾ ਵਜੋਂ ਨਹੀਂ, ਸਗੋਂ ਰੋਜ਼ਾਨਾ ਦੀ ਸਿਹਤਮੰਦ ਰੁਟੀਨ ਦਾ ਹਿੱਸਾ ਬਣਾਉਣ।

**ਬਾਹਰ ਖੇਡਣਾ ਸਿਰਫ਼ ਕਸਰਤ ਨਹੀਂ**

ਬਾਹਰੀ ਖੇਡਾਂ ਸਿਰਫ਼ ਸਰੀਰਕ

# ਜਲੰਧਰ ਰਾਈਸ ਇੰਡਸਟਰੀਜ਼ ਐਸੋਸੀਏਸ਼ਨ ਦੀ ਕਮਾਨ ਕਪਿਲ ਗਰਗ ਦੇ ਹੱਥਾਂ 'ਚ, ਸਰਬਸੰਮਤੀ ਨਾਲ ਚੁਣੇ ਗਏ ਜ਼ਿਲ੍ਹਾ ਪ੍ਰਧਾਨ

ਨਕੋਦਰ 1 ਅਕਤੂਬਰ (ਚੇਤਨ ਗਗਨ) ਆਉਣ ਵਾਲੇ ਝੋਨਾ ਸੀਜ਼ਨ 2026-27 ਦੌਰਾਨ ਚੌਲ ਉਦਯੋਗ ਨੂੰ ਦਰਪੇਸ਼ ਗੰਭੀਰ ਸਮੱਸਿਆਵਾਂ ਅਤੇ ਚੁਣੌਤੀਆਂ ਬਾਰੇ ਵਿਚਾਰ-ਵਟਾਂਦਰੇ ਲਈ ਨਕੋਦਰ ਵਿਖੇ ਜ਼ਿਲ੍ਹਾ ਭਰ ਦੇ ਰਾਈਸ ਮਿੱਲਰਾਂ ਦੀ ਇੱਕ ਅਹਿਮ ਮੀਟਿੰਗ ਆਯੋਜਿਤ ਕੀਤੀ ਗਈ। ਨਕੋਦਰ, ਮਹਿਤਪੁਰ, ਸ਼ਾਹਕੋਟ, ਫਿਲੌਰ, ਗੋਰਾਇਆ, ਨੂਰਮਹਿਲ ਅਤੇ ਲੋਹੀਆਂ ਦੇ ਮਿੱਲਰਾਂ ਨੇ ਵੱਡੀ ਗਿਣਤੀ ਵਿੱਚ ਸ਼ਮੂਲੀਅਤ ਕੀਤੀ। ਮੀਟਿੰਗ ਦੌਰਾਨ ਹਾਜ਼ਰ ਸਮੂਹ ਮਿੱਲਰਾਂ ਨੇ ਪੰਜਾਬ ਰਾਈਸ ਇੰਡਸਟਰੀਜ਼ ਐਸੋਸੀਏਸ਼ਨ ਦੇ ਸੂਬਾ ਪ੍ਰਧਾਨ ਭਾਰਤ ਭੂਸ਼ਣ ਬਿੰਟਾ ਦੀ ਰਹਿਨੁਮਾਈ ਹੇਠ ਸਰਬਸੰਮਤੀ ਨਾਲ ਕਪਿਲ ਗਰਗ ਨੂੰ ਜਲੰਧਰ ਰਾਈਸ ਇੰਡਸਟਰੀਜ਼ ਐਸੋਸੀਏਸ਼ਨ ਦਾ ਨਵਾਂ ਜ਼ਿਲ੍ਹਾ ਪ੍ਰਧਾਨ ਚੁਣਿਆ। ਸਟੋਰੇਜ ਸਪੇਸ ਦੀ ਘਾਟ ਅਤੇ ਹਾਈਬ੍ਰਿਡ ਝੋਨੇ ਦੀ ਟੁੱਟ ਮੁੱਖ ਚਿੰਤਾਵਾਂ: ਮੀਟਿੰਗ ਵਿੱਚ ਮਿੱਲਰਾਂ ਨੇ ਸੀਜ਼ਨ ਦੀ ਸ਼ੁਰੂਆਤ ਤੋਂ ਪਹਿਲਾਂ ਉਦਯੋਗ ਨਾਲ ਜੁੜੀਆਂ ਤਕਨੀਕੀ ਅਤੇ ਬੁਨਿਆਦੀ ਸਮੱਸਿਆਵਾਂ 'ਤੇ ਡੂੰਘਾ ਮੰਥਨ ਕੀਤਾ। ਇਸ ਦੌਰਾਨ ਮੁੱਖ ਤੌਰ 'ਤੇ ਚੌਲ ਦੀ ਡਿਲਿਵਰੀ ਲਈ ਲੋੜੀਂਦੀ ਸਟੋਰੇਜ ਅਤੇ ਸਪੇਸ ਦੀ ਘਾਟ ਦਾ ਮੁੱਦਾ ਛਾਇਆ ਰਿਹਾ। ਹਾਈਬ੍ਰਿਡ ਝੋਨੇ ਵਿੱਚ ਬਹੁਤ ਜ਼ਿਆਦਾ ਬਰੋਕਨ (ਟੁੱਟ) ਆਉਣ ਕਾਰਨ ਮਿਲਿੰਗ ਅਤੇ ਨਿਰਧਾਰਤ ਮਾਪਦੰਡਾਂ ਨੂੰ ਪੂਰਾ ਕਰਨ ਵਿੱਚ ਪੇਸ਼ ਆ ਰਹੀਆਂ ਦਿੱਕਤਾਂ ਅਤੇ 10% ਇੰਪੁਰੂਵਡ ਰਾਈਸ ਤਿਆਰ ਕਰਨ ਨਾਲ ਸਬੰਧਤ ਨਿਯਮਾਂ 'ਤੇ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ। ਮੈਂਬਰਾਂ ਨੇ ਇੱਕਸੁਰ ਹੋ ਕੇ ਮੰਗ ਕੀਤੀ ਕਿ ਇਨ੍ਹਾਂ ਤਕਨੀਕੀ ਅੜਿੱਕਿਆਂ ਦਾ ਵਿਹਾਰਕ ਹੱਲ ਕੱਢਣਾ ਬਹੁਤ ਜ਼ਰੂਰੀ ਹੈ ਤਾਂ ਜੋ ਆਉਣ ਵਾਲੇ ਸੀਜ਼ਨ ਦੌਰਾਨ ਮਿੱਲਰਾਂ ਨੂੰ ਆਰਥਿਕ ਨੁਕਸਾਨ ਨਾ ਝੱਲਣਾ ਪਵੇ। ਨਵ-ਨਿਯੁਕਤ ਪ੍ਰਧਾਨ ਨੂੰ ਦਿੱਤੀ ਵਧਾਈ, ਜਲਦ ਹੋਵੇਗਾ ਬਾਕੀ ਬਾਡੀ ਦਾ ਗਠਨ: ਇਸ ਦੌਰਾਨ ਹਾਜ਼ਰ ਸਾਰੇ ਮੈਂਬਰਾਂ ਨੇ ਨਵ-ਨਿਯੁਕਤ ਜ਼ਿਲ੍ਹਾ ਪ੍ਰਧਾਨ ਸ਼੍ਰੀ ਕਪਿਲ ਗਰਗ ਜੀ ਨੂੰ ਵਧਾਈ ਦਿੱਤੀ ਅਤੇ ਵਿਸ਼ਵਾਸ ਪ੍ਰਗਟਾਇਆ ਕਿ ਉਹ ਜ਼ਿਲ੍ਹੇ ਦੇ ਮਿੱਲਰਾਂ ਦੀਆਂ ਸਮੱਸਿਆਵਾਂ ਅਤੇ ਚਿੰਤਾਂ ਦੀ ਮਜ਼ਬੂਤ ਆਵਾਜ਼ ਬਣ ਕੇ ਸਰਕਾਰ ਅਤੇ ਸਬੰਧਤ ਵਿਭਾਗਾਂ ਅੱਗੇ ਪ੍ਰਭਾਵਸ਼ਾਲੀ ਢੰਗ ਨਾਲ ਰੱਖਣਗੇ। ਆਪਣੀ ਨਿਯੁਕਤੀ 'ਤੇ ਧੰਨਵਾਦ ਕਰਦਿਆਂ ਕਪਿਲ ਗਰਗ ਨੇ ਕਿਹਾ ਕਿ ਜਲਦ ਹੀ ਜ਼ਿਲ੍ਹੇ ਦੀ ਬਾਕੀ ਬਾਡੀ ਦਾ ਵੀ ਗਠਨ ਕਰ ਦਿੱਤਾ ਜਾਵੇਗਾ। ਮੀਟਿੰਗ ਦੇ ਅੰਤ ਵਿੱਚ ਇਸ ਗੱਲ 'ਤੇ ਜ਼ੋਰ ਦਿੱਤਾ ਗਿਆ ਕਿ ਆਪਸੀ ਤਾਲਮੇਲ ਅਤੇ ਏਕਤਾ ਨਾਲ ਹੀ ਆਉਣ ਵਾਲੇ ਸੀਜ਼ਨ ਦੀਆਂ ਚੁਣੌਤੀਆਂ ਦਾ ਸਫਲਤਾਪੂਰਵਕ ਸਾਹਮਣਾ ਕੀਤਾ ਜਾ ਸਕਦਾ ਹੈ।

# ਗਿਆਨੀ ਹਰਪ੍ਰੀਤ ਸਿੰਘ ਨੇ ਦਿੱਤੀ ਗਿਆਨੀ ਗੜਗੱਜ ਨੂੰ ਸਲਾਹ, ਸ੍ਰੀ ਅਕਾਲ ਤਖ਼ਤ ਸਾਹਿਬ ਤੋਂ ਹੁਕਮਨਾਮਾ ਜਾਰੀ ਕਰਨ ਸਮੇ ਮਰਿਯਾਦਾ, ਸਿਧਾਂਤ ਅਤੇ ਹੁਕਮਨਾਮਾ ਜਾਰੀ ਕਰਨ ਦੀ ਪ੍ਰੰਪਰਾ ਦਾ ਧਿਆਨ ਰਖਣਾ ਜਰੂਰੀ

ਅੰਮ੍ਰਿਤਸਰ 1 ਅਕਤੂਬਰ (ਮੋਹਕਮ ਸਿੰਘ) ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਅਤੇ ਅਕਾਲੀ ਦਲ ਪੁਨਰ ਸੁਰਜੀਤ ਦੇ ਪ੍ਰਧਾਨ ਗਿਆਨੀ ਹਰਪ੍ਰੀਤ ਸਿੰਘ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਮੌਜੂਦਾ ਕਾਰਜਕਾਰੀ ਜਥੇਦਾਰ ਗਿਆਨੀ ਕੁਲਦੀਪ ਸਿੰਘ ਗੜਗੱਜ ਵਲ ਪੱਤਰ ਲਿਖ ਕੇ ਉਨਾਂ ਨੂੰ ਸ੍ਰੀ ਅਕਾਲ ਤਖ਼ਤ ਸਾਹਿਬ ਤੋ ਹੁਕਮਨਾਮਾਂ ਜਾਰੀ ਕਰਨ ਸਮੇ ਮਰਿਯਾਦਾ ਦੀ ਪਾਲਣਾ ਕਰਨ, ਸਿਧਾਂਤ ਦੀ ਰਾਖੀ ਕਰਨ ਅਤੇ ਹੁਕਮਨਾਮਾ ਜਾਰੀ ਕਰਨ ਦੀ ਪ੍ਰੰਪਰਾ ਦਾ ਧਿਆਨ ਰਖਣ ਦੀ ਸਲਾਹ ਦਿੱਤੀ। ਸ੍ਰੀ ਅਕਾਲ ਤਖ਼ਤ ਸਾਹਿਬ ਵਲ ਭੇਜੇ ਪੱਤਰ ਵਿਚ ਗਿਆਨੀ ਹਰਪ੍ਰੀਤ ਸਿੰਘ ਨੇ ਗਿਆਨੀ ਗੜਗੱਜ ਨੂੰ ਸੰਬੋਧਨ ਹੁੰਦਿਆਂ ਕਿਹਾ ਕਿ ਜੇਕਰ ਮਰਿਆਦਾ ਜਾਂ ਸਿੱਖ ਪ੍ਰੰਪਰਾ ਦੀ ਸਮਝ ਨਾ ਲੱਗੇ ਤਾਂ ਸ੍ਰੀ ਅਕਾਲ ਤਖਤ ਸਾਹਿਬ ਦੀ ਫਸੀਲ ਤੋਂ ਕਿਸੇ ਵਿਅਕਤੀ ਵਿਸ਼ੇਸ਼ ਬਾਰੇ ਹੁਕਮ ਜਾਰੀ ਕਰਨ ਤੋ ਪਹਿਲ੍ਹਾਂ ਗੁਰਸਿੱਖ ਵਿਦਵਾਨਾਂ ਨਾਲ ਚਰਚਾ ਕਰ ਲੈਣੀ ਚਾਹੀਦੀ ਹੈ ਜਾਂ ਘੱਟੋ ਘੱਟ ਸਚਖੰਡ ਸ੍ਰੀ ਦਰਬਾਰ ਸਾਹਿਬ ਜੀ ਦੇ ਮੁੱਖ ਗ੍ਰੰਥੀ ਸਾਹਿਬ ਜਾਂ ਬਾਕੀ ਗ੍ਰੰਥੀ ਸਿੰਘ ਸਾਹਿਬਾਨ ਪਾਸ ਜਾ ਕੇ ਸਲਾਹ ਲੈਣ ਨਾਲ ਸ਼ਾਨ ਘੱਟਦੀ ਨਹੀ ਸਗੋਂ ਵਧਦੀ ਹੈ।ਤੁਹਾਡੇ ਤੇ ਮੇਰੇ ਤੋ ਪਹਿਲਾਂ ਵਾਲੇ ਜਥੇਦਾਰ ਸਾਹਿਬਾਨ ਇਹ ਨਿਯਮ ਪਾਲਦੇ ਰਹੇ ਹਨ। ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਨਾਲ ਮੁਲਾਕਾਤ ਕਰਨ ਵਾਲੇ ਸ਼੍ਰੋਮਣੀ ਕਮੇਟੀ ਮੈਂਬਰਾਂ ਤੇ ਰੋਕ ਲਗਾਉਣ ਤੋਂ ਬਾਅਦ ਲਿਖੇ ਇਸ ਪੱਤਰ ਵਿਚ ਉਨਾਂ ਕਿਹਾ ਕਿ ਤੁਸੀਂ ਸ਼ਾਇਦ ਸਿਰਗੁਮ ਮੁੱਖ ਮੰਤਰੀ ਖਿਲਾਫ ਹੁਕਮਨਾਮਾ ਸੁਣਾਉਂਦੇ ਸਮੇਂ ਕਿਸੇ ਪੰਥਕ ਰਹੁਰੀਤਾਂ ਦੇ ਜਾਣਕਾਰ ਬੁਧੀਜੀਵੀ ਸਿੱਖ ਵਿਦਵਾਨ ਪਾਸੋਂ ਵਿਧੀ ਵਿਧਾਨ, ਇਤਿਹਾਸ ਤੋ ਸੇਧ ਅਤੇ ਮਰਿਆਦਾ ਬਾਰੇ ਜਾਣਕਾਰੀ ਲੈਣਾ ਮੁਨਾਸਿਬ ਨਹੀਂ ਸਮਝਿਆ। ਰਾਇ ਮਸ਼ਵਰੇ ਤੋਂ ਬਿਨਾਂ ਕਿਸੇ ਵਿਸ਼ੇਸ਼ ਦੀਆਂ ਸਿਆਸੀ ਇਛਾਵਾਂ ਦੀ ਪੂਰਤੀ ਲਈ ਕੀਤੇ ਫੈਸਲੇ ਪੰਥਕ ਸਫਾਂ ਚ ਪ੍ਰਵਾਨ ਨਹੀਂ ਚੜ੍ਹਦੇ। ਅਜਿਹੇ ਹੁਕਮਨਾਮੇ ਦੇ ਵਿਰੁੱਧ ਜਾਣ ਵਾਲਿਆਂ ਦਾ ਤੁਸੀ ਅੰਤਰਿਗ ਕਮੇਟੀ ਦੀ ਮੀਟਿੰਗ ਚ ਬੈਠਣ ਦਾ ਹੱਕ ਖੋਹ ਰਹੇ ਹੋ। ਗਿਆਨੀ ਹਰਪ੍ਰੀਤ ਸਿੰਘ ਨੇ ਲਿਖਆ ਕਿ ਸ਼੍ਰੋਮਣੀ ਕਮੇਟੀ ਦੇ ਦੋ ਵਿਰੋਧੀ ਧਿਰ ਦੇ ਸਤਕਾਰਿਤ ਮੈਂਬਰਾਂ ਭਾਈ ਮਿੱਠੂ ਸਿੰਘ ਕਾਹਨਕੇ ਅਤੇ ਭਾਈ ਜਸਵੰਤ ਸਿੰਘ ਪੁੜੈਣ ਖਿਲਾਫ ਬਿਨ੍ਹਾਂ ਸਪੱਸ਼ਟੀਕਰਨ ਲਿਆ ਉਨ੍ਹਾਂ ਵਿਰੁੱਧ ਤਖ਼ਤ ਸਾਹਿਬ ਦੇ ਵਿਧੀ ਵਿਧਾਨ ਨੂੰ ਭੰਗ ਕਰਦਿਆ ਸਿੱਧਾ ਅਤੇ ਇਕਪਾਸੜ ਫੁਰਮਾਨ ਸੁਣਾ ਦਿੱਤਾ ਹੈ। ਇਸ ਵਰਤਾਰੇ ਤੋ ਇਕ ਗੱਲ ਬਿਲਕੁਲ ਸਪੱਸ਼ਟ ਹੈ ਕਿ ਅੱਜ ਦੀ ਮੀਟਿੰਗ ਵਿੱਚ ਵਿਰੋਧੀ ਧਿਰ ਨਾਲ ਸੰਬੰਧਿਤ ਮੈਂਬਰਾਂ ਨੂੰ ਰੋਕਣ ਦਾ ਮਤਲਬ ਹੈ ਕਿ ਮੀਟਿੰਗ ਚ ਕੁਝ ਗਲਤ ਫੈਸਲੇ ਹੋਏ ਹੋ ਸਕਦੇ ਹਨ। ਇਹ ਮੈਂਬਰ ਤਖ਼ਤ ਸ੍ਰੀ ਕੇਸਗੜ੍ਹ ਸਾਹਿਬ ਵਿਖੇ ਵਾਪਰੀ ਘਟਨਾ ਦੀ ਚਿੰਤਾ ਲੈ ਕੇ ਮੁੱਖ ਮੰਤਰੀ ਪਾਸ ਗਏ ਸਨ। ਉਨ੍ਹਾਂ ਖਦਸ਼ਾ ਪ੍ਰਗਟਾਇਆ ਕਿ ਮੀਟਿੰਗ ਵਿੱਚ ਗੁਰੂ ਘਰ ਦੀਆਂ ਜਮੀਨਾਂ ਜਾਂ ਹੋਰ ਮਾਮਲਿਆਂ ਬਾਰੇ ਗਲਤ ਮਤੇ ਪਾਸ ਹੋਏ ਹੋ ਸਕਦੇ ਹਨ। ਉਨਾਂ ਜਥੇਦਾਰ ਨੂੰ ਸੁਚੇਤ ਕਰਦਿਆਂ ਕਿਹਾ ਕਿ ਜਥੇਦਾਰ ਜੀ! ਕਿਸੇ ਅਮੀਰ ਵਪਾਰੀ ਦੀ ਮੁਲਾਜਮਤ ਵਾਲਾ ਵਤੀਰਾ ਤੇ ਸੁਭਾਅ, ਸ਼ੋਭਨੀਕ ਨਹੀ। ਗ਼ੈਰ ਮਰਿਆਦਿਤ ਹੁਕਮ ਨੂੰ ਸਮੁੱਚਾ ਪੰਥ ਰੱਦ ਕਰ ਸਕਦਾ ਹੈ। ਉਨ੍ਹਾਂ ਲਿਖਿਆ ਕਿ ਤੁਸੀਂ ਵਿਰਸਾ ਸਿੰਘ ਵਲਟੋਹੇ ਨੂੰ ਮੁਆਫ ਕੀਤਾ, ਪਰ ਸਾਡੀ ਕੀਤੀ ਨਾਜਾਇਜ਼ ਕਿਰਦਾਰਕੁਸ਼ੀ ਕਾਰਨ ਹੋਏ ਨੁਕਸਾਨ ਦੀ ਭਰਪਾਈ ਲਈ ਕੋਈ ਆਦੇਸ਼ ਜਾਰੀ ਨਹੀਂ ਕੀਤਾ। ਤੁਸੀ ਇਨਸਾਫ ਨਹੀ ਦੇ ਸਕਦੇ ਹੋ ਕਿਉਂਕਿ ਤੁਸੀਂ ਉਹਨਾਂ ਕਿਰਦਾਰਕੁਸ਼ੀ ਕਰਨ ਕਰਵਾਉਣ ਵਾਲੇ ਦੋਸ਼ੀਆਂ ਦੇ ਆਦੇਸ਼ਾਂ ਦੇ ਪਾਬੰਦ ਹੋ। ਦੁਨਿਆਵੀ ਅਦਾਲਤਾਂ ਤੋ ਅਸੀ ਮੰਗ ਨਹੀਂ ਸਕਦੇ ਨਾ ਕੋਈ ਉਮੀਦ ਕਰਦੇ ਹਾ, ਇਸ ਲਈ ਮੀਰੀ ਪੀਰੀ ਦੇ ਮਾਲਕ ਧੰਨ ਗੁਰੂ ਹਰਗੋਬਿੰਦ ਸਾਹਿਬ ਸਤਿਗੁਰੂ ਸੱਚੇ ਪਾਤਸ਼ਾਹ ਅੱਗੇ ਹੀ ਅਰਦਾਸ ਹੈ ਕਿ ਤੁਹਾਨੂੰ ਇਨਸਾਫ਼ ਕਰਨ ਦਾ ਬਲ ਬਖਸ਼ਣ । ਤਾਂ ਕਿ ਸ਼੍ਰੀ ਅਕਾਲ ਤਖਤ ਸਾਹਿਬ ਦਾ ਮਲਾਲ ਹਮੇਸ਼ਾ ਵਾਂਗ ਬੁਲੰਦ ਰਹੇ।

# ਪਿੰਡ ਨਿੱਘੀ ਚ ਸਤਨਾਮ ਜਲਾਲਪੁਰ ਦੀ ਲੋਕ ਮਿਲਣੀ ਨੇ ਧਾਰਿਆ ਵਿਸ਼ਾਲ ਰੈਲੀ ਦਾ ਰੂਪ

ਬਲਾਚੌਰ 1 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਇਲਾਕੇ ਦੇ ਪਿੰਡ ਨਿੱਘੀ ਵਿਖੇ ਸਾਬਕਾ ਜਿਲਾ ਯੋਜਨਾ ਬੋਰਡ ਚੇਅਰਮੈਨ ਸਤਨਾਮ ਜਲਾਲਪੁਰ, ਗੁੱਜਰ ਵੈਲਫੇਅਰ ਬੋਰਡ ਪੰਜਾਬ ਦੇ ਡਾਇਰੈਕਟਰ ਰਿਟਾ. ਇੰਸਪੈਕਟਰ ਬਲਦੇਵ ਰਾਜ ਜੀ ਬੱਗੂਵਾਲ ਅਤੇ ਬਲਾਕ ਪਰਧਾਨ ਬਲਵੀਰ ਮੀਲੂ ਦੀ ਅਗਵਾਈ ਹੇਠ ਇੱਕ ਵਿਸ਼ੇਸ਼ ਲੋਕ ਮਿਲਣੀ ਸਮਾਗਮ ਦਾ ਸ਼ਾਨਦਾਰ ਤੇ ਸਫਲ ਆਯੋਜਨ ਕੀਤਾ ਗਿਆ। ਇਸ ਸਮਾਗਮ ਦੌਰਾਨ ਪਿੰਡ ਵਾਸੀਆਂ ਦੇ ਅਥਾਹ ਉਤਸ਼ਾਹ, ਭਾਰੀ ਗਿਣਤੀ ਵਿੱਚ ਪਹੁੰਚੀਆਂ ਸੰਗਤਾਂ ਅਤੇ ਵੱਡੇ ਇਕੱਠ ਕਾਰਨ ਇਸ ਲੋਕ ਮਿਲਣੀ ਨੇ ਇੱਕ ਵਿਸ਼ਾਲ ਰੈਲੀ ਦਾ ਰੂਪ ਧਾਰਨ ਕਰ ਲਿਆ। ਮੀਟਿੰਗ ਦੌਰਾਨ ਇਕੱਠ ਨੂੰ ਸੰਬੋਧਨ ਕਰਦਿਆਂ ਚੇਅਰਮੈਨ ਸਤਨਾਮ ਜਲਾਲਪੁਰ ਅਤੇ ਬਲਦੇਵ ਰਾਜ ਨੇ ਆਖਿਆ ਕਿ ਮੁੱਖ ਮੰਤਰੀ ਪੰਜਾਬ ਦੀ ਅਗਵਾਈ ਵਾਲੀ ਸਰਕਾਰ ਆਮ ਲੋਕਾਂ, ਗਰੀਬਾਂ, ਕਿਸਾਨਾਂ ਅਤੇ ਜ਼ਰੂਰਤਮੰਦਾਂ ਦੀ ਭਲਾਈ ਲਈ ਪੂਰੀ ਇਮਾਨਦਾਰੀ ਤੇ ਵਚਨਬੱਧਤਾ ਨਾਲ ਕੰਮ ਕਰ ਰਹੀ ਹੈ। ਉਨ੍ਹਾਂ ਨੇ ਸਰਕਾਰ ਵੱਲੋਂ ਚਲਾਈਆਂ ਜਾ ਰਹੀਆਂ ਪ੍ਰਮੁੱਖ ਭਲਾਈ ਯੋਜਨਾਵਾਂ ਦਾ ਜ਼ਿਕਰ ਕਰਦਿਆਂ ਦੱਸਿਆ ਕਿ 600 ਯੂਨਿਟ ਮੁਫ਼ਤ ਬਿਜਲੀ ਦੇ ਕੇ ਆਮ ਪਰਿਵਾਰਾਂ ਦੇ ਬਿਜਲੀ ਬਿਲ ਮਾਫ਼ ਕੀਤੇ ਗਏ ਹਨ, ਲੋਕਾਂ ਦੇ ਆਰਥਿਕ ਬੋਝ ਵਿੱਚ ਵੱਡੀ ਕਮੀ ਆਈ ਹੈ। ਹਰ ਘਰ ਤੱਕ ਮੁਫ਼ਤ ਤੇ ਮਿਆਰੀ ਰਾਸ਼ਨ ਪਹੁੰਚਾ ਕੇ ਗਰੀਬ ਪਰਿਵਾਰਾਂ ਦੀ ਖੁਰਾਕੀ ਸੁਰੱਖਿਆ ਯਕੀਨੀ ਬਣਾਈ ਗਈ ਹੈ॰ ਔਰਤਾਂ ਦੀ ਸੁਰੱਖਿਆ, ਸਨਮਾਨ, ਸਿੱਖਿਆ ਤੇ ਭਲਾਈ ਲਈ ਵਿਸ਼ੇਸ਼ ਯੋਜਨਾਵਾਂ ਲਾਗੂ ਕੀਤੀਆਂ ਗਈਆਂ ਹਨ। ਬਜ਼ੁਰਗਾਂ ਨੂੰ ਦੇਸ਼ ਭਰ ਦੇ ਪ੍ਰਮੁੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਵਾਉਣ ਲਈ ਬਿਲਕੁਲ ਮੁਫ਼ਤ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਸ਼ੁਰੂ ਕੀਤੀ ਗਈ ਹੈ। ਆਗੂਆਂ ਨੇ ਜ਼ੋਰ ਦੇ ਕੇ ਕਿਹਾ ਕਿ ਇਨ੍ਹਾਂ ਇਤਿਹਾਸਕ ਤੇ ਜਨ-ਹਿੱਤ ਨੀਤੀਆਂ ਸਦਕਾ ਹੀ ਅੱਜ ਪੰਜਾਬ ਦੀ ਜਨਤਾ ਦਾ ਵਿਸ਼ਵਾਸ ਅਤੇ ਅਥਾਹ ਪਿਆਰ ਸਰਕਾਰ ਦੇ ਨਾਲ ਲਗਾਤਾਰ ਮਜ਼ਬੂਤ ਹੋ ਰਿਹਾ ਹੈ। ਇਸ ਮੌਕੇ ਇਲਾਕੇ ਦੀਆਂ ਕਈ ਗਣਮਾਨਯ ਅਤੇ ਪ੍ਰਮੁੱਖ ਸ਼ਖਸੀਅਤਾਂ ਨੇ ਵਿਸ਼ੇਸ਼ ਤੌਰ ਤੇ ਹਾਜ਼ਰੀ ਲਗਵਾਈ। ਹਾਜ਼ਰ ਪ੍ਰਮੁੱਖ ਆਗੂਆਂ ਤੇ ਪਤਵੰਤਿਆਂ ਵਿੱਚ ਸਰਵਣ ਕੁਮਾਰ ਮੀਲੂ, ਠੇਕੇਦਾਰ ਦਿਲਬਾਗ ਰਾਏ, ਤੀਰਥ ਸਿੰਘ ਕਟਾਰੀਆ, ਬਲਵੀਰ ਫੌਜੀ, ਬਲਰਾਮ ਦਾਸ ਖੇਪੜ, ਰਤਨ ਚੰਦ ਮੀਲੂ, ਹਿੰਮਤ ਸਿੰਘ ਚੇਚੀ, ਪਰਵੀਨ ਕੁਮਾਰ ਚੇਚੀ, ਮਹਿੰਦਰ ਪਾਲ ਚੇਚੀ, ਨਰਿੰਦਰ ਕੁਮਾਰ ਮੀਲੂ, ਹਰਮੇਸ਼ ਲਾਲ ਮੀਲੂ, ਬਲਬੀਰ ਚੰਦ ਚੇਚੀ, ਰਤਨ ਚੰਦ ਚੇਚੀ, ਚਰਨਜੀਤ ਸਿੰਘ ਕਟਾਰੀਆ, ਮਦਨ ਲਾਲ ਚੇਚੀ ਸੂਬੇਦਾਰ, ਪ੍ਰਿੰਸ ਚੌਧਰੀ, ਅਤੇ ਹਰਬੰਸ ਲਾਲ ਫੌਜੀ ਸਮੇਤ ਹੋਰ ਵੀ ਕਈ ਵਿਅਕਤੀ ਸ਼ਾਮਲ ਸਨ॰ ਸਮਾਗਮ ਦੇ ਅੰਤ ਵਿੱਚ ਚੇਅਰਮੈਨ ਸਤਨਾਮ ਜਲਾਲਪੁਰ, ਡਾਇਰੈਕਟਰ ਰਿਟਾ. ਇੰਸਪੈਕਟਰ ਬਲਦੇਵ ਰਾਜ ਬੱਗੂਵਾਲ ਅਤੇ ਹੋਰਨਾਂ ਪ੍ਰਬੰਧਕਾਂ ਨੇ ਸਮੇਂ ਸਿਰ ਪਹੁੰਚ ਕੇ ਪ੍ਰੋਗਰਾਮ ਨੂੰ ਸਫ਼ਲ ਬਣਾਉਣ ਲਈ ਆਏ ਹੋਏ ਸਾਰੇ ਪਹੁੰਚੇ ਸੱਜਣਾਂ, ਪਤਵੰਤਿਆਂ ਅਤੇ ਇਲਾਕਾ ਨਿਵਾਸੀਆਂ ਦਾ ਤਹਿ ਦਿਲੋਂ ਧੰਨਵਾਦ ਕੀਤਾ।

# ਦਿਲਬਾਗ ਸਿੰਘ ਜੌਹਲ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਗੁਰਦਾਸਪੁਰ ਸ਼ਾਨਦਾਰ ਸੇਵਾਵਾਂ ਕਰਨ ਉਪਰੰਤ ਹੋਏ ਸੇਵਾਮੁਕਤ

ਗੁਰਦਾਸਪੁਰ (ਗੁਲਸ਼ਨ ਕੁਮਾਰ ਰਣੀਆਂ) ਗੁਰਦਾਸਪੁਰ ਕਚਿਹਰੀਆਂ ਵਿਖੇ ਸ੍ਰੀ ਦਿਲਬਾਗ ਸਿੰਘ ਜੌਹਲ, ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ-ਸਹਿਤ-ਚੇਅਰਮੈਨ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਗੁਰਦਾਸਪੁਰ ਦੇ ਸੇਵਾਮੁਕਤੀ ਮੌਕੇ ਵਿਦਾਇਗੀ ਸਮਾਰੋਹ ਰੱਖਿਆ ਗਿਆ। ਇਸ ਮੌਕੇ ਗੁਰਦਾਸਪੁਰ ਸੈਸ਼ਨ ਡਵੀਜਨ ਦੇ ਸਮੂਹ ਨਿਆਇਕ ਅਧਿਕਾਰੀਆਂ ਤੋਂ ਇਲਾਵਾ ਸਮੂਹ ਸਟਾਫ ਵੀ ਮੌਜੂਦ ਸੀ।ਇਸ ਵਿਦਾਇਗੀ ਸਮਾਰੋਹ ਦੌਰਾਨ ਸੰਬੋਧਨ ਕਰਦਿਆਂ ਬੁਲਾਰਿਆਂ ਵੱਲੋਂ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ, ਗੁਰਦਾਸਪੁਰ ਜੀ ਦਾ ਉਹਨਾਂ ਦੇ ਕਾਰਜਕਾਲ ਦੌਰਾਨ ਨਿਭਾਈਆਂ ਗਈਆਂ ਸੇਵਾਵਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਉਹਨਾਂ ਨੇ ਆਪਣੇ ਕਾਰਜਕਾਲ ਦੌਰਾਨ ਬਹੁਤ ਸੁਚਾਰੂ ਢੰਗ ਨਾਲ ਸੇਵਾਵਾਂ ਨਿਭਾਈਆਂ ਹਨ। ਉਹਨਾਂ ਨੇ ਇਹ ਵੀ ਕਿਹਾ ਕਿ ਉਹਨਾਂ ਨੇ ਹਮੇਸ਼ਾਂ ਕਾਨੂੰਨ ਦੀਆਂ ਬਾਰੀਕੀਆਂ ਨੂੰ ਧਿਆਨ ਵਿੱਚ ਰੱਖਦਿਆਂ ਹਮੇਸ਼ਾਂ ਸੱਚ ਅਤੇ ਇਨਸਾਫ ਦਾ ਪਹਿਰਾ ਦਿੱਤਾ।ਉਹਨਾਂ ਨੇ ਇਹ ਵੀ ਕਿਹਾ ਕਿ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ, ਗੁਰਦਾਸਪੁਰ ਜੀ ਦੁਆਰਾ ਹਮੇਸ਼ਾਂ ਨਿਆਇਕ ਪ੍ਰਸ਼ਾਸ਼ਨ ਨੂੰ ਸੁਚਾਰੂ ਅਤੇ ਪਾਰਦਰਸ਼ੀ ਢੰਗ ਨਾਲ ਚਲਾਉਣ ਵਿੱਚ ਆਪ ਜੀ ਮੋਹਰੀ ਭੂਮਿਕਾ ਨਿਭਾਈ ਗਈ। ਸਮੂਹ ਨਿਆਇਕ ਅਧਿਕਾਰੀਆਂ ਅਤੇ ਸਟਾਫ ਨੇ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਵੱਲੋਂ ਨਿਭਾਈਆਂ ਸ਼ਾਨਦਾਰ ਸੇਵਾਵਾਂ ਅਤੇ ਸਹਿਯੋਗ ਲਈ ਸਤਿਕਾਰ ਅਤੇ ਧੰਨਵਾਦ ਪ੍ਰਗਟ ਕੀਤਾ ਅਤੇ ਮਾਨਯੋਗ ਜ਼ਿਲ੍ਹਾ ਅਤੇ ਸੈਸ਼ਨ ਜੱਜ ਸਾਹਿਬ ਵੱਲੋਂ ਯਾਦਗਾਰੀ ਚਿੰਨ੍ਹ ਭੇਂਟ ਕਰਕੇ ਸਨਮਾਨਿਤ ਕੀਤਾ।ਸਮੂਹ ਨਿਆਇਕ ਅਧਿਕਾਰੀਆਂ ਅਤ

# ਕਾਰ ਸੇਵਾ ਸੰਤ ਭੂਰੀ ਵਾਲਿਆਂ ਵੱਲੋਂ ਗੁਰਦੁਆਰਾ ਬਾਲ ਲੀਲ੍ਹਾ ਪਟਨਾ ਸਾਹਿਬ ਵਿਖੇ ਲੰਗਰ ਦੇ ਵੱਡੇ ਪ੍ਰਬੰਧ

ਅੰਮ੍ਰਿਤਸਰ, 1 ਅਕਤੂਬਰ (ਮੋਹਕਮ ਸਿੰਘ) ਤਖ਼ਤ ਸ੍ਰੀ ਹਰਿਮੰਦਰ ਜੀ ਪਟਨਾ ਸਾਹਿਬ ਅਤੇ ਹੋਰ ਇਤਿਹਾਸਕ ਗੁਰਧਾਮਾਂ ਦੇ ਦਰਸ਼ਨਾਂ ਲਈ ਦੇਸ਼-ਵਿਦੇਸ਼ ਤੋਂ ਪਹੁੰਚਣ ਵਾਲੀ ਸੰਗਤ ਦੀ ਸੇਵਾ ਲਈ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਵੱਲੋਂ ਗੁਰਦੁਆਰਾ ਬਾਲ ਲੀਲ੍ਹਾ ਮੈਣੀ ਸੰਗਤ ਵਿਖੇ ਰਿਹਾਇਸ਼ ਅਤੇ ਲੰਗਰ ਵੱਡੇ ਪ੍ਰਬੰਧਾਂ ਦੀ ਵਿਵਸਥਾ ਹੈ। ਲੰਗਰ ਦੇ ਨਿਰੰਤਰ ਪ੍ਰਬੰਧਾਂ ਲਈ ਮਹਾਂਪੁਰਸ਼ਾਂ ਵੱਲੋਂ ਹਰ ਮਹੀਨੇ ਦੀ ਪਹਿਲੀ ਤਰੀਕ ਨੂੰ ਅੰਮ੍ਰਿਤਸਰ ਤੋਂ ਲੋੜੀਂਦੀਆਂ ਰਸਦਾਂ ਦਾ ਭਰਿਆ ਟਰੱਕ ਪਟਨਾ ਸਾਹਿਬ ਭੇਜਿਆ ਜਾਂਦਾ ਹੈ। ਇਸੇ ਲੜੀ ਅਧੀਨ ਅੱਜ ਸਥਾਨਕ ਡੇਰਾ ਕਾਰ ਸੇਵਾ ਸੰਤ ਭੂਰੀ ਵਾਲੇ ਨਿਰਮਲੇ ਤਪੋਬਨ ਤਾਰਨ ਰੋਡ ਤੋਂ ਅਰਦਾਸ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲੇ ਅਤੇ ਬਾਬਾ ਸੁਖਵਿੰਦਰ ਸਿੰਘ ਜੀ ਨੇ ਲੰਗਰ ਦੀਆਂ ਰਸਦਾਂ ਦਾ ਟਰੱਕ ਪਟਨਾ ਸਾਹਿਬ ਲਈ ਰਵਾਨਾ ਕੀਤਾ ਗਿਆ। ਇਸ ਮੌਕੇ ਸੰਤ ਬਾਬਾ ਕਸ਼ਮੀਰ ਸਿੰਘ ਜੀ ਭੂਰੀ ਵਾਲਿਆਂ ਨੇ ਕਿਹਾ ਕਿ ਗੁਰੂ ਸਾਹਿਬਾਨ ਵੱਲੋਂ ਬਖਸ਼ੀ ਲੰਗਰ ਦੀ ਮਹਾਨ ਮਰਯਾਦਾ ਸਿੱਖ ਧਰਮ ਦੀ ਬਰਾਬਰੀ, ਸਾਂਝੀਵਾਲਤਾ, ਨਿਮਰਤਾ ਅਤੇ ਨਿਸ਼ਕਾਮ ਸੇਵਾ ਦੀ ਵਿਲੱਖਣ ਮਿਸਾਲ ਹੈ। ਸੰਗਤਾਂ ਬੜੀ ਸ਼ਰਧਾ ਭਾਵਨਾ ਨਾਲ ਯਥਾਸ਼ਕਤ ਯੋਗਦਾਨ ਪਾ ਕੇ ਇਸ ਮਹਾਨ ਸੇਵਾ ਦਾ ਹਿੱਸਾ ਬਣ ਰਹੀਆਂ ਹਨ। ਉਨ੍ਹਾਂ ਕਿਹਾ ਕਿ ਪੰਜਾਬ ਅਤੇ ਹਰਿਆਣਾ ਸਮੇਤ ਵੱਖ-ਵੱਖ ਥਾਵਾਂ ਦੀਆਂ ਸੰਗਤਾਂ ਵੱਲੋਂ ਪਟਨਾ ਸਾਹਿਬ ਵਿਖੇ ਚੱਲ ਰਹੀ ਲੰਗਰ ਸੇਵਾ ਨੂੰ ਲਗਾਤਾਰ ਸਹਿਯੋਗ ਮਿਲ ਰਿਹਾ ਹੈ। ਉਨ੍ਹਾਂ ਅਰਦਾਸ ਕੀਤੀ ਕਿ ਕਿ ਸੰਗਤ ਵੱਲੋਂ ਭੇਜੀ ਗਈ ਰਸਦ ਪਟਨਾ ਸਾਹਿਬ ਪਹੁੰਚ ਕੇ ਦੇਸ਼-ਵਿਦੇਸ਼ ਤੋਂ ਆਉਣ ਵਾਲੀ ਸੰਗਤ ਦੇ ਪ੍ਰਸ਼ਾਦੇ ਦੀ ਸੇਵਾ ਵਿੱਚ ਲੱਗੇ ਅਤੇ ਇਹ ਸੇਵਾ ਚੜ੍ਹਦੀ ਕਲਾ ਵਿੱਚ ਨਿਰੰਤਰ ਜਾਰੀ ਰਹੇ। ਉਨਾਂ ਸੰਗਤਾਂ ਦਾ ਧੰਨਵਾਦ ਕਰਦਿਆਂ ਕਿਹਾ ਕਿ ਗੁਰੂ ਘਰ ਦੀ ਇਸ ਪਵਿੱਤਰ ਸੇਵਾ ਨਾਲ ਜੁੜਨਾ ਸਿੱਖ ਪੰਥ ਦੀ ਸੇਵਾ-ਪਰੰਪਰਾ ਨੂੰ ਅੱਗੇ ਤੋਰਨ ਦਾ ਸੁਭਾਗ ਹੈ ਅਤੇ ਸੰਗਤਾਂ ਆਪਣਾ ਸਹਿਯੋਗ ਜਾਰੀ ਰੱਖਣ ਇਸ ਮੌਕੇ ਬਾਬਾ ਗੁਰਨਾਮ ਸਿੰਘ, ਬਾਬਾ ਅਵਤਾਰ ਸਿੰਘ, ਬਾਬਾ ਸੋਹਣ ਸਿੰਘ, ਬਾਬਾ ਨਾਜਰ ਸਿੰਘ, ਬਾਬਾ ਕਰਨ ਸਿੰਘ, ਬਾਬਾ ਰਤਨ ਸਿੰਘ,ਬਾਬਾ ਹੀਰਾ ਸਿੰਘ, ਬਾਬਾ ਜੋਧਬੀਰ ਸਿੰਘ , ਬਾਬਾ ਗੁਰਜੀਤ ਸਿੰਘ ਰੰਧਾਵਾ, ਬਾਬਾ ਬਲਜਿੰਦਰ ਸਿੰਘ ਕੰਡਿਆਲਾ,ਬਾਬਾ ਗੁਰਭੇਜ ਸਿੰਘ, ਬਾਬਾ ਗੁਰਸਾਜਨ ਸਿੰਘ, ਬਾਬਾ ਮਨਜੀਤ ਸਿੰਘ ਝਬਾਲ ਅਤੇ ਬਾਬਾ ਅਮਰ ਸਿੰਘ ਆਦਿ ਵੀ ਹਾਜ਼ਰ ਸਨ।

# ਕੈਬਨਿਟ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਸੀ.ਬੀ.ਐੱਸ. ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦਾ ਉਦਘਾਟਨ ਕੀਤਾ

ਅੰਮ੍ਰਿਤਸਰ, 01 ਅਕਤੂਬਰ (ਰਾਜੇਸ਼ ਡੈਨੀ) ਸੰਤ ਗਿਆਨੀ ਹਰਨਾਮ ਸਿੰਘ ਜੀ ਖਾਲਸਾ ਭਿੰਡਰਾਂਵਾਲੇ, ਮੁਖੀ ਦਮਦਮੀ ਟਕਸਾਲ ਅਤੇ ਪ੍ਰਧਾਨ ਸੰਤ ਸਮਾਜ ਜੀ ਦੀ ਰਹਿਨੁਮਾਈ ਹੇਠ ਚੱਲ ਰਹੇ ਸੰਤ ਗਿਆਨੀ ਗੁਰਬਚਨ ਸਿੰਘ ਜੀ ਖਾਲਸਾ ਅਕੈਡਮੀ, ਮਹਿਤਾ ਚੌਕ ਵਿਖੇ ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦਾ ਅੱਜ ਸ਼ਾਨਦਾਰ ਆਗਾਜ਼ ਹੋਇਆ। ਇਸ ਚੈਂਪੀਅਨਸ਼ਿਪ ਦਾ ਉਦਘਾਟਨ ਸੂਬੇ ਦੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਵੱਲੋਂ ਕੀਤਾ ਗਿਆ। ਚੈਂਪੀਅਨਸ਼ਿਪ ਦੇ ਉਦਘਾਟਨੀ ਮੈਚ ਦੌਰਾਨ ਅੰਡਰ-17 ਵਰਗ ਵਿੱਚ ਓ.ਪੀ. ਜਿੰਦਲ ਸਕੂਲ, ਛੱਤੀਸਗੜ੍ਹ ਅਤੇ ਕੋਡਾਗੂ ਵਿਦਿਆਲੇ ਸਕੂਲ, ਕਰਨਾਟਕਾ ਦੀਆਂ ਟੀਮਾਂ ਵਿਚਕਾਰ ਰੋਮਾਂਚਕ ਮੁਕਾਬਲਾ ਹੋਇਆ। ਦੋਵਾਂ ਟੀਮਾਂ ਦੇ ਖਿਡਾਰੀਆਂ ਨੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ, ਜਿਸ ਵਿੱਚ ਕੋਡਾਗੂ ਵਿਦਿਆਲੇ ਸਕੂਲ, ਕਰਨਾਟਕਾ ਦੀ ਟੀਮ ਨੇ ਜਿੱਤ ਦਰਜ ਕੀਤੀ। ਇਸ ਮੌਕੇ ਲੋਕ ਨਿਰਮਾਣ ਮੰਤਰੀ ਸ. ਹਰਭਜਨ ਸਿੰਘ ਈ.ਟੀ.ਓ. ਨੇ ਦੇਸ਼ ਦੇ ਵੱਖ-ਵੱਖ ਹਿੱਸਿਆਂ ਤੋਂ ਚੈਂਪੀਅਨਸ਼ਿਪ ਵਿੱਚ ਭਾਗ ਲੈਣ ਲਈ ਪਹੁੰਚੇ ਸਾਰੇ ਖਿਡਾਰੀਆਂ ਨੂੰ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਰਾਸ਼ਟਰੀ ਪੱਧਰ ਦੇ ਮੁਕਾਬਲਿਆਂ ਵਿੱਚ ਭਾਗ ਲੈਣਾ ਨੌਜਵਾਨ ਖਿਡਾਰੀਆਂ ਲਈ ਮਾਣ ਵਾਲੀ ਗੱਲ ਹੈ ਅਤੇ ਅਜਿਹੇ ਮੰਚ ਉਨ੍ਹਾਂ ਨੂੰ ਆਪਣੀ ਪ੍ਰਤਿਭਾ ਨਿਖਾਰਨ ਦੇ ਮੌਕੇ ਪ੍ਰਦਾਨ ਕਰਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਵੱਧ-ਚੜ੍ਹ ਕੇ ਹਿੱਸਾ ਲੈਣ ਲਈ ਪ੍ਰੇਰਿਤ ਕਰਦਿਆਂ ਕਿਹਾ ਕਿ ਖੇਡਾਂ ਨੌਜਵਾਨਾਂ ਦੇ ਸਰੀਰਕ ਅਤੇ ਮਾਨਸਿਕ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੀਆਂ ਹਨ। ਉਨ੍ਹਾਂ ਵੱਖ-ਵੱਖ ਰਾਜਾਂ ਤੋਂ ਖਿਡਾਰੀਆਂ ਦੇ ਨਾਲ ਪਹੁੰਚੇ ਕੋਚਾਂ ਅਤੇ ਸਕੂਲ ਪ੍ਰਬੰਧਕਾਂ ਦਾ ਧੰਨਵਾਦ ਕਰਦਿਆਂ ਖਿਡਾਰੀਆਂ ਨੂੰ ਰਾਸ਼ਟਰੀ ਪੱਧਰ 'ਤੇ ਆਪਣੀ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕਰਨ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸਮਾਗਮ ਦੌਰਾਨ ਸਕੂਲ ਦੇ ਡਾਇਰੈਕਟਰ-ਕਮ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ, ਕਾਲਜ ਪ੍ਰਿੰਸੀਪਲ ਸ. ਗੁਰਦੀਪ ਸਿੰਘ ਜਲਾਲ, ਸ. ਹਰਸ਼ਦੀਪ ਸਿੰਘ, ਪ੍ਰਿੰਸੀਪਲ ਦਸ਼ਮੇਸ਼ ਪਬਲਿਕ ਸਕੂਲ, ਕੋਚ ਸ. ਬਲਜਿੰਦਰ ਸਿੰਘ, ਕੋਚ ਸ. ਮਨਮੀਤ ਸਿੰਘ ਅਤੇ ਹੋਰ ਅਧਿਆਪਕ ਹਾਜ਼ਰ ਸਨ। ਸਕੂਲ ਪ੍ਰਬੰਧਕਾਂ ਅਤੇ ਅਧਿਆਪਕਾਂ ਨੇ ਖਿਡਾਰੀਆਂ ਦੇ ਪ੍ਰਦਰਸ਼ਨ ਦੀ ਸ਼ਲਾਘਾ ਕਰਦਿਆਂ ਜੇਤੂ ਟੀਮ ਨੂੰ ਮੁਬਾਰਕਬਾਦ ਦਿੱਤੀ ਅਤੇ ਭਵਿੱਖ ਲਈ ਸ਼ੁਭਕਾਮਨਾਵਾਂ ਦਿੱਤੀਆਂ। ਸੀ.ਬੀ.ਐੱਸ.ਈ. ਨੈਸ਼ਨਲ ਹਾਕੀ ਚੈਂਪੀਅਨਸ਼ਿਪ-2026 ਦੇ ਪਹਿਲੇ ਦਿਨ ਦੇ ਮੁਕਾਬਲਿਆਂ ਨੇ ਖਿਡਾਰੀਆਂ ਅਤੇ ਖੇਡ ਪ੍ਰੇਮੀਆਂ ਵਿੱਚ ਉਤਸ਼ਾਹ ਭਰਿਆ। ਇਸ ਦੌਰਾਨ ਖਾਲਸਾ ਅਕੈਡਮੀ ਦਾ ਖੇਡ ਮੈਦਾਨ ਹਾਕੀ ਦੇ ਜੋਸ਼ ਅਤੇ ਉਤਸ਼ਾਹ ਨਾਲ ਗੂੰਜਦਾ ਰਿਹਾ। ਇਸ ਮੌਕੇ ਮਾਰਕੀਟ ਕਮੇਟੀ ਦੇ ਚੇਅਰਮੈਨ ਸ. ਲਖਵਿੰਦਰ ਸਿੰਘ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੇ। ਇਸ ਤੋਂ ਇਲਾਵਾ ਐੱਸ.ਐੱਚ.ਓ. ਮਹਿਤਾ ਅਤੇ ਸਰਪੰਚ ਮਹਿਤਾ ਚੌਕ ਸ੍ਰੀ ਅਜੇ ਗਾਂਧੀ ਨੇ ਵੀ ਅਕੈਡਮੀ ਵਿਖੇ ਪਹੁੰਚ ਕੇ ਖਿਡਾਰੀਆਂ ਦਾ ਹੌਸਲਾ ਵਧਾਇਆ।

# ਨਸ਼ਾ, ਲੁੱਟਾਂ-ਖੋਹਾਂ ਤੇ ਅਪਰਾਧਾਂ ਨੂੰ ਲੈ ਕੇ ਸਰਕਾਰ 'ਤੇ ਵਰ੍ਹੇ ਵਾਰਸ ਪੰਜਾਬ ਦੇ ਆਗੂ

ਸ੍ਰੀ ਹਰਗੋਬਿੰਦਪੁਰ ਸਾਹਿਬ 1 ਅਕਤੂਬਰ (ਸੰਜੀਵ ਨਈਅਰ) ਪੰਜਾਬ ਦੀ ਸਿਆਸਤ ਵਿੱਚ ਨਸ਼ੇ ਅਤੇ ਕਾਨੂੰਨ-ਵਿਵਸਥਾ ਨੂੰ ਲੈ ਕੇ ਚੱਲ ਰਹੀ ਚਰਚਾ ਦਰਮਿਆਨ ਵਾਰਸ ਪੰਜਾਬ ਦੇ ਸ੍ਰੀ ਹਰਗੋਬਿੰਦਪੁਰ ਸਾਹਿਬ ਤੋਂ ਸਰਗਰਮ ਆਗੂ ਪਲਵਿੰਦਰ ਸਿੰਘ ਸਿੱਧੂ ਨੇ ਪੰਜਾਬ ਸਰਕਾਰ ਨੂੰ ਤਿੱਖੇ ਸਵਾਲਾਂ ਦੇ ਘੇਰੇ ਵਿੱਚ ਲਿਆ ਹੈ। ਸਿੱਧੂ ਨੇ ਕਿਹਾ ਕਿ ਪੰਜਾਬ ਵਿੱਚ ਨਸ਼ਾ, ਲੁੱਟ-ਖੋਹ, ਚੋਰੀਆਂ ਅਤੇ ਕਤਲ ਵਰਗੀਆਂ ਘਟਨਾਵਾਂ ਨੂੰ ਲੈ ਕੇ ਲੋਕਾਂ ਵਿੱਚ ਚਿੰਤਾ ਹੈ। ਉਨ੍ਹਾਂ ਦਾ ਦੋਸ਼ ਹੈ ਕਿ ਸਰਕਾਰ ਜ਼ਮੀਨੀ ਹਕੀਕਤਾਂ ਦਾ ਹੱਲ ਕਰਨ ਦੀ ਬਜਾਏ ਆਪਣੀਆਂ ਨਾਕਾਮੀਆਂ ਨੂੰ ਛੁਪਾਉਣ ਲਈ ਬਿਆਨਬਾਜ਼ੀ ਕਰ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕਾਂ ਨੂੰ ਹੁਣ ਦਾਅਵੇ ਨਹੀਂ, ਨਤੀਜੇ ਚਾਹੀਦੇ ਹਨ।' ਸਰਕਾਰ ਦੀ ਕਾਰਗੁਜ਼ਾਰੀ 'ਤੇ ਸਵਾਲ ਚੁੱਕਦਿਆਂ ਉਨ੍ਹਾਂ ਕਿਹਾ ਕਿ ਜੇਕਰ ਨਸ਼ੇ ਦੀ ਸਮੱਸਿਆ 'ਤੇ ਕਾਬੂ ਪਾਉਣਾ ਹੈ ਤਾਂ ਸਿਰਫ਼ ਐਲਾਨਾਂ ਨਾਲ ਨਹੀਂ, ਸਗੋਂ ਨਸ਼ੇ ਦੇ ਕਾਰੋਬਾਰ ਨੂੰ ਜੜ੍ਹ ਤੋਂ ਖਤਮ ਕਰਨ ਲਈ ਸਖ਼ਤ ਅਤੇ ਲਗਾਤਾਰ ਕਾਰਵਾਈ ਦੀ ਲੋੜ ਹੈ। ਪਲਵਿੰਦਰ ਸਿੰਘ ਸਿੱਧੂ ਨੇ ਕਿਹਾ ਕਿ ਵਾਰਸ ਪੰਜਾਬ ਦੇ ਦੀ ਸਰਕਾਰ ਬਣਨ ਅਤੇ ਭਾਈ ਅੰਮ੍ਰਿਤਪਾਲ ਸਿੰਘ ਦੇ ਮੁੱਖ ਮੰਤਰੀ ਬਣਨ ਦੀ ਸਥਿਤੀ ਵਿੱਚ ਨਸ਼ੇ ਨੂੰ ਪੰਜਾਬ ਵਿੱਚੋਂ ਖਤਮ ਕਰਨਾ, ਨੌਜਵਾਨਾਂ ਲਈ ਰੁਜ਼ਗਾਰ ਦੇ ਮੌਕੇ ਪੈਦਾ ਕਰਨਾ ਅਤੇ ਪੰਜਾਬ ਦੀ ਆਰਥਿਕਤਾ ਨੂੰ ਮਜ਼ਬੂਤ ਕਰਨਾ ਮੁੱਖ ਏਜੰਡਾ ਹੋਵੇਗਾ। ਉਨ੍ਹਾਂ ਕਿਹਾ ਕਿ ਪੰਜਾਬ ਦਾ ਨੌਜਵਾਨ ਨਸ਼ੇ ਜਾਂ ਬੇਰੁਜ਼ਗਾਰੀ ਦੀ ਮਾਰ ਸਹਿਣ ਲਈ ਨਹੀਂ, ਸਗੋਂ ਆਪਣੇ ਭਵਿੱਖ ਨੂੰ ਬਣਾਉਣ ਲਈ ਪੈਦਾ ਹੋਇਆ ਹੈ। ਸਰਕਾਰਾਂ ਦੀ ਜ਼ਿੰਮੇਵਾਰੀ ਹੈ ਕਿ ਨੌਜਵਾਨਾਂ ਨੂੰ ਸਿੱਖਿਆ, ਹੁਨਰ ਅਤੇ ਰੁਜ਼ਗਾਰ ਦੇ ਮੌਕੇ ਦਿੱਤੇ ਜਾਣ ਤਾਂ ਜੋ ਉਹ ਵਿਦੇਸ਼ ਜਾਣ ਲਈ ਮਜਬੂਰ ਨਾ ਹੋਣ। ਸਿੱਧੂ ਨੇ ਕਿਹਾ ਕਿ 2027 ਦੀਆਂ ਚੋਣਾਂ ਪੰਜਾਬ ਲਈ ਇੱਕ ਮਹੱਤਵਪੂਰਨ ਮੋੜ ਹੋ ਸਕਦੀਆਂ ਹਨ ਅਤੇ ਵਾਰਸ ਪੰਜਾਬ ਦੇ ਵੱਲੋਂ ਲੋਕਾਂ ਦੇ ਮੁੱਦਿਆਂ ਨੂੰ ਲੈ ਕੇ ਪਿੰਡ-ਪਿੰਡ ਅਤੇ ਘਰ-ਘਰ ਤੱਕ ਪਹੁੰਚ ਬਣਾਈ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਪੰਜਾਬ ਦੇ ਭਵਿੱਖ ਸਬੰਧੀ ਆਖਰੀ ਫ਼ੈਸਲਾ ਲੋਕਾਂ ਨੇ ਆਪਣੇ ਵੋਟ ਰਾਹੀਂ ਕਰਨਾ ਹੈ।

# ਖਾਲਸਾ ਯੂਨੀਵਰਸਿਟੀ: 'ਸਿੰਘ ਸਭਾ ਲਹਿਰ' ਦੇ ਸਥਾਪਨਾ ਦਿਵਸ ਨੂੰ ਸਮਰਪਿਤ ਸੈਮੀਨਾਰ

ਅੰਮ੍ਰਿਤਸਰ, 1 ਅਕਤੂਬਰ (ਮੋਹਕਮ ਸਿੰਘ) ਖਾਲਸਾ ਯੂਨੀਵਰਸਿਟੀ ਦੇ ਧਰਮ ਅਧਿਐਨ ਵਿਭਾਗ ਅਤੇ ਸ੍ਰੀ ਗੁਰੂ ਸਿੰਘ ਸਭਾ ਅੰਮ੍ਰਿਤਸਰ ਦੇ ਸਾਂਝੇ ਸਹਿਯੋਗ ਸਦਕਾ ਸਿੰਘ ਸਭਾ ਲਹਿਰ ਦੇ ਇਤਿਹਾਸਕ, ਧਾਰਮਿਕ ਅਤੇ ਸਮਾਜਿਕ ਮਹੱਤਵ ਤੋਂ ਵਿਦਿਆਰਥੀਆਂ ਅਤੇ ਨੌਜਵਾਨ ਪੀੜ੍ਹੀ ਨੂੰ ਜਾਣੂ ਕਰਵਾਉਣ ਦੇ ਉਦੇਸ਼ ਨਾਲ 'ਸਿੰਘ ਸਭਾ ਲਹਿਰ' ਦੇ ਸਥਾਪਨਾ ਦਿਵਸ ਨੂੰ ਸਮਰਪਿਤ ਵਿਸ਼ੇਸ਼ ਸੈਮੀਨਾਰ ਕਰਵਾਇਆ ਗਿਆ। ਸੈਮੀਨਾਰ ਦੌਰਾਨ ਸਿੰਘ ਸਭਾ ਲਹਿਰ ਦੇ ਇਤਿਹਾਸਕ ਪਿਛੋਕੜ, ਇਸ ਦੇ ਉਦੇਸ਼ਾਂ, ਪ੍ਰਾਪਤੀਆਂ ਅਤੇ ਸਿੱਖ ਸਮਾਜ 'ਤੇ ਪਏ ਪ੍ਰਭਾਵ ਬਾਰੇ 'ਵਰਸਿਟੀ ਦੇ ਉਪ ਕੁਲਪਤੀ ਡਾ. ਮਹਿਲ ਸਿੰਘ ਅਤੇ ਧਰਮ ਅਧਿਐਨ ਵਿਭਾਗ ਦੇ ਡੀਨ ਤੇ ਮੁੱਖੀ ਡਾ. ਇੰਦਰਜੀਤ ਸਿੰਘ ਗੋਗੋਆਣੀ ਨੇ ਵਿਚਾਰ ਸਾਂਝੇ ਕੀਤੇ। ਸਿੱਖ ਪੰਥ 'ਚ ਜਾਗ੍ਰਿਤੀ ਦੀ ਲਹਿਰ ਵਜੋਂ 1 ਅਕਤੂਬਰ 1873 ਨੂੰ ਸਥਾਪਿਤ ਹੋਈ ਸ੍ਰੀ ਗੁਰੂ ਸਿੰਘ ਸਭਾ ਅੰਮ੍ਰਿਤਸਰ ਵੱਲੋਂ ਸਿੰਘ ਸਭਾ ਲਹਿਰ ਦੇ ਸਥਾਪਨਾ ਦਿਵਸ ਨੂੰ ਸਮਰਪਿਤ ਵਿਸ਼ੇਸ਼ ਸੈਮੀਨਾਰ ਮੌਕੇ ਡਾ. ਮਹਿਲ ਸਿੰਘ ਨੇ ਸਿੰਘ ਸਭਾ ਲਹਿਰ ਦਾ ਇਤਿਹਾਸਿਕ ਪਿਛੋਕੜ ਤੇ ਪ੍ਰਾਪਤੀਆਂ ਵਿਸ਼ੇ 'ਤੇ ਆਪਣੇ ਵਿਚਾਰ ਸਾਂਝੇ ਕਰਦਿਆਂ ਕਿਹਾ ਕਿ ਸਿੰਘ ਸਭਾ ਹੀ ਬਾਕੀ ਸਾਰੀ ਸੰਸਥਾਵਾਂ ਦੀ ਮਾਂ ਸੰਸਥਾ ਹੈ ਇਸ ਤੋਂ ਹੀ ਖਾਲਸਾ ਕਾਲਜ, ਚੀਫ ਖਾਲਸਾ ਦੀਵਾਨ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵਰਗੀਆਂ ਸੰਸਥਾਵਾਂ ਹੋਂਦ 'ਚ ਆਈਆ।ਉਨ੍ਹਾਂ ਕਿਹਾ ਕਿ ਸਿੰਘ ਸਭਾ ਨੇ ਦੇਸ਼ ਦੀ ਆਜ਼ਾਦੀ ਦੇ ਵਿੱਚ ਇਕ ਬਹੁਤ ਵੱਡਾ ਰੋਲ ਅਦਾ ਕੀਤਾ ਹੈ ਅਤੇ ਸਿੰਘ ਸਭਾ ਵੱਲੋਂ ਪ੍ਰਕਾਸ਼ਿਤ ਸਾਹਿਤ ਨੇ ਸਮਾਜ 'ਚ ਚੇਤਨਾ ਪੈਦਾ ਕੀਤੀ। ਦੂਜਾ ਪੇਪਰ ਸਿੰਘ ਸਭਾ ਲਹਿਰ ਦੇ ਨਾਮਵਾਰ ਪ੍ਰਚਾਰਕ ਭਾਈ ਹੀਰਾ ਸਿੰਘ ਰਾਗੀ ਦੀ 100 ਸਾਲਾ ਯਾਦ ਨੂੰ ਸਮਰਪਿਤ ਕੀਤਾ ਗਿਆ।ਭਾਈ ਹੀਰਾ ਸਿੰਘ ਰਾਗੀ ਦੀ ਬਹੁਪੱਖੀ ਦੇਣ ਵਿਸ਼ੇ 'ਤੇ ਸਭਾ ਦੇ ਪ੍ਰਧਾਨ ਡਾ. ਗੋਗੋਆਣੀ ਨੇ ਆਪਣੇ ਵਿਚਾਰ ਸਾਂਝੇ ਕੀਤੇ।ਉਨ੍ਹਾਂ ਕਿਹਾ ਕਿ ਭਾਈ ਹੀਰਾ ਸਿੰਘ ਸਾਡੇ ਪ੍ਰਚਾਰਕਾਂ ਲਈ ਵੀ ਚਾਨਣ ਮੁਨਾਰਾ ਹਨ ਇਨ੍ਹਾਂ ਨੇ ਖਾਲਸਾ ਸਕੂਲਾਂ ਦੀ ਸਥਾਪਨਾ ਤੇ ਸਿੱਖ ਐਜੂਕੇਸ਼ਨ ਕਾਨਫਰੰਸ 'ਚ ਸ਼ਮੂਲੀਅਤ ਕਰਕੇ ਕੌਮ ਅਤੇ ਧਰਮ ਦਾ ਬੜਾ ਵੱਡਾ ਪ੍ਰਚਾਰ ਕੀਤਾ।ਇਨ੍ਹਾਂ ਦਾ ਜੀਵਨ ਬੇਲੌੜਾ ਤਰਕਵਾਦ ਤੋਂ ਉੱਪਰ ਉੱਠ ਕੇ ਬਿਬੇਕਸ਼ੀਲ ਬਣਨ ਦੀ ਪ੍ਰੇਰਨਾ ਦਿੰਦਾ ਹੈ। ਉਕਤ ਬੁਲਾਰਿਆਂ ਨੇ ਕਿਹਾ ਕਿ ਸਿੰਘ ਸਭਾ ਲਹਿਰ ਨੇ ਸਿੱਖ ਧਰਮ ਅਤੇ ਸਿੱਖ ਸਮਾਜ 'ਚ ਧਾਰਮਿਕ ਅਤੇ ਸਮਾਜਿਕ ਜਾਗਰੂਕਤਾ ਪੈਦਾ ਕਰਨ 'ਚ ਮਹੱਤਵਪੂਰਨ ਭੂਮਿਕਾ ਨਿਭਾਈ।ਇਸ ਲਹਿਰ ਨੇ ਸਿੱਖ ਧਰਮ ਦੇ ਮੂਲ ਸਿਧਾਂਤਾਂ, ਗੁਰਬਾਣੀ, ਸਿੱਖ ਰਹਿਤ—ਮਰਿਯਾਦਾ ਅਤੇ ਸਿੱਖ ਇਤਿਹਾਸ ਨਾਲ ਲੋਕਾਂ ਨੂੰ ਜੋੜਨ ਲਈ ਵੱਡੇ ਪੱਧਰ 'ਤੇ ਯਤਨ ਕੀਤੇ।ਉਨ੍ਹਾਂ ਕਿਹਾ ਕਿ ਸਿੱਖ ਇਤਿਹਾਸ ਦੇ ਅਜਿਹੇ ਮਹੱਤਵਪੂਰਨ ਅਧਿਆਇ ਨੌਜਵਾਨਾਂ ਨੂੰ ਆਪਣੀ ਵਿਰਾਸਤ ਨਾਲ ਜੋੜਨ ਦੇ ਨਾਲ—ਨਾਲ ਉਨ੍ਹਾਂ 'ਚ ਇਤਿਹਾਸਕ ਚੇਤਨਾ ਦਾ ਵਿਕਾਸ ਕਰਨ 'ਚ ਸਹਾਈ ਹੁੰਦੇ ਹਨ। ਇਸ ਮੌਕੇ ਡਾ. ਗੋਗਆਣੀ ਤੇ ਜਨਰਲ ਸਕੱਤਰ ਸ. ਹਰਮਨਜੀਤ ਸਿੰਘ ਨੇ ਸਾਂਝੇ ਤੌਰ 'ਤੇ ਉਕਤ ਸਥਾਪਨਾ ਦਿਵਸ ਦੀ ਇਤਿਹਾਸਕ ਮਹੱਤਤਾ ਨੂੰ ਯਾਦ ਕਰਦਿਆਂ ਸਿੱਖ ਇਤਿਹਾਸ, ਧਰਮ ਅਤੇ ਵਿਰਾਸਤ ਨਾਲ ਸਬੰਧਿਤ ਅਜਿਹੇ ਅਕਾਦਮਿਕ ਉਪਰਾਲਿਆਂ ਨੂੰ ਅਗਾਂਹ ਵੀ ਜਾਰੀ ਰੱਖਣ ਦੀ ਲੋੜ ਪ੍ਰਗਟਾਈ ਗਈ।ਉਨ੍ਹਾਂ ਕਿਹਾ ਕਿ ਸੈਮੀਨਾਰ ਡਾ. ਰਮਿੰਦਰ ਕੌਰ, ਮੁਖੀ ਪੰਜਾਬੀ ਅਧਿਆਨ ਸਕੂਲ, ਡੀਨ ਭਾਸ਼ਾਵਾਂ, ਖਾਲਸਾ ਯੂਨੀਵਰਸਿਟੀ ਅਤੇ ਗੁਰਮਤਿ ਸਟੱਡੀ ਸੈਂਟਰ ਦੇ ਵਿਸ਼ੇਸ਼ ਸਹਿਯੋਗ ਨਾਲ ਕਰਵਾਇਆ ਗਿਆ।ਪ੍ਰੋਗਰਾਮ ਦੇ ਆਰੰਭ 'ਚ ਵਿਦਿਆਰਥੀਆਂ ਵੱਲੋਂ ਸ਼ਬਦ ਗਾਇਨ ਕੀਤਾ ਗਿਆ। ਇਸ ਮੌਕੇ ਅੰਮ੍ਰਿ

# ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਵੱਲੋਂ 'ਅੰਤਰਰਾਸ਼ਟਰੀ ਬਜ਼ੁਰਗ ਦਿਵਸ' ਮੌਕੇ ਲਗਾਏ ਗਏ ਮੁਫ਼ਤ ਮੈਡੀਕਲ ਚੈੱਕਅਪ ਕੈਂਪ

**ਫਾਜ਼ਿਲਕਾ 1 ਅਕਤੂਬਰ (ਮਨੋਜ ਕੁਮਾਰ)** ਮਾਣਯੋਗ ਜਸਟਿਸ ਸ੍ਰੀ ਦੀਪਕ ਸਿੱਬਲ, ਕਾਰਜਕਾਰੀ ਚੇਅਰਮੈਨ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ (ਮੋਹਾਲੀ) ਜੀ ਅਤੇ ਮਾਣਯੋਗ ਸ੍ਰੀਮਤੀ ਜਗਦੀਪ ਕੌਰ ਵਿਰਕ, ਇੰਚਾਰਜ ਮੈਂਬਰ ਸਕੱਤਰ, ਪੰਜਾਬ ਰਾਜ ਕਾਨੂੰਨੀ ਸੇਵਾਵਾਂ ਅਥਾਰਟੀ, ਐਸ.ਏ.ਐਸ. ਨਗਰ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਮਾਣਯੋਗ ਸ੍ਰੀ ਕੇ.ਕੇ. ਸਿੰਗਲਾ, ਇੰਚਾਰਜ ਜ਼ਿਲ੍ਹਾ ਤੇ ਸੈਸ਼ਨ ਜੱਜ, ਫਾਜ਼ਿਲਕਾ ਜੀ ਦੀ ਅਗਵਾਈ ਅਤੇ ਮੈਡਮ ਰੂਚੀ ਸਵਪਨ ਸ਼ਰਮਾ, ਮਾਣਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਦੀ ਰਹਿਨੁਮਾਈ ਹੇਠ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਵੱਲੋਂ ਅੱਜ ਮਿਤੀ 01.10.2026 ਨੂੰ 'ਅੰਤਰਰਾਸ਼ਟਰੀ ਬਜ਼ੁਰਗ ਦਿਵਸ' ਦੇ ਸਬੰਧ ਵਿੱਚ ਵਿਸ਼ੇਸ਼ ਪ੍ਰੋਗਰਾਮਾਂ ਦਾ ਆਯੋਜਨ ਕੀਤਾ ਗਿਆ।

ਇਸ ਲੜੀ ਤਹਿਤ ਮਾਨਵ ਕਲਿਆਣ ਓਲਡ ਏਜ ਹੋਮ, ਫਾਜ਼ਿਲਕਾ ਵਿਖੇ ਮਾਣਯੋਗ ਇੰਚਾਰਜ ਜ਼ਿਲ੍ਹਾ ਅਤੇ ਸੈਸ਼ਨ ਜੱਜ ਸ੍ਰੀ ਕੇ.ਕੇ. ਸਿੰਗਲਾ ਜੀ ਅਤੇ ਮੈਡਮ ਰੂਚੀ ਸਵਪਨ ਸ਼ਰਮਾ, ਮਾਣਯੋਗ ਸਕੱਤਰ, ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਖੁਦ ਪਹੁੰਚੇ। ਉਨ੍ਹਾਂ ਦੀ ਮੌਜੂਦਗੀ ਵਿੱਚ ਸਿਹਤ ਵਿਭਾਗ, ਫਾਜ਼ਿਲਕਾ ਦੇ ਸਹਿਯੋਗ ਨਾਲ ਮਾਨਵ ਕਲਿਆਣ ਓਲਡ ਏਜ ਹੋਮ ਫਾਜ਼ਿਲਕਾ ਵਿਖੇ ਬਜ਼ੁਰਗਾਂ ਲਈ ਵਿਸ਼ੇਸ਼ ਮੁਫ਼ਤ ਮੈਡੀਕਲ ਚੈੱਕਅਪ ਕੈਂਪ ਲਗਾਏ ਗਏ।

ਇਨ੍ਹਾਂ ਕੈਂਪਾਂ ਦੌਰਾਨ ਸੀਨੀਅਰ ਮੈਡੀਕਲ ਅਫਸਰ ਡਾ. ਐਰਿਕ ਐਡੀਸਨ, ਡਾ. ਅਰਪਿਤ ਗੁਪਤਾ ਅਤੇ ਡਾ. ਨਿਸ਼ਾਂਤ ਸੇਤੀਆ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਡਾਕਟਰਾਂ ਦੀ ਟੀਮ ਵੱਲੋਂ ਓਲਡ ਏਜ ਹੋਮ ਵਿੱਚ ਰਹਿ ਰਹੇ ਬਜ਼ੁਰਗਾਂ ਦੀ ਸਿਹਤ ਦਾ ਮੁਆਇਨਾ ਕੀਤਾ ਗਿਆ ਅਤੇ ਉਨ੍ਹਾਂ ਨੂੰ ਮੁਫ਼ਤ ਦਵਾਈਆਂ ਵੰਡੀਆਂ ਗਈਆਂ। ਇਸ ਮੌਕੇ ਕ੍ਰਿਸ਼ਨਾ ਲੈਬੋਰਟਰੀ ਦੇ ਸਹਿਯੋਗ ਨਾਲ 10 ਬਜ਼ੁਰਗਾਂ ਦੇ ਖੂਨ ਦੇ ਟੈਸਟ ਬਿਲਕੁਲ ਮੁਫ਼ਤ ਕੀਤੇ ਗਏ ਅਤੇ ਉਨ੍ਹਾਂ ਨੂੰ ਸਿਹਤਮੰਦ ਜੀਵਨਸ਼ੈਲੀ ਸੰਬੰਧੀ ਜ਼ਰੂਰੀ ਸਲਾਹਾਂ ਦਿੱਤੀਆਂ ਗਈਆਂ। ਇਸ ਮੌਕੇ ਲੋੜ ਅਨੁਸਾਰ ਮੁਫ਼ਤ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ। ਇਸ ਤੋਂ ਇਲਾਵਾ ਮਾਨਵ ਕਲਿਆਣ ਓਲਡ ਏਜ ਹੋਮ ਵੱਲੋਂ ਪ੍ਰਧਾਨ ਇੰਜੀ. ਅਸ਼ੋਕ ਬੁਧਿਰਾਜਾ ਅਤੇ ਮੈਂਬਰਾਨ ਗਿਰਧਾਰੀ ਲਾਲ ਅਗਰਵਾਲ, ਲੀਲਾਧਰ ਸ਼ਰਮਾ, ਸ੍ਰੀਮਤੀ ਆਸ਼ਾ ਨਾਗਪਾਲ, ਸ੍ਰੀ ਈਸ਼ਵਰ ਵਰਮਾ, ਸ੍ਰੀ ਪ੍ਰਿਥਵੀ ਰਾਜ ਗੁਗਲਾਨੀ, ਸਰਦਾਰ ਜੋਗਿੰਦਰ ਸਿੰਘ ਨਾਮਧਾਰੀ, ਸ੍ਰੀ ਰਮੇਸ਼ ਕਪੂਰ, ਸ੍ਰੀ ਸਤੀਸ਼ ਜੋਸ਼ੀ ਅਤੇ ਵੱਖ-ਵੱਖ ਸੰਸਥਾਵਾਂ ਦੇ ਮੈਂਬਰ ਸ਼੍ਰੀ ਨਰੇਸ਼ ਮਿੱਤਲ ਅਤੇ ਸ਼੍ਰੀ ਸ਼ਸ਼ੀ ਕਾਂਤ ਵੀ ਮੌਜੂਦ ਰਹੇ।

ਇਸ ਤੋਂ ਇਲਾਵਾ ਡਿਗਨਿਟੀ ਓਲਡ ਏਜ ਹੋਮ ਅਬੋਹਰ ਅਤੇ ਸਮਰੱਥ ਓਲਡ ਏਜ ਹੋਮ, ਅਬੋਹਰ ਵਿਖੇ, ਪਿੰਡ ਤੇਜਾ ਰੋਹੇਲਾ, ਨੂਰਸ਼ਾਹ, ਮਾਹੂਆਣਾ ਬੋਦਲਾ, ਟਾਹਲੀਵਾਲਾ, ਜਮਾਲਗੜ੍ਹ, ਮੌਜਗੜ੍ਹ ਅਤੇ ਪੰਜਕੋਸੀ ਵਿਖੇ ਵੀ ਪੈਨਲ ਵਕੀਲਾਂ ਅਤੇ ਪੈਰਾ ਲੀਗਲ ਵਲੰਟੀਅਰਾਂ ਦੀਆਂ ਟੀਮਾਂ ਦੁਆਰਾ ਸੈਮੀਨਾਰ/ਜਾਗਰੂਕਤਾ ਕੈਂਪਾਂ ਦਾ ਆਯੋਜਨ ਕੀਤਾ ਗਿਆ।

ਇਨ੍ਹਾਂ ਕੈਂਪਾਂ ਅਤੇ ਸੈਮੀਨਾਰਾਂ ਦੌਰਾਨ ਬਜ਼ੁਰਗਾਂ ਨੂੰ ਨਾਲਸਾ ਸਕੀਮ, ਮੁਫ਼ਤ ਕਾਨੂੰਨੀ ਸਹਾਇਤਾ, ਨਾਲਸਾ ਹੈਲਪਲਾਈਨ ਨੰਬਰ 15100, ਅਧੀਨ ਮਿਲਣ ਵਾਲੇ ਅਧਿਕਾਰਾਂ ਅਤੇ ਹੱਕਾਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਬਜ਼ੁਰਗਾਂ ਨੂੰ ਸਕੀਮਾਂ ਨਾਲ ਸਬੰਧਤ ਪੈਂਫਲੇਟ ਅਤੇ ਸਮੱਗਰੀ ਵੀ ਵੰਡੀ ਗਈ ਮਾਣਯੋਗ ਸ਼੍ਰੀ ਕੇ.ਕੇ. ਸਿੰਗਲਾ, ਇੰਚਾਰਜ ਜ਼ਿਲ੍ਹਾ ਤੇ ਸੈਸ਼ਨ ਜੱਜ, ਫਾਜ਼ਿਲਕਾ ਜੀ ਨੇ ਦੱਸਿਆ ਕਿ ਬਜ਼ੁਰਗ ਸਾਡੇ ਸਮਾਜ ਦਾ ਸਰਮਾਇਆ ਹਨ ਅਤੇ ਉਨ੍ਹਾਂ ਦੀ ਦੇਖਭਾਲ, ਸਿਹਤ ਅਤੇ ਕਾਨੂੰਨੀ ਅਧਿਕਾਰਾਂ ਦੀ ਰਾਖੀ ਕਰਨਾ ਸਾਡਾ ਸਾਰਿਆਂ ਦਾ ਨੈਤਿਕ ਫ਼ਰਜ਼ ਹੈ।

ਇਸ ਤੋਂ ਇਲਾਵਾ ਕਿਸੇ ਵੀ ਕਿਸਮ ਦੀ ਮੁਫ਼ਤ ਕਾਨੂੰਨੀ ਸਲਾਹ ਅਤੇ ਸਹਾਇਤਾ ਲਈ ਟੋਲ-ਫਰੀ ਨੰ. 15100 ਜਾਂ ਜ਼ਿਲ੍ਹਾ ਕਾਨੂੰਨੀ ਸੇਵਾਵਾਂ ਅਥਾਰਟੀ, ਫਾਜ਼ਿਲਕਾ ਦੇ ਟੈਲੀਫੋਨ ਨੰ. 01638-261500 'ਤੇ ਸੰਪਰਕ ਕੀਤਾ ਜਾ ਸਕਦਾ ਹੈ।

## ਡੀ.ਸੀ. ਦੱਫਤਰ ਦੇ ਸਾਹਮਣੇ ਰੋਸ ਪ੍ਰਦਰਸ਼ਨ ਦੌਰਾਨ ਭਾਜਪਾ ਵੱਲੋਂ ਦੇਸ਼ 'ਚ ਤਾਨਾਸ਼ਾਹੀ ਰਾਜ ਦਾ ਲਗਾਇਆ ਦੋਸ਼

**ਸ਼ਸ਼ੀ ਪਾਲ ਜੈਨ**

**ਮੋਹਾਲੀ 1 ਅਕਤੂਬਰ**- ਮੋਹਾਲੀ ਵਿਖੇ ਖੱਬੀਆਂ ਪਾਰਟੀਆਂ ਵੱਲੋਂ ਮੁਖ ਚੋਣ ਕਮਿਸ਼ਨਰ (ਭਾਰਤ) ਦੀਆਂ ਕਥਿਤ ਪੱਖਪਾਤੀ ਅਤੇ ਗੈਰ-ਕਾਨੂੰਨੀਕਾਰਵਾਈਆਂ ਦੇ ਖਿਲਾਫ਼ ਦਿੱਤੇ ਸੱਦੇ ਤਹਿਤ, ਭਾਰਤੀ ਕਾਮੂਨਿਸਟ ਪਾਰਟੀ ਜਿਲ੍ਹਾਂ ਮੋਹਾਲੀ ਵੱਲੋਂ ਕਾਮਰੇਡ ਬੰਤ ਸਿੰਘ ਬਰਾੜ ਅਤੇ ਵਕੀਲ ਜਸਪਾਲ ਸਿੰਘ ਦੱਪਰ ਦੀ ਅਗਵਾਈ ਵਿੱਚ ਰੋਸ ਪ੍ਰਦਰਸ਼ਨ ਡੀ.ਸੀ. ਦੱਫਤਰ ਦੇ ਸਾਹਮਣੇ ਕੀਤਾ ਗਿਆ ਇਸ ਪ੍ਰਦਰਸ਼ਨ ਵਿੱਚ ਜਿਲ੍ਹੇ ਭਰ ਤੋਂ ਸੈਂਕੜੇ ਸਾਥੀ ਸਾਮਿਲ ਹੋਏ ਤੇ ਮੰਗ ਕੀਤੀ ਗਈ ਮੁਖ ਚੋਣ ਕਮਿਸ਼ਨਰ ਦੇ ਖਿਲਾਫ਼ ਅਪਰਾਧਿਕ ਮੁਕੱਦਮਾਂ ਦਰਜ ਕਰਕੇ ਗ੍ਰਿਫ਼ਤਾਰ ਕੀਤਾ ਜਾਵੇ ਅਤੇ ਉਨ੍ਹਾਂ ਨੂੰਸੰਵਿਧਾਨਿਕ ਅਹੁਦੇ ਤੋਂ ਵੀ ਬਰਖ਼ਾਸਤ ਕੀਤਾ ਜਾਵੇ। ਇਸਤੋਂ ਇਲਾਵਾ, 13 ਕਰੋੜ ਭਾਰਤੀ ਮੱਤਦਾਤਵਾਂ ਦੀਆਂ ਗੈਰ-ਕਾਨੂੰਨੀ ਤਰੀਕੇ ਨਾਲ ਵੋਟਾ ਕੱਟਣ ਦੀ ਕਥਿਤ ਸਾਜਿਸ਼ ਵਿੱਚ ਦੇਸ਼ ਦਾ ਪ੍ਰਧਾਨ ਮੰਤਰੀ ਸ੍ਰੀ ਨਰਿੰਦਰ ਮੋਦੀ ਅਤੇ ਗ੍ਰਹਿ ਮੰਤਰੀ ਸ੍ਰੀ ਅਮਿਤ ਸ਼ਾਹ ਵੀ ਸਾਮਿਲ ਹਨ ਅਤੇ ਉਹਨਾਂ ਦੇ ਵੀ ਅਸਤੀਫ਼ਿਆਂ ਦੀ ਵੀ ਮੰਗ ਕੀਤੀ ਗਈ ਹੈ। "ਇਸ ਮੌਕੇ ਕਾਮਰੇਡ ਬੰਤ ਸਿੰਘ ਬਰਾੜ ਨੇ ਦੱਸਿਆ ਕਿ ਭਾਰਤੀ ਲੋਕਤੰਤਰ ਨੂੰ ਕੇਂਦਰ ਦੀ ਸਰਕਾਰ ਵੱਲੋਂਇੱਕ ਡੂੰਘੀ ਸਾਜਿਸ਼ ਰਾਹੀ ਕਮਜੋਰ ਕੀਤਾ ਜਾ ਰਿਹਾ ਹੈ ਅਤੇ ਲੋਕਾ ਦੇ ਮਤ ਦਾ ਅਧਿਕਾਰ ਨੂੰ ਗੈਰਕਾਨੂੰਨੀ ਤਰੀਕੇ ਨਾਲ ਖਤਮ ਕੀਤਾ ਜਾ ਰਿਹਾ ਹੈ।

## ਸਫ਼ਾ ਇੱਕ ਦੀਆਂ ਬਾਕੀ...

### ਪੰਜਾਬ ਕਾਂਗਰਸ 'ਚ .....

ਸਿੰਘ ਚੰਨੀ ਦਾ ਨਾਮ ਵੀ ਚਰਚਾ ਵਿੱਚ ਦੱਸਿਆ ਜਾ ਰਿਹਾ ਹੈ। ਇਨ੍ਹਾਂ ਵਿੱਚ ਵਿਜੇ ਇੰਦਰ ਸਿੰਗਲਾ ਦਾ ਨਾਮ ਖ਼ਾਸ ਤੌਰ 'ਤੇ ਚਰਚਾ ਵਿੱਚ ਆ ਰਿਹਾ ਹੈ। ਪਾਰਟੀ ਸੂਤਰਾਂ ਅਨੁਸਾਰ ਉਹ ਨਵੇਂ ਸੂਬਾ ਪ੍ਰਧਾਨ ਦੇ ਅਹੁਦੇ ਲਈ ਮੋਹਰੀ ਦਾਅਵੇਦਾਰਾਂ ਵਿੱਚ ਸ਼ਾਮਲ ਹਨ। ਹਾਲਾਂਕਿ ਸਿੰਗਲਾ ਨੇ ਇਸ ਸਬੰਧੀ ਕਿਸੇ ਦਾਅਵੇ ਦੀ ਪੁਸ਼ਟੀ ਨਹੀਂ ਕੀਤੀ ਅਤੇ ਆਪਣੇ ਆਪ ਨੂੰ ਪਾਰਟੀ ਦਾ ਵਫ਼ਾਦਾਰ ਵਰਕਰ ਦੱਸਦਿਆਂ ਕਿਹਾ ਕਿ ਪਾਰਟੀ ਵੱਲੋਂ ਜਿਹੜੀ ਵੀ ਜ਼ਿੰਮੇਵਾਰੀ ਦਿੱਤੀ ਜਾਵੇਗੀ, ਉਹ ਉਸ ਨੂੰ ਨਿਭਾਉਣਗੇ। ਨਵੇਂ ਪ੍ਰਧਾਨ ਦੀ ਨਿਯੁਕਤੀ ਤੋਂ ਬਾਅਦ ਪੰਜਾਬ ਕਾਂਗਰਸ ਦੀ ਅੰਦਰੂਨੀ ਸਿਆਸਤ ਅਤੇ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੀ ਤਿਆਰੀ ਨੂੰ ਨਵੀਂ ਦਿਸ਼ਾ ਮਿਲਣ ਦੀ ਸੰਭਾਵਨਾ ਹੈ। ਵੜਿੰਗ ਦੇ ਅਸਤੀਫ਼ੇ ਨਾਲ ਪੰਜਾਬ ਕਾਂਗਰਸ ਵਿੱਚ ਇੱਕ ਦੌਰ ਦਾ ਅੰਤ ਹੋ ਗਿਆ ਹੈ ਅਤੇ ਹੁਣ ਸਾਰੀਆਂ ਨਜ਼ਰਾਂ ਹਾਈਕਮਾਂਡ ਵੱਲ ਹਨ ਕਿ ਸੂਬੇ ਦੀ ਪਾਰਟੀ ਇਕਾਈ ਦੀ ਅਗਵਾਈ ਕਿਸ ਆਗੂ ਨੂੰ ਸੌਂਪੀ ਜਾਂਦੀ ਹੈ। ਨਵੇਂ ਪ੍ਰਧਾਨ ਦੀ ਚੋਣ ਸਿਰਫ਼ ਸੰਗਠਨਾਤਮਕ ਤਬਦੀਲੀ ਨਹੀਂ ਹੋਵੇਗੀ, ਸਗੋਂ 2027 ਦੀਆਂ ਪੰਜਾਬ ਵਿਧਾਨ ਸਭਾ ਚੋਣਾਂ ਤੋਂ ਪਹਿਲਾਂ ਕਾਂਗਰਸ ਦੀ ਰਣਨੀਤੀ ਅਤੇ ਅੰਦਰੂਨੀ ਤਾਲਮੇਲ ਲਈ ਵੀ ਮਹੱਤਵਪੂਰਨ ਕਦਮ ਮੰਨਿਆ ਜਾ ਰਿਹਾ ਹੈ।

### ਪੀਐਮ ਮੋਦੀ ਨੇ .....

ਸ਼ਲਾਘਾ ਕੀਤੀ। ਰਿਪੋਰਟਾਂ ਮੁਤਾਬਕ ਉਡਾਣ ਦੌਰਾਨ ਕਾਕਪਿਟ ਵਿੱਚ ਵਾਪਰੀ ਗੰਭੀਰ ਘਟਨਾ ਦੇ ਬਾਵਜੂਦ ਮਚਛਰ ਨੇ ਜਹਾਜ਼ ਵਿੱਚ ਸਵਾਰ ਲੋਕਾਂ ਦੀ ਜਾਨ ਬਚਾਉਣ ਲਈ ਹਿੰਮਤ ਦਿਖਾਈ। ਪੀਐਮ ਮੋਦੀ ਨੇ ਉਨ੍ਹਾਂ ਦੇ ਹੌਸਲੇ ਅਤੇ ਫਰਜ਼ ਪ੍ਰਤੀ ਸਮਰਪਣ ਦੀ ਸ਼ਲਾਘਾ ਕੀਤੀ। ਪ੍ਰਧਾਨ ਮੰਤਰੀ ਨੇ ਦੱਸਿਆ ਕਿ ਉਨ੍ਹਾਂ ਨੇ ਕੈਪਟਨ ਮਚਛਰ ਦੇ ਪਰਿਵਾਰ ਨਾਲ ਵੀ ਗੱਲ ਕੀਤੀ ਅਤੇ ਉਨ੍ਹਾਂ ਦੀ ਸਿਹਤਯਾਬੀ ਲਈ ਸ਼ੁਭਕਾਮਨਾਵਾਂ ਦਿੱਤੀਆਂ। ਪੀਐਮ ਮੋਦੀ ਨੇ ਕਿਹਾ ਕਿ ਦੇਸ਼ ਤੇਜ਼ੀ ਨਾਲ ਬਦਲ ਰਿਹਾ ਹੈ ਅਤੇ ਸਰਕਾਰੀ ਸੇਵਾਵਾਂ ਲਈ ਅਧਿਕਾਰੀਆਂ ਦੀ ਚੋਣ ਕਰਨ ਵਾਲੀਆਂ ਸੰਸਥਾਵਾਂ ਨੂੰ ਵੀ ਨਵੀਆਂ ਲੋੜਾਂ ਅਨੁਸਾਰ ਸੁਧਾਰ ਕਰਨੇ ਚਾਹੀਦੇ ਹਨ। ਉਨ੍ਹਾਂ ਨੇ ਪ੍ਰੀਖਿਆ ਪ੍ਰਣਾਲੀ ਨੂੰ ਹੋਰ ਪ੍ਰਭਾਵਸ਼ਾਲੀ, ਸਮੇਂਬੱਧ ਅਤੇ ਨੌਜਵਾਨ-ਕੇਂਦਰਿਤ ਬਣਾਉਣ ਦੀ ਲੋੜ ਉਜਾਗਰ ਕੀਤੀ। ਇਸ ਦੇ ਨਾਲ ਹੀ ਪ੍ਰਧਾਨ ਮੰਤਰੀ ਨੇ ਯੂਪੀਐਸਸੀ ਦੀ 100 ਸਾਲਾਂ ਦੀ ਯਾਤਰਾ ਨੂੰ ਦੇਸ਼ ਦੀ ਲੋਕ ਸੇਵਾ ਪ੍ਰਣਾਲੀ ਨਾਲ ਜੋੜਦਿਆਂ ਸੰਸਥਾ ਪ੍ਰਤੀ ਲੋਕਾਂ ਦੇ ਭਰੋਸੇ ਅਤੇ ਇਸ ਦੀ ਭੂਮਿਕਾ ਨੂੰ ਰੇਖਾਂਕਿਤ ਕੀਤਾ।

### ਹਰਿਆਣਾ ਵਾਂਗ.....

ਕਰ ਦਿਆਂਗੇ ਸੈਣੀ ਨੇ ਅੱਗੇ ਕਿਹਾ ਕਿ ਗੁਰੂਆਂ-ਪੀਰਾਂ ਦੀ ਧਰਤੀ ਵਾਲੇ ਪੰਜਾਬ ਦਾ ਦਾ ਅੱਜ ਨਸ਼ਿਆਂ ਕਾਰਨ ਬੁਰਾ ਹਾਲ ਹੈ। ਆਮ ਆਦਮੀ ਪਾਰਟੀ 'ਤੇ ਸ਼ਬਦੀ ਹਮਲੇ ਕਰਦੇ ਹੋਏ ਉਨ੍ਹਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਚਿੱਟੇ ਦੇ ਕਾਰੋਬਾਰ ਨੂੰ ਸ਼ਰੇਆਮ ਚੱਲਣ ਦਿੱਤਾ। ਅੱਜ ਪੰਜਾਬ ਚਿੱਟੇ ਦੇ ਰੰਗ ਰੰਗਿਆ ਗਿਆ ਹੈ ਪਰ ਹੁਣ ਸਮਾਂ ਆ ਗਿਆ ਹੈ ਪੰਜਾਬ ਨੂੰ ਚਿੱਟਾ ਮੁਕਤ ਕੀਤਾ ਜਾਵੇ। ਮੈਂ ਪੰਜਾਬ ਦੇ ਨੌਜਵਾਨਾਂ ਅਤੇ ਮਾਵਾਂ ਨੂੰ ਕਹਿਣ ਆਇਆ ਹਾਂ ਕਿ ਤੁਸੀਂ ਭਾਰਤੀ ਜਨਤਾ ਪਾਰਟੀ ਦਾ ਸਾਥ ਦਿਓ ਅਤੇ ਪੰਜਾਬ 'ਚ ਭਾਜਪਾ ਦੀ ਸਰਕਾਰ ਬਣਾਓ। ਪੰਜਾਬ 'ਚ ਭਾਜਪਾ ਦੀ ਸਰਕਾਰ ਬਣਨ ਤੋਂ ਬਾਅਦ ਪੰਜਾਬ 'ਚੋਂ ਦੋ ਸਾਲਾਂ ਦੇ ਅੰਦਰ-ਅੰਦਰ ਨਸ਼ਾ ਖ਼ਤਮ ਕਰ ਦਿਆਂਗੇ। ਅਮਿਤ ਸ਼ਾਹ ਨੇ ਅੱਗੇ ਕਿਹਾ ਕਿ ਜੇਕਰ ਪੰਜਾਬ 'ਚ ਭਾਜਪਾ ਦੀ ਸਰਕਾਰ ਬਣਦੀ ਹੈ ਤਾਂ 31 ਦਸੰਬਰ 2029 ਤੱਕ ਪੰਜਾਬ ਨੂੰ ਚਿੱਟਾ ਮੁਕਤ ਕਰ ਦਿਆਂਗਾ। ਉਨ੍ਹਾਂ ਕਿਹਾ ਕਿ 31 ਦਸੰਬਰ 2029 ਤੋਂ ਬਾਅਦ ਤੋਂ ਬਾਅਦ ਤੁਹਾਡੇ ਬੱਚਿਆਂ ਨੂੰ ਚਿੱਟਾ ਉਪਲੱਬਧ ਕਰਵਾਉਣ ਵਾਲਾ ਕੋਈ ਨਹੀਂ ਬਚੇਗਾ। ਇਸ ਮੌਕੇ ਬੀਜੇਪੀ ਦੇ ਆਗੂ ਸਤਪਾਲ ਸਿੰਘ ਪੂਨੀਆ ਵੱਲੋਂ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਦਾ ਭਰਵਾਂ ਸਵਾਗਤ ਕੀਤਾ ਗਿਆ ਇਸ ਮੌਕੇ ਬੀਜੇਪੀ ਦੀ ਸੀਨੀਅਰ ਲੀਡਰਸ਼ਿਪ ਤੋਂ ਇਲਾਵਾ ਰਮੇਸ਼ਵਰ ਸ਼ਰਮਾ, ਬਾਬਾ ਅਜੀਤਪਾਲ ਸਿੰਘ, ਰਵਿੰਦਰ ਪਟਿਆਲਾ, ਕਨਇਆ ਲਾਲ ਮਲੇਰਕੋਟਲਾ, ਜਸਵਿੰਦਰ ਸਿੰਘ ਜਫ਼ਰਪੁਰ, ਬਲਵਿੰਦਰ ਸਿੰਘ ਜਫ਼ਰਪੁਰ,ਜਰਨੈਲ ਸਿੰਘ ਸਰਪੰਚ ਪੰਜੋਲਾ, ਗੁਰਦੀਪ ਤੇਜੀ, ਗੁਰਦੀਪ ਪੂਨੀਆ ਗੁਰਪ੍ਰੀਤ ਸਿੰਘ ਪੀ ਏ ,ਕੁੱਬੇਰ ਸ਼ਰਮਾ,ਹਰਦੀਪ ਸਿੰਘ ਸਨੌਰ, ਨੌਜਵਾਨ ਆਗੂ ਅਮਨਦੀਪ ਸਿੰਘ ਢੋਟ,ਵਿਸ਼ੇਸਤੌਰ ਤੇ ਹਾਜ਼ਰ ਸਨ! ਸੈਣੀ ਨੇ ਕਿਹਾ ਕੇ ਭਾਜਪਾ ਸਿਰਫ਼ ਪੰਜਾਬ ਵਿਚ ਨਸ਼ੇ ਦੇ ਮੁੱਦੇ 'ਤੇ ਹੀ ਚੋਣ ਲੜੇਗੀ। ਉਹਨਾਂ ਕਿਹਾ ਕਿ ਜਦੋਂ ਬੋਲੇ ਸੋ ਨਿਹਾਲ ਦਾ ਜੈਕਾਰਾ ਲਗਦਾ ਹੈ ਤਾਂ ਪਾਕਿਸਤਾਨੀ ਫ਼ੌਜਾਂ ਪੁੱਠੇ ਪੈਰੀਂ ਪਿੱਛੇ ਮੁੜ ਜਾਂਦੀਆਂ ਹਨ। ਉਹਨਾਂ ਕਿਹਾ ਕਿ ਆਮ ਆਦਮੀ ਪਾਰਟੀ ਨੇ ਐੱਮ. ਐੱਸ. ਪੀ. ਵਾਲਾ ਵਾਅਦਾ ਪੂਰਾ ਨਹੀਂ ਕੀਤਾ। ਕਿਸਾਨਾਂ ਲਈ ਨੇ ਵੱਡਾ ਐਲਾਨ ਕਰਦੇ ਹੋਏ ਕਿਹਾ ਕਿ ਪੰਜਾਬ 'ਚ ਕਿਸਾਨਾਂ ਦੀਆਂ ਪਰੇਸ਼ਾਨੀਆਂ ਦਾ ਹੱਲ ਕੀਤਾ ਜਾਵੇਗਾ। ਹਰਿਆਣਾ 'ਚ ਕਿਸਾਨਾਂ ਨੂੰ ਐੱਮ. ਐੱਸ. ਪੀ. ਦਿੱਤੀ ਜਾ ਰਹੀ। ਪੰਜਾਬ ਦੀ ਵਿੱਤੀ ਹਾਲਤ ਨੂੰ ਠੀਕ ਕੀਤਾ ਜਾਵੇਗਾ।

## ਬ੍ਰਿਜਸਟੋਨ ਇੰਡੀਆ ਨੇ ਪਟਿਆਲਾ 'ਚ ਨਵਾਂ ਸਿਲੈਕਟ ਸਟੋਰ ਖੋਲ੍ਹਿਆ

**ਪਟਿਆਲ,1 ਅਕਤੂਬਰ ਬਿਊਰੋ:** ਪੰਜਾਬ ਦੇ ਗਾਹਕਾਂ ਪ੍ਰਤੀ ਆਪਣੀ ਵਚਨਬੱਧਤਾ ਨੂੰ ਹੋਰ ਮਜ਼ਬੂਤ ਕਰਦਿਆਂ ਬ੍ਰਿਜਸਟੋਨ ਇੰਡੀਆ ਨੇ ਪਟਿਆਲਾ ਵਿੱਚ ਨਵੇਂ ਬ੍ਰਿਜਸਟੋਨ ਸਿਲੈਕਟ ਸਟੋਰ ਦਾ ਉਦਘਾਟਨ ਕੀਤਾ ਹੈ। ਇਸ ਨਾਲ ਸ਼ਹਿਰ ਵਿੱਚ ਕੰਪਨੀ ਦੇ ਰਿਟੇਲ ਨੈੱਟਵਰਕ ਦਾ ਹੋਰ ਵਿਸਥਾਰ ਹੋਵੇਗਾ। ਬ੍ਰਿਜਸਟੋਨ ਇੰਡੀਆ, ਜਾਪਾਨ ਦੀ ਬ੍ਰਿਜਸਟੋਨ ਕਾਰਪੋਰੇਸ਼ਨ ਦੀ ਇੱਕ ਗਰੁੱਪ ਕੰਪਨੀ ਹੈ। ਨਵਾਂ ਸਿਲੈਕਟ ਸਟੋਰ ਬ੍ਰਿਜ ਟਾਇਰਜ਼, ਸਰਹਿੰਦ ਰੋਡ, ਭਾਰਤ ਫਿਲਿੰਗ ਸਟੇਸ਼ਨ, ਪਟਿਆਲਾ ਵਿਖੇ ਸਥਿਤ ਹੈ। ਬ੍ਰਿਜਸਟੋਨ ਸਿਲੈਕਟ ਸਟੋਰ ਨੂੰ ਇਸ ਤਰ੍ਹਾਂ ਡਿਜ਼ਾਈਨ ਕੀਤਾ ਗਿਆ ਹੈ ਕਿ ਗਾਹਕਾਂ ਨੂੰ ਇੱਕੋ ਥਾਂ 'ਤੇ ਟਾਇਰ ਅਤੇ ਵ ?ਹੀਲ ਕੇਅਰ ਨਾਲ ਸਬੰਧਤ ਸਮੁੱਚੀਆਂ ਸਹੂਲਤਾਂ ਮਿਲ ਸਕਣ। ਪ੍ਰੀਮੀਅਮ

ਟਾਇਰਾਂ ਦੇ ਨਾਲ-ਨਾਲ ਗਾਹਕਾਂ ਨੂੰ ਇੱਥੇ ਮਾਹਿਰਾਂ ਦੀ ਸਲਾਹ, ਆਧੁਨਿਕ ਉਪਕਰਨ ਅਤੇ ਵੱਖ-ਵੱਖ ਸੇਵਾਵਾਂ ਵੀ ਉਪਲਬਧ ਹੋਣਗੀਆਂ। ਇਨ੍ਹਾਂ ਸਾਰੀਆਂ ਸਹੂਲਤਾਂ ਦਾ ਮੁੱਖ ਕੇਂਦਰ ਸੁਰੱਖਿਆ, ਸਹੂਲਤ ਅ

## ਪਿੰਡ ਖਾਨੇਵਾਲਾ ਵਿਖੇ ਆਮ ਆਦਮੀ ਪਾਰਟੀ ਨੂੰ ਮਿਲਿਆ ਵੱਡਾ ਹੁੰਗਾਰਾ

ਪਾਤੜਾਂ 1 ਅਕਤੂਬਰ (ਗਗਨ ਗਰਗ) ਆਮ ਆਦਮੀ ਪਾਰਟੀ ਵੱਲੋਂ ਪੰਜਾਬ ਦੇ ਹਰ ਹਲਕੇ ਦੇ ਪਿੰਡਾਂ ਵਿੱਚ ਲੋਕ ਮਿਲਣੀ ਦੇ ਪ੍ਰੋਗਰਾਮ ਚੱਲ ਰਹੇ ਹਨ, ਜਿਸ ਦੌਰਾਨ ਵਿਧਾਨ ਸਭਾ ਹਲਕਾ ਸ਼ੁਤਰਾਣਾ ਦੇ ਪਿੰਡ ਖਾਨੇਵਾਲਾ ਵਿਖੇ ਲੋਕ ਮਿਲਣੀ ਪ੍ਰੋਗਰਾਮ ਕਰਵਾਇਆ ਗਿਆ। ਜਿਸ ਵਿੱਚ ਆਮ ਆਦਮੀ ਪਾਰਟੀ ਨੂੰ ਉਸ ਸਮੇਂ ਭਾਰੀ ਬਲ ਮਿਲਿਆ ਜਦੋਂ ਸ਼੍ਰੋਮਣੀ ਅਕਾਲੀ ਦਲ ਨੂੰ ਅਲਵਿਦਾ ਕਹਿ ਕੇ ਮੌਜੂਦਾ ਬਲਾਕ ਸੰਮਤੀ ਮੈਂਬਰ ਲਾਡੀ ਖਾਨੇਵਾਲਾ ਜੀ ਆਪਣੇ ਸਾਥੀਆਂ ਸਮੇਤ ਬੀਬੀ ਵਨਿੰਦਰ ਕੌਰ ਲੂੰਬਾ ਜੀ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ। ਬੀਬੀ ਵਨਿੰਦਰ ਕੌਰ ਲੂੰਬਾ ਵੱਲੋਂ ਸਿਰੋਪਾ ਪਾ ਕੇ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਕਰਵਾਇਆ ਗਿਆ ਤੇ ਕਿਹਾ ਕਿ ਆਮ ਆਦਮੀ ਪਾਰਟੀ ਵਿੱਚ ਸ਼ਾਮਿਲ ਹੋਏ ਸਾਰੇ ਸਾਥੀਆਂ ਨੂੰ ਪਾਰਟੀ ਵਿੱਚ ਬਣਦਾ ਮਾਣ ਸਨਮਾਨ ਦਿੱਤਾ ਜਾਵੇਗਾ। ਇਸ ਦੌਰਾਨ ਬੀਬੀ ਲੂੰਬਾ ਨੇ ਕਿਹਾ ਕਿ ਆਮ ਆਦਮੀ ਪਾਰਟੀ ਨੇ ਸੱਤਾ ਵਿੱਚ ਆਉਣ ਤੋਂ ਪਹਿਲਾਂ ਜੋ ਪੰਜਾਬ ਦੀ ਜਨਤਾ ਨਾਲ ਵਾਅਦੇ ਕੀਤੇ ਸਨ ਉਹਨਾਂ ਵਾਦਿਆਂ ਨੂੰ ਪੂਰਾ ਕੀਤਾ ਜਾ ਰਿਹਾ ਹੈ, ਜਿਵੇਂ ਕਿ ਬਿਜਲੀ ਦੇ ਬਿਲ ਮਾਫ, 10 ਲੱਖ ਵਾਲੇ ਸਿਹਤ ਬੀਮਾ ਕਾਰਡ, ਸਿੱਖਿਆ ਕ੍ਰਾਂਤੀ, ਮਾਵਾਂ ਭੈਣਾਂ ਸਤਿਕਾਰਯੋਗ ਯੋਜਨਾ ਸਕੀਮ ਆਦਿ ਜੋ ਵੀ ਵਾਅਦੇ ਕੀਤੇ ਸਨ ਉਹਨਾਂ ਨੂੰ ਪੂਰਾ ਕੀਤਾ ਜਾ ਰਿਹਾ। ਉਹਨਾਂ ਨੇ ਕਿਹਾ ਕਿ 2027 ਵਿੱਚ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਬਣਨੀ ਤੈਅ ਹੈ ਤੇ ਲੋਕਾਂ ਨਾਲ ਜੋ ਵੀ ਵਾਅਦੇ ਕੀਤੇ ਜਾਣਗੇ ਉਹਨਾਂ ਨੂੰ ਵੀ ਪੂਰਾ ਕੀਤਾ ਜਾਵੇਗਾ। ਇਸ ਮੌਕੇ ਤੇ ਵਰੁਣ ਕਾਂਸਲ ਸੀਨੀਅਰ ਆਪ ਆਗੂ, ਮਦਨ ਲਾਲ ਗੋਇਲ ਸ਼ਹਿਰੀ ਪ੍ਰਧਾਨ, ਮਹਿੰਗਾ ਸਿੰਘ ਬਰਾੜ ਚੇਅਰਮੈਨ ਮਾਰਕੀਟ ਕਮੇਟੀ, ਕੁਲਦੀਪ ਸਿੰਘ ਬਿੰਦ ਕੌਂਸਲਰ, ਸੋਨੀ ਜਲੂਰ ਪ੍ਰਧਾਨ ਯੂਥ ਅਗਰਵਾਲ ਸਭਾ, ਪ੍ਰੀਤ ਗਿੱਲ ਸਾਬਕਾ ਪ੍ਰਧਾਨ, ਫ਼ਕੀਰ ਚੰਦ ਗੋਇਲ ਤੋਂ ਇਲਾਵਾ ਬਹੁਤ ਸਾਰੇ ਵਰਕਰ ਹਾਜ਼ਰ ਸਨ।

## ਸਮਾਜਿਕ ਭਾਗੀਦਾਰੀ ਨਾਲ ਨੌਜਵਾਨਾਂ ਵਿੱਚ ਵਧਦਾ ਹੈ ਆਤਮ-ਵਿਸ਼ਵਾਸ ਅਤੇ ਅਗਵਾਈ ਦਾ ਗੁਣ : ਆਰਤੀ ਇੱਛਪੁਜਾਨੀ

ਜਲਾਲਾਬਾਦ, 1 ਅਕਤੂਬਰ :(ਸੁਭਾਸ਼ ਸਿੰਘ) ਲਾਲਾ ਜਗਤ ਨਾਰਾਇਣ ਐਜੂਕੇਸ਼ਨ ਕਾਲਜ ਵਿੱਚ ਨੌਜਵਾਨਾਂ ਨੂੰ ਸਮਾਜਿਕ ਗਤੀਵਿਧੀਆਂ ਨਾਲ ਜੋੜਨ ਅਤੇ ਉਨ੍ਹਾਂ ਦੇ ਵਿਅਕਤੀਤਵ ਵਿਕਾਸ ਨੂੰ ਲੈ ਕੇ ਐਕਸਟੈਂਸ਼ਨ ਲੈਕਚਰ ਕਰਵਾਇਆ ਗਿਆ। ਪ੍ਰੋਗਰਾਮ ਦਾ ਮਕਸਦ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ ਸਮਾਜਿਕ ਖੇਤਰ ਵਿੱਚ ਸਰਗਰਮ ਹੋ ਕੇ ਆਪਣੀਆਂ ਸਮਰੱਥਾਵਾਂ ਨੂੰ ਪਛਾਣਨ ਅਤੇ ਨਿਖਾਰਨ ਲਈ ਪ੍ਰੇਰਿਤ ਕਰਨਾ ਰਿਹਾ। ਪ੍ਰੋਗਰਾਮ ਵਿੱਚ ਸਮਾਜਿਕ ਪ੍ਰਭਾਵ ਆਗੂ ਅਤੇ ਅੰਤਰਰਾਸ਼ਟਰੀ ਪੱਧਰ ਦੀ ਪ੍ਰਮਾਣਿਤ ਯੂਥ ਫੈਸਿਲੀਟੇਟਰ ਆਰਤੀ ਇੱਛਪੁਜਾਨੀ ਨੇ ਵਿਦਿਆਰਥੀਆਂ ਨਾਲ ਸੰਵਾਦ ਕੀਤਾ। ਆਰਤੀ ਇੱਛਪੁਜਾਨੀ ਨੇ ਕਿਹਾ ਕਿ ਨੌਜਵਾਨਾਂ ਨੂੰ ਸਿਰਫ਼ ਸਿੱਖਿਆ ਤੱਕ ਸੀਮਤ ਨਾ ਰਹਿ ਕੇ ਸਮਾਜਿਕ ਗਤੀਵਿਧੀਆਂ ਵਿੱਚ ਵੀ ਸਰਗਰਮ ਭਾਗੀਦਾਰੀ ਕਰਨੀ ਚਾਹੀਦੀ ਹੈ। ਉਨ੍ਹਾਂ ਕਿਹਾ ਕਿ ਰਾਸ਼ਟਰੀ ਸੇਵਾ ਯੋਜਨਾ, ਰਾਸ਼ਟਰੀ ਕੈਡਿਟ ਕੋਰ, ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਵਿਦਿਆਰਥੀਆਂ ਨੂੰ ਵਿਹਾਰਕ ਤਜਰਬਾ ਦੇਣ ਦੇ ਨਾਲ ਉਨ੍ਹਾਂ ਵਿੱਚ ਆਤਮ-ਵਿਸ਼ਵਾਸ, ਟੀਮ ਭਾਵਨਾ ਅਤੇ ਅਗਵਾਈ ਦੀ ਸਮਰੱਥਾ ਵਿਕਸਿਤ ਕਰਦੀਆਂ ਹਨ। ਉਨ੍ਹਾਂ ਕਿਹਾ ਕਿ ਨੌਜਵਾਨ ਕਿਸੇ ਵੀ ਸਮਾਜ ਦੀ ਮਹੱਤਵਪੂਰਨ ਤਾਕਤ ਹਨ ਅਤੇ ਉਨ੍ਹਾਂ ਦੀ ਸੋਚ ਤੇ ਕਾਰਜਸ਼ੈਲੀ ਦਾ ਪ੍ਰਭਾਵ ਸਮਾਜ ਦੇ ਭਵਿੱਖ 'ਤੇ ਪੈਂਦਾ ਹੈ। ਵਿਦਿਆਰਥੀਆਂ ਨੂੰ ਆਪਣੀ ਰੁਚੀ ਅਤੇ ਸਮਰੱਥਾ ਅਨੁਸਾਰ ਵੱਖ-ਵੱਖ ਗਤੀਵਿਧੀਆਂ ਵਿੱਚ ਹਿੱਸਾ ਲੈਣਾ ਚਾਹੀਦਾ ਹੈ, ਤਾਂ ਜੋ ਉਨ੍ਹਾਂ ਨੂੰ ਨਵੇਂ ਤਜਰਬੇ ਹਾਸਲ ਕਰਨ ਅਤੇ ਭਵਿੱਖ ਲਈ ਬਿਹਤਰ ਮੌਕੇ ਤਿਆਰ ਕਰਨ ਵਿੱਚ ਮਦਦ ਮਿਲ ਸਕੇ। ਸਮਾਜਿਕ ਗਤੀਵਿਧੀਆਂ ਵਿੱਚ ਭਾਗ ਲੈਣ ਨਾਲ ਵਿਦਿਆਰਥੀ ਲੋਕਾਂ ਨਾਲ ਸੰਵਾਦ ਕਰਨਾ, ਜ਼ਿੰਮੇਵਾਰੀ ਨਿਭਾਉਣਾ ਅਤੇ ਟੀਮ ਨਾਲ ਕੰਮ ਕਰਨਾ ਵੀ ਸਿੱਖਦੇ ਹਨ। ਇਸ ਮੌਕੇ ਕਾਲਜ ਦੇ ਚੇਅਰਮੈਨ ਅਸ਼ੋਕ ਕੁਮਾਰ ਅਨੇਜਾ ਅਤੇ ਪ੍ਰਿੰਸੀਪਲ ਡਾ. ਨੀਤਿਕਾ ਨੇ ਆਰਤੀ ਇੱਛਪੁਜਾਨੀ ਨੂੰ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ। ਪ੍ਰੋਗਰਾਮ ਦੌਰਾਨ ਕਾਲਜ ਦਾ ਸਟਾਫ ਅਤੇ ਵਿਦਿਆਰਥੀ ਮੌਜੂਦ ਸਨ।

## ਨਾਭਾ ਦਾਣਾ ਮੰਡੀ ਵਿਚ ਸਰਕਾਰੀ ਝੋਨੇ ਦੀ ਖਰੀਦ ਸ਼ੁਰੂ, 7 ਲੱਖ ਬੋਰੀ ਬਾਸਮਤੀ ਪਹੁੰਚੀ: ਦੇਵ ਮਾਨ

ਨਾਭਾ: ਅਕਤੂਬਰ 01 ਰਾਕੇਸ਼ ਜਿੰਦਲ ਸ਼ੁਭਮ ਜਿੰਦਲ ਏਸ਼ੀਆ ਦੀ ਦੂਜੇ ਨੰਬਰ ਦੀ ਨਾਭਾ ਦਾਣਾ ਮੰਡੀ ਵਿੱਚ ਅੱਜ ਸਰਕਾਰੀ ਝੋਨੇ ਦੀ ਖਰੀਦ ਦੀ ਸ਼ੁਰੂਆਤ ਹਲਕਾ ਨਾਭਾ ਦੇ ਵਿਧਾਇਕ ਗੁਰਦੇਵ ਸਿੰਘ ਦੇਵ ਮਾਨ ਵੱਲੋਂ ਕਰਵਾਈ ਗਈ। ਇਸ ਮੌਕੇ ਐਸ.ਡੀ.ਐਮ. ਨਾਭਾ ਰਵਿੰਦਰਪਾਲ ਸਿੰਘ ਸੋਮਲ, ਮਾਰਕੀਟ ਕਮੇਟੀ ਨਾਭਾ ਦੇ ਸਕੱਤਰ ਅਮਿਤ ਕੁਮਾਰ, ਆੜ੍ਹਤੀ ਭਾਈਚਾਰਾ ਅਤੇ ਕਿਸਾਨ ਮੌਜੂਦ ਸਨ ,ਦੇਵ ਮਾਨ ਨੇ ਦੱਸਿਆ ਕਿ ਨਾਭਾ ਦਾਣਾ ਮੰਡੀ ਵਿੱਚ ਹੁਣ ਤੱਕ ਬਾਸਮਤੀ ਝੋਨੇ ਦੀ ਕਰੀਬ 7 ਲੱਖ ਬੋਰੀ ਪਹੁੰਚ ਚੁੱਕੀ ਹੈ ਅਤੇ ਬਾਸਮਤੀ 4000 ਤੋਂ 4500 ਰੁਪਏ ਪ੍ਰਤੀ ਕੁਇੰਟਲ ਤੱਕ ਦੇ ਰੇਟ 'ਤੇ ਵਿਕ ਰਹੀ ਹੈ। ਉਨ੍ਹਾਂ ਕਿਹਾ ਕਿ ਆਮ ਝੋਨੇ ਲਈ ਸਰਕਾਰੀ ਖਰੀਦ ਰੇਟ 2461 ਰੁਪਏ ਪ੍ਰਤੀ ਕੁਇੰਟਲ ਹੈ ਅਤੇ ਪਨਗਰੇਨ, ਵੇਅਰਹਾਊਸ, ਮਾਰਕਫੈਡ ਤੇ ਪਨਸਪ ਵੱਲੋਂ ਖਰੀਦ ਕੀਤੀ ਜਾ ਰਹੀ ਹੈ , ਉਨ੍ਹਾਂ ਕਿਹਾ ਕਿ ਨਾਭਾ ਮੰਡੀ ਸਰਕਲ ਅਧੀਨ 14 ਅਤੇ ਭਾਦਸੋਂ ਮੰਡੀ ਸਰਕਲ ਅਧੀਨ 7 ਛੋਟੀਆਂ ਮੰਡੀਆਂ ਵਿੱਚ ਸਫ਼ਾਈ, ਪੀਣ ਵਾਲੇ ਪਾਣੀ, ਲਾਈਟਾਂ, ਬਾਥਰੂਮ ਅਤੇ ਬਾਰਦਾਨੇ ਸਮੇਤ ਲੋੜੀਂਦੇ ਪ੍ਰਬੰਧ ਕੀਤੇ ਗਏ ਹਨ। ਦੇਵ ਮਾਨ ਨੇ ਕਿਹਾ ਕਿ ਇਸ ਵਾਰ ਝੋਨੇ ਦਾ ਪ੍ਰਤੀ ਏਕੜ ਝਾੜ ਵਧੀਆ ਹੋਣ ਕਾਰਨ ਕਿਸਾਨਾਂ ਵਿੱਚ ਖੁਸ਼ੀ ਦਾ ਮਾਹੌਲ ਹੈ ,ਵਿਧਾਇਕ ਦੇਵ ਮਾਨ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਕਿਸਾਨਾਂ ਦੀ ਭਲਾਈ ਲਈ ਲਗਾਤਾਰ ਕੰਮ ਕਰ ਰਹੀ ਹੈ ਅਤੇ ਨਹਿਰੀ ਪਾਣੀ, ਦਿਨ ਸਮੇਂ 8 ਘੰਟੇ ਬਿਜਲੀ ਅਤੇ ਮੰਡੀਆਂ ਵਿੱਚ ਫਸਲ ਦੀ ਸਮੇਂ ਸਿਰ ਖਰੀਦ ਤੇ ਅਦਾਇਗੀ ਕਿਸਾਨਾਂ ਲਈ ਮਹੱਤਵਪੂਰਨ ਸਹੂਲਤਾਂ ਹਨ।

## ਅਕਾਲ ਯੂਨੀਵਰਸਿਟੀ ਵਿਖੇ ਮੈਡੀਕਲ ਲੈਬਾਰਟਰੀ ਸਾਇੰਸ ਵਿਭਾਗ ਵੱਲੋਂ ਮੁਫ਼ਤ ਡਾਇਬਟੀਜ਼ ਸਕ੍ਰੀਨਿੰਗ ਕੈਂਪ ਆਯੋਜਿਤ

ਤਲਵੰਡੀ ਸਾਬ / ਬਿਠੰਡਾ 1 ਅਕਤੂਬਰ (ਰਾਣਾ ਸ਼ਰਮਾ ) ਅਕਾਲ ਯੂਨੀਵਰਸਿਟੀ, ਤਲਵੰਡੀ ਸਾਬੋ ਦੇ ਮੈਡੀਕਲ ਲੈਬਾਰਟਰੀ ਸਾਇੰਸ ਵਿਭਾਗ ਵੱਲੋਂ ;ਡਾ. ਟੀ. ਭਸੀਨ ਪਾਥ ਲੈਬ ਪ੍ਰਾਈਵੇਟ ਲਿਮਟਿਡ ; ਦੇ ਸਹਿਯੋਗ ਨਾਲ ਯੂਨੀਵਰਸਿਟੀ ਕੈਂਪਸ ਵਿਖੇ ਇੱਕ ਰੋਜ਼ਾ ਮੁਫ਼ਤ ਡਾਇਬਟੀਜ਼ (ਸ਼ੂਗਰ) ਸਕ੍ਰੀਨਿੰਗ ਕੈਂਪ ਦਾ ਆਯੋਜਨ ਕੀਤਾ ਗਿਆ। ਇਸ ਕੈਂਪ ਦਾ ਮੁੱਖ ਮਕਸਦ ਲੋਕਾਂ ਨੂੰ ਸਿਹਤ ਪ੍ਰਤੀ ਜਾਗਰੂਕ ਕਰਨਾ ,ਸ਼ੂਗਰ ਦੀ ਬੀਮਾਰੀ ਦੀ ਸਮੇਂ ਸਿਰ ਪਛਾਣ ਕਰਨਾ ਅਤੇ ਬੀ.ਐੱਮ.ਐੱਲ.ਐੱਸ. ਦੇ ਵਿਦਿਆਰਥੀਆਂ ਨੂੰ ਵਿਹਾਰਕ ਤਜਰਬਾਮੁਹੱਈਆ ਕਰਵਾਉਣਾ ਸੀ। ਇਸ ਪ੍ਰੋਗਰਾਮ ਦਾ ਉਦਘਾਟਨ ਯੂਨੀਵਰਸਿਟੀ ਦੇ ਉੱਚ ਅਧਿਕਾਰੀਆਂ, ਫੈਕਲਟੀ ਮੈਂਬਰਾਂਅਤੇ ਡਾ. ਟੀ. ਭਸੀਨ ਪਾਥ ਲੈਬ ਦੇ ਕਰਮਚਾਰੀਆਂ ਦੀ ਹਾਜ਼ਰੀ ਵਿੱਚ ਕੀਤਾ ਗਿਆ। ਕੈਂਪ ਦੀ ਕੋਆਰਡੀਨੇਟਰ ਡਾ.ਨਵਜੋਤ ਕੌਰ ਦੀ ਦੇਖ-ਰੇਖ ਹੇਠ ਸਵੇਰੇ 9:00 ਵਜੇ ਤੋਂ ਦੁਪਹਿਰ 2:00 ਵਜੇ ਤੱਕ ਚੱਲੇ ਇਸ ਕੈਂਪ ਦੌਰਾਨ ਲਗਭਗ 300 ਲੋਕਾਂ ਦੀ ਸ਼ੂਗਰ ਦੀ ਜਾਂਚ ਕੀਤੀ ਗਈ। ਜਾਂਚ ਕਰਵਾਉਣ ਵਾਲਿਆਂ ਵਿੱਚ ਯੂਨੀਵਰਸਿਟੀ ਦੇ ਵਿਦਿਆਰਥੀ, ਅਧਿਆਪਕ, ਗੈਰ-ਅਧਿਆਪਕ ਸਟਾਫ਼, ਸਕਿਓਰਿਟੀ ਅਮਲਾ ਅਤੇ ਹਾਊਸਕੀਪਿੰਗ ਸਟਾਫ਼ ਸ਼ਾਮਲ ਸਨ। ਜਾਂਚ ਦੌਰਾਨ ਜਿਨ੍ਹਾਂ ਵਿਅਕਤੀਆਂ ਵਿੱਚ ਸ਼ੂਗਰ ਦਾ ਪੱਧਰ ਵਧਿਆ ਹੋਇਆ ਪਾਇਆ ਗਿਆ, ਉਨ੍ਹਾਂ ਨੂੰ ਖੁਰਾਕ ਸਬੰਧੀ ਪਰਹੇਜ਼, ਜੀਵਨ ਸ਼ੈਲੀ ਵਿੱਚ ਸੁਧਾਰ, ਨਿਯਮਤ ਜਾਂਚ ਅਤੇ ਡਾਕਟਰੀ ਸਲਾਹ ਲੈਣ ਬਾਰੇ ਵਿਸ਼ੇਸ਼ ਤੌਰ ;ਤੇ ਪ੍ਰੇਰਿਤ ਕੀਤਾ ਗਿਆ। ਇਹ ਕੈਂਪ ਬੀ.ਐੱਮ.ਐੱਲ.ਐੱਸ. ਦੇ ਵਿਦਿਆਰਥੀਆਂ ਲਈ ਪ੍ਰੈਕਟੀਕਲ ਗਿਆਨ ਹਾਸਲ ਕਰਨ ਦਾ ਇੱਕ ਵਧੀਆ ਜ਼ਰੀਆ ਬਣਿਆ। ਵਿਦਿਆਰਥੀਆਂ ਨੇ ਮਰੀਜ਼ਾਂ ਨਾਲ ਗੱਲਬਾਤ ਕਰਨ, ਜਾਂਚ ਦੀ ਪ੍ਰਕਿਰਿਆ, ਸੈਂਪਲ ਲੈਣ ਅਤੇ ਡਾਟਾ ਰਿਕਾਰਡ ਕਰਨ ਵਰਗੇ ਕੰਮਾਂ ਵਿੱਚ ਸਰਗਰਮੀ ਨਾਲ ਹਿੱਸਾ ਲਿਆ। ਯੂਨੀਵਰਸਿਟੀ ਪ੍ਰਬੰਧਕਾਂ ਨੇ ਵਿਭਾਗ ਦੇ ਇਸ ਉਪਰਾਲੇ ਦੀ ਭਰਪੂਰ ਸ਼ਲਾਘਾ ਕੀਤੀ ਅਤੇ ਭਵਿੱਖ ਵਿੱਚ ਵੀ ਅਜਿਹੇ ਸਮਾਜ ਭਲਾਈ ਤੇ ਸਿਹਤ ਸੰਬੰਧੀ ਕੈਂਪ ਲਗਾਉਣ ਦੀ ਵਚਨਬੱਧਤਾ ਦੁਹਰਾਈ।

## ਜ਼ਿਲ੍ਹਾ ਮੈਜਿਸਟਰੇਟ ਵੱਲੋਂ ਜ਼ਿਲ੍ਹੇ ਦੀ ਹਦੂਦ ਅੰਦਰ 02 ਅਕਤੂਬਰ ਨੂੰ ਡਰਾਈ ਡੇਅ ਘੋਸ਼ਿਤ

ਮਲੇਰਕੋਟਲਾ 1 ਅਕਤੂਬਰ (ਮੁਨਸ਼ੀ ਫ਼ਾਰੂਕ ) - ਜ਼ਿਲ੍ਹਾ ਮੈਜਿਸਟਰੇਟ-ਕਮ-ਡਿਪਟੀ ਕਮਿਸ਼ਨਰ ਵਿਰਾਜ ਐਸ. ਤਿੜਕੇ ਵੱਲੋਂ ਪੰਜਾਬ ਆਬਕਾਰੀ ਐਕਟ 1914 ਦੀ ਧਾਰਾ 54 ਅਧੀਨ ਪ੍ਰਾਪਤ ਹੋਏ ਅਧਿਕਾਰਾਂ ਦੀ ਵਰਤੋਂ ਕਰਦੇ ਹੋਏ ਜ਼ਿਲ੍ਹੇ ਅੰਦਰ 02 ਅਕਤੂਬਰ ਨੂੰ ਮਹਾਤਮਾ ਗਾਂਧੀ ਜੀ ਦੇ ਜਨਮ ਦਿਵਸ ਨੂੰ ਮੁੱਖ ਰੱਖਦੇ ਹੋਏ ਡਰਾਈ ਡੇਅ ਘੋਸ਼ਿਤ ਕੀਤਾ ਹੈ। ਡਰਾਈ ਡੇਅ ਦੌਰਾਨ ਜ਼ਿਲ੍ਹਾ ਮਾਲੇਰਕੋਟਲਾ ਦੀ ਹਦੂਦ ਅੰਦਰ ਕਿਸੇ ਵੀ ਸ਼ਰਾਬ ਦੇ ਠੇਕੇ (ਦੇਸੀ ਅਤੇ ਅੰਗਰੇਜ਼ੀ), ਹੋਟਲ, ਦੁਕਾਨ, ਰੈਸਟੋਰੈਂਟ, ਕਲੱਬ, ਬੀਅਰ ਬਾਰ, ਅਹਾਤੇ ਅਤੇ ਹੋਰ ਜਨਤਕ ਥਾਵਾਂ ਆਦਿ ਤੇ ਸ਼ਰਾਬ ਦੀ ਵਿੱਕਰੀ ਕਰਨ, ਵਰਤੋਂ ਕਰਨ, ਪੀਣ/ਪਿਲਾਉਣ ਅਤੇ ਸਟੋਰ ਕਰਨ ਤੇ ਮੁਕੰਮਲ ਪਾਬੰਦੀ ਲਗਾਈ ਹੈ ।

## ਗੈਸ ਏਜੰਸੀ ਵਰਕਰਜ਼ ਯੂਨੀਅਨ ਇਫਟੂ ਪਟਿਆਲਾ ਵੱਲੋਂ ਤਿੱਖੇ ਸੰਘਰਸ਼ ਦਾ ਐਲਾਨ

ਪਟਿਆਲਾ 1ਅਕਤੂਬਰ (ਰਾਜਿੰਦਰ ਸਿੰਘ ਥਿੰਦ )ਸਐਸ.ਐਸ.ਟੀ. ਨਗਰ ਪਟਿਆਲਾ ਵਿਖੇ ਇੱਕ ਗੈਸ ਏਜੰਸੀ ਪਿਛਲੇ 15—20 ਸਾਲਾਂ ਤੋਂ ਲਗਾਤਾਰ ਪੱਕੇ ਕੰਮ ਕਰ ਰਹੇ ਵਰਕਰਾਂ ਨੂੰ ਨਵੀਂ ਆਈ ਏਜੰਸੀ ਮਾਲਕ ਵਲੋਂ ਜਿਸਦੀ ਸਰਕਾਰੇ ਦਰਬਾਰੇ ਪਹੁੰਚ ਹੈ, ਆਪਣੇ ਦਦਫਤਰ ਬੈਠਦੇ ਸਾਰ ਹੀ ਏਜੰਸੀ ਦੇ ਵਰਕਰਾਂ ਨੂੰ ਬੁਲਾ ਕੇ ਦਬਕਾ ਮਾਰਿਆ ਕਿ ਮੈਂ ਚੰਡੀਗੜ੍ਹ (ਪੰਚਕੁਲੇ) ਤੋਂ ਆਈ ਹਾਂ। ਮੇਰੇ ਕੋਲ ਪੰਚਕੁਲੇ ਵਿੱਚ ਤਿੰਨ—ਚਾਰ ਗੈਸ ਏਜੰਸੀਆਂ ਹਨ। ਮੈਂ ਵਰਕਰਾਂ ਨੂੰ ਤਨਖਾਹ ਨਹੀਂ ਦਿੰਦੀ ਹਾਂ। ਵਰਕਰਾਂ ਨੂੰ ਤਨਖਾਹ ਦੇਣੀ ਬੰਦ ਕਰ ਦਿੱਤੀ ਹੈ ਤੇ ਕਿਹਾ ਕਿ ਮੈਨੂੰ ਪਤਾ ਲੱਗਿਆ ਕਿ ਤੁਸੀਂ ਯੂਨੀਅਨ ਦੇ ਮੈਂਬਰ ਹੋ ਤੇ ਯੂਨੀਅਨ ਦੇ ਸਰਗਰਮੀ ਵਿੱਚ ਭਾਗ ਲੈਂਦੇ ਹੋ। ਮੈਂ ਤੁਹਾਨੂੰ ਬੰਦਾ ਬਣਾਉਂਦੀ ਹਾਂ। ਜੇਕਰ ਤੁਸੀਂ ਮੇਰੇ ਕੋਲ ਕੰਮ ਕਰਨਾ ਹੈ ਤਾਂ ਪਹਿਲੀ ਗੱਲ ਇਹ ਹੈ ਕਿ ਤੁਸੀਂ ਲਿਖਕੇ ਦਿਓ ਕਿ ਅਸੀ ਜਥੇਬੰਦੀ ਦੇ ਮੈਂਬਰ ਨਹੀਂ ਹਾਂ। ਦੂਜੀ ਗੱਲ ਇਹ ਹੈ ਕਿ ਮੇਰੇ ਵੱਲੋਂ ਲੋਕਾਂ ਦੇ ਗੈਸ ਸਲੰਡਰਾਂ ਵਿਚੋਂ ਚੋਰੀ ਨਾਲ ਗੈਸ ਕੱਢਕੇ ਸਲੰਡਰ ਲੋਕਾਂ ਨੂੰ ਦੇਣੇ ਹਨ। ਜਦੋਂ ਇਹ ਗੱਲ ਵਰਕਰਾਂ ਵਲੋਂ ਆਪਣੀ ਯੂਨੀਅਨ ਦੇ ਧਿਆਨ ਵਿੱਚ ਲਿਆਦੀ ਤਾਂ ਜਥਾਨੀ ਤੌਰ ਤੇ ਬੋਲ ਕੇ ਵਰਕਰਾਂ ਨੂੰ ਕੰਮ ਤੋਂ ਛੁੱਟੀ ਕਰ ਦਿੱਤੀ ਗਈ ਤੇ ਕਿਹਾ ਗਿਆ ਕਿ ਤਨਖਾਹਾਂ ਵੀ ਯੂਨੀਅਨ ਕੋਲ ਜਾ ਕੇ ਲੈ ਲਵੋ। ਉਪਰੋਕਤ ਮਸਲੇ ਸਬੰਧੀ ਯੂਨੀਅਨ ਦੇ ਆਗੂ ਮਿਤੀ 29 ਸਤੰਬਰ ਨੂੰ ਏਜੰਸੀ ਦੇ ਮਾਲਕ ਨੂੰ ਮਿਲਣ ਦੇ ਲਈ ਏਜੰਸੀ ਦਫਤਰ ਗਏ ਤਾਂ ਪਹਿਲਾਂ ਤੋਂ ਹੀ 20 ਬੰਦੇ ਅਣਪਛਾਤੇ ਦਫਤਰ ਅੰਦਰ ਬੈਠੇ ਸੀ। ਮਾਲਕ ਵਲੋਂ ਉਨ੍ਹਾਂ ਵੀਹ ਬੰਦਿਆਂ ਨੂੰ ਆਗੂਆਂ ਦੇ ਗੱਲ ਪਵਾ ਕੇ ਆਪ ਵੀ ਦਫਤਰ ਤੋਂ ਬਾਹਰ ਆਕੇ ਉਚੀ ਉਚੀ ਬੋਲਕੇ ਡਰਾਉਣ ਦੀ ਕੋਸ਼ਿਸ਼ ਕੀਤੀ ਅਤੇ ਕਿਹਾ ਕਿ ਪਤਾ ਨਹੀਂ ਕਿੱਥੋ—ਕਿੱਥੋਂ ਚਲੇ ਆਉਂਦੇ ਹਨ ਭੁੱਖੇ ਨੰਗੇ ਭਜ ਜਾਓ ਇੱਥੋਂ ਮੈਂ ਕੋਈ ਗੱਲ ਨਹੀਂ ਕਰਨੀ ਤੁਹਾਡੇ ਨਾਲ, ਨਹੀ ਤਾਂ ਪੁਲਿਸ ਬੁਲਾਕੇ ਤੁਹਾਡੇ ਪਿਛਵਾੜੇ ਗਰਮ ਕਰਵਾਉਂਦੀ ਹਾਂ ਅਤੇ ਨਾਲੇ ਅੰਦਰ ਕਰਾਉਂਗੀ। ਸੋ ਜਿਲਾ ਕਮੇਟੀ ਮਜਬੂਰ ਹੋ ਕੇ ਆਪਣੀ ਜਿਲਾ ਕਮੇਟੀ ਦੀ ਮੀਟਿੰਗ ਬੁਲਾਕੇ ਸੰਘਰਸ਼ ਕਰਨ ਦਾ ਫੈਸਲਾ ਕੀਤਾ ਗਿਆ। ਜਿਸ ਦੀ ਪ੍ਰਧਾਨਗੀ ਜਿਲਾ ਪ੍ਰਧਾਨ ਬਲਜਿੰਦਰ ਸਿੰਘ ਲੱਖੇਮਾਜਰਾ ਨੇ ਕੀਤੀ। ਮੀਟਿੰਗ ਵਿੱਚ ਜਿਲਾ ਸਕੱਤਰ ਸੁਰਜੀਤ ਸਿੰਘ ਸੀਨੀਅਰ ਮੀਤ ਪ੍ਰਧਾਨ ਸਤਪਾਲ ਸਿੰਘ, ਵਿੱਤ ਸਕੱਤਰ ਅਵਤਾਰ ਸਿੰਘ ਨੰਦਪੁਰ ਕੇਸ਼ੋ, ਪ੍ਰੈਸ ਸਕੱਤਰ ਸਤਗੁਰ ਨਾਭਾ ਅਤੇ ਏਜੰਸੀਆਂ ਦੇ ਪ੍ਰਧਾਨ ਜਰਨੈਲ ਸਿੰਘ ਧੀਰਜ ਕੁਮਾਰ, ਕੇਸਰ ਸਿੰਘ,ਮਨਜੀਤ ਸਿੰਘ ਜੱਸੀ, ਸੋਨੀ, ਜ਼ਸਵੀਰ ਸਿੰਘ, ਗਅਬੀਰ ਸਿੰਘ ਨਾਭਾ, ਇਸ ਤੋਂ ਇਲਾਵਾ ਉਚੇਚੇ ਤੌਰ ਤੇ ਜਥੇਬੰਦੀਆਂ ਦੇ ਸਰਪ

# ਬੀਜੇਪੀ ਵੱਲੋਂ 3 ਸਾਲ ਚ ਪੰਜਾਬ ਨੂੰ ਨਸ਼ਾ ਮੁਕਤ ਕਰਨ ਦਾ ਦਾਅਵਾ ਮਹਿਜ਼ 'ਚੋਣਵੀਂ ਜੁਮਲਾ': ਕਰਨ ਸਿੰਘ ਰਾਣਾ

ਬਲਾਚੌਰ, 1 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਪੰਜਾਬ ਵਿੱਚ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਲੈ ਕੇ ਸਾਰੀਆਂ ਸਿਆਸੀ ਧਿਰਾਂ ਨੇ ਆਪਣੀ ਸਰਗਰਮੀ ਅਤੇ ਚੋਣ ਸਰਗਰਮੀਆਂ ਤੇਜ਼ ਕਰ ਦਿੱਤੀਆਂ ਹਨ। ਇਸੇ ਲੜੀ ਤਹਿਤ ਲੰਘੇ ਦਿਨੀਂ ਜਲੰਧਰ ਵਿਖੇ ਭਾਰਤੀ ਜਨਤਾ ਪਾਰਟੀ (ਬੀਜੇਪੀ) ਦੀ ਨਸ਼ਾ ਮੁਕਤ ਪੰਜਾਬ ਯਾਤਰਾ ਦੇ ਸਮਾਪਨ ਮੌਕੇ ਕਰਵਾਈ ਗਈ ਰੈਲੀ ਨੂੰ ਸਾਂਝਾ ਕਿਸਾਨ ਮਜ਼ਦੂਰ ਮੋਰਚਾ (ਸਬੰਧਤ ਭਾਈ ਲਾਲੋ ਲੋਕ ਮੰਚ ਪੰਜਾਬ) ਨੇ ਮਹਿਜ਼ ਇੱਕ ਸਿਆਸੀ ਚੋਣ ਰੈਲੀ ਕਰਾਰ ਦਿੱਤਾ ਹੈ। ਪ੍ਰੈਸ ਨਾਲ ਗੱਲਬਾਤ ਕਰਦਿਆਂ ਮੋਰਚੇ ਦੇ ਜਨਰਲ ਸਕੱਤਰ ਸਾਥੀ ਕਰਨ ਸਿੰਘ ਰਾਣਾ ਨੇ ਕਿਹਾ ਕਿ ਕੇਂਦਰੀ ਗ੍ਰਹਿ ਮੰਤਰੀ ਵੱਲੋਂ ਜਲੰਧਰ ਰੈਲੀ ਦੌਰਾਨ ਪੰਜਾਬ ਨੂੰ ਅਗਲੇ ਤਿੰਨ ਸਾਲਾਂ ਵਿੱਚ ਨਸ਼ਾ ਮੁਕਤ ਕਰਨ ਦਾ ਕੀਤਾ ਗਿਆ ਐਲਾਨ ਇੱਕ ਹੋਰ 'ਚੋਣਵੀਂ ਜੁਮਲਾ' ਹੈ। ਉਨ੍ਹਾਂ ਤਨਜ਼ ਕੱਸਦਿਆਂ ਕਿਹਾ ਕਿ ਬੀਜੇਪੀ ਨੇ ਇਸ ਦਾਅਵੇ ਨਾਲ 2027 ਵਿੱਚ ਆਪਣੀ ਸਰਕਾਰ ਬਣਾਉਣ ਦੀ ਸ਼ਰਤ ਜੋੜ ਕੇ ਸਪੱਸ਼ਟ ਕਰ ਦਿੱਤਾ ਹੈ ਕਿ ਉਨ੍ਹਾਂ ਦਾ ਮਨੋਰਥ ਨਸ਼ਾ ਖ਼ਤਮ ਕਰਨਾ ਨਹੀਂ, ਬਲਕਿ ਵੋਟਾਂ ਬਟੋਰਨਾ ਹੈ। ਸਾਥੀ ਰਾਣਾ ਨੇ ਇਤਿਹਾਸ ਦੇ ਪੰਨੇ ਫਰੋਲਦਿਆਂ ਯਾਦ ਕਰਵਾਇਆ ਕਿ ਪੰਜਾਬ ਵਿੱਚ ਪਿਛਲੇ 20 ਸਾਲਾਂ ਤੋਂ ਨਸ਼ਾ ਮੁਕਤੀ ਦਾ ਮੁੱਦਾ ਹਰ ਚੋਣ ਦਾ ਮੁੱਖ ਕੇਂਦਰ ਰਿਹਾ ਹੈ। 2007 ਤੋਂ 20 17 ਤੱਕ ਅਕਾਲੀ-ਬੀਜੇਪੀ ਗਠਜੋੜ ਦੀ 10 ਸਾਲ ਸਰਕਾਰ ਰਹੀ, ਜਿਸ ਦੌਰਾਨ ਹੀ ਪੰਜਾਬ ਵਿੱਚ ਮਾਰੂ ਨਸ਼ਿਆਂ ਦਾ ਜਾਲ ਸਭ ਤੋਂ ਤੇਜ਼ੀ ਨਾਲ ਫੈਲਿਆ ਸੀ।ਉਨ੍ਹਾਂ ਦੇਸ਼ ਭਰ ਦੇ ਨਸ਼ਾ ਪ੍ਰਭਾਵਿਤ ਇਲਾਕਿਆਂ ਦੇ ਅੰਕੜਿਆਂ ਦਾ ਹਵਾਲਾ ਦਿੰਦਿਆਂ ਪ੍ਰਸ਼ਾਸਨਿਕ ਨਾਕਾਮੀਆਂ ਤੇ ਸਵਾਲ ਚੁੱਕੇ: ਦੇਸ਼ ਦੇ ਸਭ ਤੋਂ ਵੱਧ ਨਸ਼ਾ ਪ੍ਰਭਾਵਿਤ 73 ਜ਼ਿਲ੍ਹਿਆਂ ਵਿੱਚ ਪੰਜਾਬ ਦੇ 6 ਜ਼ਿਲ੍ਹੇ ਸ਼ਾਮਲ ਹਨ, ਜਦਕਿ ਹਰਿਆਣਾ ਦੇ 8 ਜ਼ਿਲ੍ਹੇ ਆਉਂਦੇ ਹਨ। ਹਰਿਆਣਾ ਵਿੱਚ ਲੰਮੇ ਸਮੇਂ ਤੋਂ ਬੀਜੇਪੀ ਦੀ ਡਬਲ ਇੰਜਣ ਸਰਕਾਰ ਚੱਲ ਰਹੀ ਹੈ, ਜੇਕਰ ਬੀਜੇਪੀ ਆਪਣੇ ਰਾਜ ਵਾਲੇ ਸੂਬਿਆਂ ਵਿੱਚ ਨਸ਼ਾ ਨਹੀਂ ਰੋਕ ਸਕੀ, ਤਾਂ ਪੰਜਾਬ ਵਿੱਚ ਇਹ ਦਾਅਵਾ ਕਿਵੇਂ ਪੂਰਾ ਕਰੇਗੀ ? ਸੀਮਾ ਸੁਰੱਖਿਆ ਅਤੇ ਕੇਂਦਰੀ ਏਜੰਸੀਆਂ ਦੀ ਭੂਮਿਕਾ ਤੇ ਘੇਰਿਆ ਕਿਸਾਨ ਆਗੂ ਨੇ ਕੇਂਦਰ ਸਰਕਾਰ ਨੂੰ ਨਿਸ਼ਾਨੇ ਤੇ ਲੈਂਦਿਆਂ ਕਿਹਾ ਕਿ ਪੰਜਾਬ ਦੀ ਅੰਤਰਰਾਸ਼ਟਰੀ ਸਰਹੱਦ ਦੇ 50 ਕਿਲੋਮੀਟਰ ਦੇ ਘੇਰੇ ਵਿੱਚ ਕੇਂਦਰੀ ਸੁਰੱਖਿਆ ਬਲਾਂ ਅਤੇ ਕੇਂਦਰੀ ਏਜੰਸੀਆਂ ਦੀ ਤੈਨਾਤੀ ਅਤੇ ਅਧਿਕਾਰ ਖੇਤਰ ਹੈ। ਇਸ ਦੇ ਬਾਵਜੂਦ ਸਰਹੱਦ ਪਾਰ ਤੋਂ ਮਾਰੂ ਨਸ਼ੇ ਪੰਜਾਬ ਦੇ ਅੰਦਰ ਤੱਕ ਕਿਵੇਂ ਪਹੁੰਚ ਰਹੇ ਹਨ? ਇਸ ਗੰਭੀਰ ਸਵਾਲ ਦਾ ਜਵਾਬ ਬੀਜੇਪੀ ਨੇਤਾਵਾਂ ਨੂੰ ਪੰਜਾਬ ਦੇ ਲੋਕਾਂ ਨੂੰ ਦੇਣਾ ਪਵੇਗਾ।'ਪੁਰਾਣੇ ਚਿਹਰੇ, ਉਹੀ ਝੂਠੇ ਲਾਰੇ' ਜਲੰਧਰ ਰੈਲੀ ਦੇ ਮੰਚ ਤੇ ਤਨਜ਼ ਕੱਸਦਿਆਂ ਸਾਥੀ ਰਾਣਾ ਨੇ ਕਿਹਾ ਕਿ ਸਟੇਜ ਤੇ ਉਹੀ ਪੁਰਾਣੇ ਕਾਂਗਰਸੀ ਆਗੂ ਬੈਠੇ ਸਨ, ਜਿਨ੍ਹਾਂ ਨੇ ਪਿਛਲੀਆਂ ਚੋਣਾਂ ਵਿੱਚ ਚਾਰ ਹਫ਼ਤਿਆਂ ਵਿੱਚ ਗੁਟਕਾ ਸਾਹਿਬ ਦੀ ਸਹੁੰ ਚੁੱਕ ਕੇ ਨਸ਼ਾ ਖ਼ਤਮ ਕਰਨ ਦੇ ਵਾਅਦੇ ਕੀਤੇ ਸਨ। ਪੰਜਾਬੀਆਂ ਨੇ ਉਨ੍ਹਾਂ ਨੂੰ ਮੌਕਾ ਦਿੱਤਾ, ਪਰ ਉਨ੍ਹਾਂ ਵਾਅਦਾ ਪੂਰਾ ਨਹੀਂ ਕੀਤਾ। ਹੁਣ ਉਹੀ ਚਿਹਰੇ ਬੀਜੇਪੀ ਵਿੱਚ ਸ਼ਾਮਲ ਹੋ ਕੇ ਪੰਜਾਬੀਆਂ ਨੂੰ ਮੁੜ ਗੁਮਰਾਹ ਕਰਨ ਦੀ ਨਾਕਾਮ ਕੋਸ਼ਿਸ਼ ਕਰ ਰਹੇ ਮਾਰੂ ਨਸ਼ਿਆਂ ਨੂੰ ਦੇਸ਼ ਪੱਧਰੀ ਸਮੱਸਿਆ ਕਰਾਰ ਦਿੰਦਿਆਂ ਸਾਥੀ ਕਰਨ ਸਿੰਘ ਰਾਣਾ ਨੇ ਪੰਜਾਬ ਦੇ ਨੌਜਵਾਨਾਂ, ਕਿਸਾਨਾਂ, ਮਜ਼ਦੂਰਾਂ ਅਤੇ ਮੁਲਾਜ਼ਮਾਂ ਨੂੰ ਅਪੀਲ ਕੀਤੀ ਕਿ ਉਹ ਜਿੱਥੇ ਆਪਣੀਆਂ ਹੱਕੀ ਮੰਗਾਂ ਲਈ ਸੰਘਰਸ਼ਸ਼ੀਲ ਹਨ, ਉੱਥੇ ਹੀ ਨਸ਼ਿਆਂ ਦੇ ਇਸ ਕੋਝੇ ਵਿਰੁੱਧ ਵੀ ਆਪਣੀ ਜਨਤਕ ਮੁਹਿੰਮ ਨੂੰ ਹੋਰ ਤੇਜ਼ ਕਰਨ। ਉਨ੍ਹਾਂ ਲੋਕਾਂ ਨੂੰ ਅਜਿਹੇ ਸਿਆਸੀ ਜੁਮਲੇਬਾਜ਼ਾਂ ਤੋਂ ਸੁਚੇਤ ਰਹਿਣ ਦਾ ਸੱਦਾ ਦਿੱਤਾ। ਇਸ ਪ੍ਰੈਸ ਕਾਨਫਰੰਸ ਦੌਰਾਨ ਉਨ੍ਹਾਂ ਦੇ ਨਾਲ ਸਾਥੀ ਕਰਨੈਲ ਸਿੰਘ ਭੱਲਾ, ਧਰਮਪਾਲ ਅਤੇ ਮੋਰਚੇ ਦੇ ਹੋਰ ਪ੍ਰਮੁੱਖ ਆਗੂ ਵੀ ਵਿਸ਼ੇਸ਼ ਤੌਰ ਤੇ ਹਾਜ਼ਰ ਸਨ

# ਤਲਵੰਡੀ ਝੁੰਗਲਾ ਦੇ 70 ਪਰਿਵਾਰ ਅਕਾਲੀ ਦਲ ਵਾਰਿਸ ਪੰਜਾਬ ਦੇ ਵਿੱਚ ਸ਼ਾਮਿਲ ਪਿੰਡ ਦੀ 35 ਮੈਂਬਰੀ ਕਮੇਟੀ ਬਣਾਈ ਗਈ

ਬਟਾਲਾ 1 ਅਕਤੂਬਰ (ਸੰਜੀਵ ਨਈਅਰ) ਅਕਾਲੀ ਦਲ ਵਾਰਿਸ ਪੰਜਾਬ ਦੇਹਲਕਾ ਬਟਾਲਾ ਦੀ ਅਹਿਮ ਮੀਟਿੰਗ ਪਿੰਡ ਤਲਵੰਡੀ ਝੁੰਗਲਾ ਵਿਖੇ ਹੋਈ। ਜਿਸ ਵਿੱਚ ਵੱਡੀ ਗਿਣਤੀ ਚ ਪਿੰਡ ਦੇ ਵਾਸੀਆਂ ਬੀਬੀਆਂ ਤੇ ਨੌਜਵਾਨਾਂ ਨੇ ਭਾਗ ਲਿਆ ।ਮੀਟਿੰਗ ਵਿੱਚ ਪ੍ਰਿਥੀਪਾਲ ਸਿੰਘ ਬਟਾਲਾ ਕਾਰਜਕਾਰਨੀ ਕਮੇਟੀ ਮੈਂਬਰ ਤੇ ਇੰਚਾਰਜ ਹਲਕਾ ਬਟਾਲਾ, ਗੁਰਦੇਵ ਸਿੰਘ ਸ਼ਾਹੀ ਸੀਨੀ ਮੀਤ ਪ੍ਰਧਾਨ,ਜਸਬੀਰ ਸਿੰਘ ਕਾਹਨੂੰਵਾਨ ਰੋਡ, ਸੁਖਜੀਤ ਸਿੰਘ ਸਹਾਬਪੁਰਾ, ਖੁਸ਼ਕਰਨ ਸਿੰਘ ਹੇਅਰ ,ਬੀਬੀ ਪ੍ਰਭਜੋਤ ਕੌਰ ਬਟਾਲਾ ਸੀਨੀ ਆਗੂ ਮਹਿਲਾ ਵਿੰਗ, ਬੀਬੀ ਸੁਖਜੀਤ ਕੌਰ, ਦਿਲਬਾਗ ਸਿੰਘ ਗੋਬਿੰਦ ਨਗਰ ਦਲਜੀਤ ਸਿੰਘ ਟੋਨੀ, ਸਰਪੰਚ ਮਨਜੀਤ ਸਿੰਘ, ਹਰਜੀਤ ਸਿੰਘ ਹੀਰਾ,ਦਿਲਬਾਗ ਸਿੰਘ ਚਾਹ ਗਿੱਲ ਮੇਵਾ ਸਿੰਘ ਨਵਾਂ ਪਿੰਡ, ਹਰਮੀਤ ਸਿੰਘ, ਗੁਰਦੀਪਕ ਸਿੰਘ ,ਅਭਿਸ਼ੇਕ ਕੁਮਾਰ ਆਦ ਸੀਨੀਅਰ ਆਗੂ ਵਿਸ਼ੇਸ਼ ਤੌਰ ਤੇ ਸ਼ਾਮਿਲ ਹੋਏ। ਪ੍ਰਿਥੀਪਾਲ ਸਿੰਘ ਬਟਾਲਾ ਨੇ ਬੋਲਦਿਆਂ ਕਿਹਾ ਕਿ ਪੰਜਾਬ ਨੂੰ ਅੰਗਰੇਜ਼ਾਂ ਅਤੇ ਅਬਦਾਲੀਆਂ ਨੇ ਇਨ੍ਹਾਂ ਨਹੀਂ ਲੁੱਟਿਆ, ਜਿੰਨਾ ਆਮ ਆਦਮੀ ਪਾਰਟੀ ਦੇ ਦਿੱਲੀ ਵਾਲੇ ਲੀਡਰ ਲੁੱਟ ਕੇ ਲੈ ਗਏ ਹਨ। ਬਦਲਾਅ ਦੇ ਨਾਂ ਤੇ ਪੰਜਾਬ ਦੀ ਲੁੱਟ ਹੋਈ ਹੈ ਅਤੇ ਇਸ ਨੂੰ ਕਰਜਈ ਰਾਜ ਬਣਾ ਦਿੱਤਾ ਹੈ। ਗੁਰਦੇਵ ਸਿੰਘ ਸ਼ਾਹੀ ਨੇ ਕਿਹਾ ਕਿ ਲੋਕਾਂ ਨੂੰ ਖਜ਼ਾਨਾ ਨਕੋ-ਨੱਕ ਭਰਨ ਦਾ ਸਬਜਬਾਗ ਦਿਖਾ ਕੇ ਖਜ਼ਾਨਾ ਹੀ ਆਪ ਸਰਕਾਰ ਨੇ ਕਰ ਖਤਮ ਦਿੱਤਾ। ਲੋਕਾਂ ਦੇ ਪੈਸੇ ਨੂੰ ਬਾਹਰੀ ਲੋਕਾਂ ਤੇ ਲੁਟਾਇਆ ਗਿਆ ਹੈ। ਬੀਬੀ ਪ੍ਰਭਜੋਤ ਕੌਰ ਨੇ ਕਿਹਾ ਕਿ ਸਿੱਖਿਆ ਤੇ ਸਿਹਤ ਸਹੂਲਤਾਂ ਦੇ ਵੱਡੇ ਵੱਡੇ ਵਾਅਦੇ ਕਰਕੇ ਸਰਕਾਰ ਨੇ ਇਹਨਾਂ ਖੇਤਰਾਂ ਵਿੱਚ ਕੁਝ ਨਹੀਂ ਕੀਤਾ। ਮਹਿੰਗੀ ਸਿੱਖਿਆ ਅਤੇ ਮਹਿੰਗੇ ਇਲਾਜ ਨਾਲ ਘਰ ਬਰਬਾਦ ਹੋ ਰਹੇ ਹਨ। ਬੀਬੀ ਸੁਖਜੀਤ ਕੌਰ ਨੇ ਕਿਹਾ ਕਿ ਨਸ਼ਿਆਂ ਦੇ ਨਾਲ ਪਿੰਡ ਪਿੰਡ ਮੁੱਹਲਿਆਂ ਚ ਨੌਜਵਾਨਾਂ ਦੀਆਂ ਲਾਸ਼ਾਂ ਆ ਰਹੀਆਂ ਹਨ। ਖੁਸ਼ਕਰਨ ਸਿੰਘ ਹੇਅ ਨੇ ਕਿਹਾ ਕਿ ਪਾਰਟੀ ਸਾਰੀਆਂ ਜਾਤਾਂ ਵਰਗਾਂ ਧਰਮਾਂ ਦੇ ਲੋਕਾਂ ਨੂੰ ਨਾਲ ਲੈ ਕੇ ਮਹਾਰਾਜਾ ਰਣਜੀਤ ਸਿੰਘ ਵਰਗਾ ਰਾਜ ਪੰਜਾਬ ਵਿੱਚ ਲਿਆਏਗੀ। ਜੱਜ ਢੋਹਰਾ ਨੇ ਕਿਹਾ ਕਿ ਪੰਜਾਬ ਵਿੱਚ ਅਮਨ ਕਾਨੂੰਨ ਦੀ ਸਥਿਤੀ ਰੱਬ ਦੇ ਆਸਰੇ ਚੱਲ ਰਹੀ ਹੈ।ਪਲਵਿੰਦਰ ਸਿੰਘ ਸ਼ੁਕਰਪੁਰਾ ਨੇ ਕਿਹਾ ਕਿ ਪਾਰਟੀ ਵਿੱਚ ਸਾਰੀਆਂ ਜਾਤਾਂ ਧਰਮਾਂ ਦਾ ਸਵਾਗਤ ਹੈ ਕਿਸੇ ਨਾਲ ਕੋਈ ਵਿਤਕਰਾ ਨਹੀਂ ਕੀਤਾ ਜਾਵੇਗਾ।ਹਰਵੰਤ ਸਿੰਘ ਧਾਰੀਵਾਲ ਭੋਜਾ ਨੇ ਕਿਹਾ ਕਿ ਜੇ ਪੰਜਾਬ ਦੇ ਨੌਜਵਾਨਾਂ ਅਤੇ ਪੰਜਾਬ ਨੂੰ ਬਚਾਉਣਾ ਹੈ ਤਾਂ ਭਾਈ ਅੰਮ੍ਰਿਤਪਾਲ ਸਿੰਘ ਦੀ ਅਗਵਾਈ ਵਿੱਚ ਇਕੱਠੇ ਹੋਣਾ ਪਏਗਾ। ਜਸਬੀਰ ਸਿੰਘ ,ਸੁਖਜੀਤ ਸਿੰਘ, ਜਤਿੰਦਰ ਸਿੰਘ ਭੱਟੀ, ਨੇ ਕਿਹਾ ਕਿ ਕਾਂਗਰਸ ਬੀਜੇਪੀ ਅਕਾਲੀ ਦਲ ਬਾਦਲ ਆਮ ਆਦਮੀ ਪਾਰਟੀ ਪੰਜਾਬ ਨੂੰ ਬਰਬਾਦ ਕਰਨ ਵਿੱਚ ਬਰਾਬਰ ਦੀਆਂ ਦੋਸ਼ੀ ਪਾਰਟੀਆਂ ਹਨ। ਇਸ ਮੌਕੇ ਪਿੰਡ ਦੇ ਪੰਜਾਬ 70 ਪਰਿਵਾਰ ਅਕਾਲੀ ਦਲ ਵਾਰਸ ਪੰਜਾਬ ਦੇ ਪਾਰਟੀ ਵਿੱਚ ਸ਼ਾਮਿਲ ਹੋਏ ।ਪਿੰਡ ਦੀ 35 ਮੈਂਬਰੀ ਕਮੇਟੀ ਬਣਾਈ ਗਈ ।ਜਿਸ ਵਿੱਚ ਹਰਪਾਲ ਸਿੰਘ, ਜਗਦੀਪ ਸਿੰਘ, ਮਨਰਾਜ ਸਿੰਘ, ਤੇਜਪਾਲ ਸਿੰਘ, ਸਲਵਿੰਦਰ ਸਿੰਘ ,ਬਿਕਰਮਜੀਤ ਸਿੰਘ ,ਗੁਰਮੇਲ ਸਿੰਘ ,ਮਨਪ੍ਰੀਤ ਸਿੰਘ ,ਜਤਿੰਦਰ ਸਿੰਘ, ਹਰਮਨਦੀਪ ਸਿੰਘ, ਨਰਿੰਦਰ ਸਿੰਘ ,ਗੁਰਪ੍ਰੀਤ ਸਿੰਘ, ਰਾਜਵੀਰ ਸਿੰਘ ,ਗੁਰਵਿੰਦਰ ਸਿੰਘ, ਜਗਦੀਸ਼ ਸਿੰਘ, ਨਿਸ਼ਾਨ ਸਿੰਘ, ਹਰਦੀਪ ਸਿੰਘ ,ਹਰਪਾਲ ਸਿੰਘ, ਰਾਜਵੀਰ ਸਿੰਘ ,ਜਗਦੀਤ ਸਿੰਘ, ਗੁਰਵਿੰਦਰ ਸਿੰਘ, ਸੁਖਵਿੰਦਰ ਸਿੰਘ, ਅਮਰਜੀਤ ਸਿੰਘ, ਹਰਮਨਪ੍ਰੀਤ ਸਿੰਘ, ਗੁਰਪ੍ਰੀਤ ਸਿੰਘ ,ਰਣਜੀਤ ਸਿੰਘ ,ਸਲਵਿੰਦਰ ਸਿੰਘ, ਗੁਰਮੀਤ ਸਿੰਘ, ਬੀਬੀ ਸੁਖਵੰਤ ਕੌਰ,ਬੀਬੀ ਗੁਰਵਿੰਦਰ ਕੌਰ ,ਬੀਬੀ ਪਰਮਜੀਤ ਕੌਰ, ਬੀਬੀ ਨਰਿੰਦਰ ਕੌਰ ,ਬੀਬੀ ਸੁਰਜੀਤ ਕੌਰ ਆਦਿ ਸ਼ਾਮਿਲ ਕੀਤੇ ਗਏ ਅਖੀਰ ਵਿੱਚ ਮਹਿਤਾਬ ਸਿੰਘ ਅਤੇ ਹਰਪਾਲ ਸਿੰਘ ਤਲਵੰਡੀ ਝੁੰਗਲਾ ਨੇ ਆਏ ਹੋਏ ਅਹੁਦੇਦਾਰਾਂ ਅਤੇ ਨਗਰ ਨਿਵਾਸੀਆਂ ਦਾ ਧੰਨਵਾਦ ਕੀਤਾ। ਸਾਰਿਆਂ ਨੇ ਭਾਈ ਅੰਮ੍ਰਿਤਪਾਲ ਸਿੰਘ ਖਾਲਸਾ ਮੈਂਬਰ ਪਾਰਲੀਮੈਂਟ ਸ੍ਰੀ ਖਡੂਰ ਸਾਹਿਬ ਨੂੰ ਦਿਬਰੂਗੜ੍ਹ ਅਸਾਮ ਦੀ ਜੇਲ ਵਿੱਚ ਰੱਖਣ ਤੇ ਪੰਜਾਬ ਸਰਕਾਰ ਅਤੇ ਭਾਰਤ ਸਰਕਾਰ ਦੀ ਸਖਤ ਸ਼ਬਦਾਂ ਵਿੱਚ ਨਿਖੇਧੀ ਕੀਤੀ।

# ਜ਼ਿਲ੍ਹੇ ਵਿਚ ਮੂੰਹ ਢੱਕ ਕੇ ਡਰਾਈਵਿੰਗ ਕਰਨ 'ਤੇ ਲਗਾਈ ਪਾਬੰਦੀ

ਬਲਾਚੌਰ 1 ਅਕਤੂਬਰ (ਤਜਿੰਦਰ ਜੋਤ ਜਸਵਿੰਦਰ ਕੌਰ) ਜ਼ਿਲ੍ਹਾ ਮੈਜਿਸਟ੍ਰੇਟ ਗੁਲਪ੍ਰੀਤ ਸਿੰਘ ਔਲਖ ਨੇ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ, 2023 ਦੀ ਧਾਰਾ 163 ਅਧੀਨ ਮਿਲੇ ਅਧਿਕਾਰਾਂ ਦੀ ਵਰਤੋਂ ਕਰਦਿਆਂ ਜ਼ਿਲ੍ਹਾ ਸ਼ਹੀਦ ਭਗਤ ਸਿੰਘ ਨਗਰ ਦੀ ਹਦੂਦ ਅੰਦਰ ਆਮ ਨਾਗਰਿਕਾਂ ਨੂੰ ਦੋਪਹੀਆ ਵਾਹਨ ਚਲਾਉਂਦੇ ਹੋਏ ਮੂੰਹ ਢੱਕ ਕੇ/ਮੂੰਹ ਬੰਨ੍ਹ ਕੇ ਡਰਾਈਵਿੰਗ ਕਰਨ 'ਤੇ ਪਾਬੰਦੀ ਲਗਾਈ ਹੈ। ਇਹ ਪਾਬੰਦੀ ਉਨ੍ਹਾਂ ਵਿਅਕਤੀਆਂ 'ਤੇ ਲਾਗੂ ਨਹੀਂ ਹੋਵੇਗੀ, ਜਿਨ੍ਹਾਂ ਨੇ ਕਿਸੇ ਬਿਮਾਰੀ ਜਾਂ ਅਲਰਜੀ ਦੀ ਵਜ੍ਹਾ ਕਾਰਨ ਮੈਡੀਕਲ ਸੁਪਰਵਿਜ਼ਨ ਦੇ ਹੇਠਾਂ ਮਾਸਕ ਜਾਂ ਕੋਈ ਹੋਰ ਚੀਜ਼ ਪਹਿਨੀ ਹੋਵੇ। ਜ਼ਿਲ੍ਹਾ ਮੈਜਿਸਟਰੇਟ ਨੇ ਆਪਣੇ ਹੁਕਮ ਵਿਚ ਦੱਸਿਆ ਹੈ ਕਿ ਬਾਜ਼ਾਰਾਂ ਵਿਚ ਆਮ ਤੌਰ ਤੇ ਮੂੰਹ ਢੱਕ ਕੇ ਵਾਹਨ ਚਾਲਕਾਂ (ਖਾਸ ਤੌਰ 'ਤੇ ਦੋਪਹੀਆ ਵਾਹਨ ਚਾਲਕਾਂ) ਵੱਲੋਂ ਲੁਟਾਂ-ਖੋਹਾਂ ਦੀਆਂ ਵਾਰਦਾਤਾਂ ਨੂੰ ਅੰਜ਼ਾਮ ਦਿੱਤਾ ਜਾਂਦਾ ਹੈ। ਮੂੰਹ ਢੱਕਣ ਨਾਲ ਅਪਰਾਧ ਕਰਨ ਵਾਲਿਆਂ ਦੀ ਪਹਿਚਾਣ ਕਰਨ ਵਿਚ ਮੁਸ਼ਕਿਲ ਦਾ ਸਾਹਮਣਾ ਕਰਨਾ ਪੈਂਦਾ ਹੈ। ਇਸ ਲਈ ਜ਼ਿਲ੍ਹੇ ਅੰਦਰ ਮੂੰਹ ਢੱਕ ਕੇ ਅਪਰਾਧਿਕ ਵਾਰਦਾਤਾਂ ਨੂੰ ਰੋਕਣ ਲਈ ਉਕਤ ਹੁਕਮ ਜਾਰੀ ਕੀਤੇ ਗਏ ਹਨ। ਇਹ ਹੁਕਮ 29 ਨਵੰਬਰ 2026ਤੱਕ ਲਾਗੂ ਰਹਿਣਗੇ

# ਬੀਬੀਆਂ ਦੇ ਖਾਤਿਆਂ ਵਿਚ 4500 ਅਤੇ 3000 ਹਜ਼ਾਰ ਰੁਪਏ ਆਉਣ ਨਾਲ ਬੀਬੀਆਂ ਹੋਈਆਂ ਬਾਗ਼ੋਂ ਬਾਗ਼

ਕੋਟਕਪੂਰਾ 1 ਅਕਤੂਬਰ (ਗੁਰਪ੍ਰੀਤ ਸਿੰਘ ਔਲਖ)ਆਮ ਆਦਮੀ ਪਾਰਟੀ ਦੇ ਵਿਧਾਨਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਅਤੇ ਉਨ੍ਹਾਂ ਦੀ ਧਰਮਪਤਨੀ ਬੀਬੀ ਗੁਰਪ੍ਰੀਤ ਕੌਰ ਸੰਧਵਾਂ ਅਤੇ ਬਲਾਕ ਪ੍ਰਧਾਨ ਹਰਪ੍ਰੀਤ ਸਿੰਘ ਚਹਿਲ ਨੇ ਦੱਸਿਆ ਕਿ ਇਸ ਦੌਰਾਨ ਪੰਜਾਬ ਦੇ ਮੌਜੂਦਾ ਹਾਲਾਤ ਅਤੇ ਸੂਬੇ ਦੀ ਤਰੱਕੀ ਸਬੰਧੀ ਵਿਚਾਰ ਵਟਾਂਦਰਾ ਕੀਤਾ ਗਿਆ ਬੀਬੀ ਸੰਧਵਾਂ ਨੇ ਕਿਹਾ ਕਿ ਮਾਨ ਪਰਿਵਾਰ ਪੰਜਾਬ ਨੂੰ ਲੈ ਕੇ ਬੇਹੱਦ ਚਿੰਤਤ ਹੈ ਅਤੇ ਸੂਬੇ ਦੀ ਖੁਸ਼ਹਾਲੀ ਤੇ ਵਿਕਾਸ ਲਈ ਲਗਾਤਾਰ ਸੋਚਦਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਸਰਕਾਰ ਵੱਲੋਂ ਲੋਕ-ਹਿੱਤ ਵਿੱਚ ਕੀਤੇ ਜਾ ਰਹੇ ਕੰਮਾਂ ਦਾ ਸਿੱਧਾ ਲਾਭ ਆਮ ਲੋਕਾਂ ਨੂੰ ਮਿਲ ਰਿਹਾ ਹੈ। ਉਨ੍ਹਾਂ ਦਾਅਵਾ ਕੀਤਾ ਕਿ ਆਉਣ ਵਾਲੀਆਂ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਅਰਵਿੰਦ ਕੇਜਰੀਵਾਲ ਅਤੇ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਬਣੇਗੀ। ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਪਿਛਲੀਆਂ ਸਰਕਾਰਾਂ ਦੇ ਲੰਮੇ ਰਾਜ ਦੌਰਾਨ ਹੋਈ ਲੁੱਟ, ਭ੍ਰਿਸ਼ਟਾਚਾਰ ਅਤੇ ਬੇਤਰਤੀਬੀ ਨੂੰ ਭੁੱਲੇ ਨਹੀਂ ਹਨ। ਇਸ ਤਰ੍ਹਾਂ ਬਲਾਕ ਪ੍ਰਧਾਨ ਹਰਪ੍ਰੀਤ ਕੌਰ ਚਹਿਲ ਨੇ ਵੀ ਤੰਜ ਕੱਸਦਿਆਂ ਕਿਹਾ ਕਿ ਜਿਹੜੀਆਂ ਪਾਰਟੀਆਂ ਦਹਾਕਿਆਂ ਤੱਕ ਪੰਜਾਬ ਦੀ ਸੱਤਾ ਤੇ ਕਾਬਜ਼ ਰਹੀਆਂ, ਉਨ੍ਹਾਂ ਨੇ ਸੂਬੇ ਦੇ ਸਰੋਤਾਂ ਦੀ ਸੰਭਾਲ ਕਰਨ ਦੀ ਬਜਾਏ ਪੰਜਾਬ ਨੂੰ ਆਪਣੇ ਸਿਆਸੀ ਹਿੱਤਾਂ ਲਈ ਵਰਤਿਆ ਅਤੇ ਲੋਕਾਂ ਨੂੰ ਸਿਰਫ਼ ਵਾਅਦਿਆਂ ਦੇ ਸਹਾਰੇ ਛੱਡ ਦਿੱਤਾ। ਉਹਨਾਂ ਨੇ ਕਿਹਾ ਕਿ ਸਰਦਾਰ ਭਗਵੰਤ ਸਿੰਘ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਨੇ ਰਵਾਇਤੀ ਸਿਆਸਤ ਤੋਂ ਹਟ ਕੇ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਵੱਲ ਧਿਆਨ ਦਿੱਤਾ ਹੈ। ਉਨ੍ਹਾਂ ਕਿਹਾ ਕਿ ਪੰਜਾਬ ਨੂੰ ਤਰੱਕੀ ਦੀਆਂ ਉਚਾਈਆਂ ਤੇ ਲਿਜਾਣ ਦੀ ਸਮਰੱਥਾ ਸਿਰਫ਼ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਵਿੱਚ ਹੈ। ਉਨ੍ਹਾਂ ਵਿਰੋਧੀ ਪਾਰਟੀਆਂ ਤੇ ਨਿਸ਼ਾਨਾ ਸਾਧਦਿਆ

# ਏਸ਼ੀਅਨ ਗੇਮਜ਼ 2026 ਵਿੱਚ ਭਾਰਤੀ ਹਾਕੀ ਦਾ ਸ਼ਾਨਦਾਰ ਪ੍ਰਦਰਸ਼ਨ : ਬਲਵਿੰਦਰ ਸਿੰਘ ਸ਼ੰਮੀ

**ਅੰਮ੍ਰਿਤਸਰ, 1 ਅਕਤੂਬਰ (ਰਾਜੇਸ਼ ਡੈਨੀ):** ਏਸ਼ੀਅਨ ਗੇਮਜ਼ 2026 ਵਿੱਚ ਭਾਰਤੀ ਹਾਕੀ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਇੱਕ ਮਹੱਤਵਪੂਰਨ ਉਪਲਬਧੀ ਹਾਸਲ ਕੀਤੀ ਹੈ। ਭਾਰਤੀ ਪੁਰਸ਼ ਅਤੇ ਮਹਿਲਾ ਹਾਕੀ ਟੀਮਾਂ ਨੇ ਫਾਈਨਲ ਵਿੱਚ ਆਪਣੀ ਜਗਹਾ ਬਣਾਈ ਹੈ। ਲੰਮੇ ਅਰਸੇ ਬਾਅਦ ਇੱਕੋ ਏਸ਼ੀਅਨ ਗੇਮਜ਼ ਵਿੱਚ ਦੋਵੇਂ ਭਾਰਤੀ ਹਾਕੀ ਟੀਮਾਂ ਦਾ ਫਾਈਨਲ ਤੱਕ ਪਹੁੰਚਣਾ ਭਾਰਤੀ ਹਾਕੀ ਲਈ ਮਾਣ ਵਾਲਾ ਪਲ ਹੈ ਇਸ ਸਫਲਤਾ ਪਿੱਛੇ ਖਿਡਾਰੀਆਂ ਦੀ ਸਖ਼ਤ ਮਿਹਨਤ, ਕੋਚਿੰਗ ਸਟਾਫ਼ ਦੀ ਤਿਆਰੀ, ਹਾਕੀ ਇੰਡੀਆ ਦੀ ਯੋਜਨਾਬੱਧ ਪਹੁੰਚ ਅਤੇ ਚੋਣ ਪ੍ਰਕਿਰਿਆ ਵਿੱਚ ਤਜਰਬੇਕਾਰ ਹਾਕੀ ਹਸਤੀਆਂ ਦੀ ਭੂਮਿਕਾ ਮਹੱਤਵਪੂਰਨ ਰਹੀ ਹੈ। ਭਾਰਤੀ ਹਾਕੀ ਟੀਮਾਂ ਦੀ ਚੋਣ ਕਮੇਟੀ ਵਿੱਚ ਡਾ. ਆਰ.ਪੀ. ਸਿੰਘ (ਚੇਅਰਮੈਨ), ਓਲੰਪੀਅਨ ਮੁਹੰਮਦ ਰਿਆਜ਼, ਓਲੰਪੀਅਨ ਐੱਮ.ਐੱਮ. ਸੋਮਾਇਆ ਅਤੇ ਓਲੰਪੀਅਨ ਬਲਵਿੰਦਰ ਸਿੰਘ ਸ਼ੰਮੀ ਸ਼ਾਮਲ ਹਨ। ਇਹ ਚਾਰੋਂ ਤਜਰਬੇਕਾਰ ਹਾਕੀ ਹਸਤੀਆਂ ਭਾਰਤੀ ਹਾਕੀ ਦੇ ਵੱਖ-ਵੱਖ ਦੌਰਾਂ ਦੇ ਖੇਡ ਅਨੁਭਵ, ਅੰਤਰਰਾਸ਼ਟਰੀ ਪੱਧਰ ਦੀ ਸਮਝ ਅਤੇ ਚੋਣ ਪ੍ਰਕਿਰਿਆ ਦਾ ਤਜਰਬਾ ਲੈ ਕੇ ਟੀਮਾਂ ਦੀ ਚੋਣ ਵਿੱਚ ਯੋਗਦਾਨ ਪਾ ਰਹੀਆਂ ਹਨ ਖਾਸ ਤੌਰ 'ਤੇ ਓਲੰਪੀਅਨ ਬਲਵਿੰਦਰ ਸਿੰਘ ਸ਼ੰਮੀ ਦੀ ਹਾਕੀ ਇੰਡੀਆ ਦੀ ਚੋਣ ਕਮੇਟੀ ਵਿੱਚ ਭੂਮਿਕਾ ਪੰਜਾਬ ਅਤੇ ਭਾਰਤੀ ਹਾਕੀ ਲਈ ਮਾਣ ਵਾਲੀ ਗੱਲ ਹੈ। ਇੱਕ ਓਲੰਪੀਅਨ ਅਤੇ ਤਜਰਬੇਕਾਰ ਹਾਕੀ ਖਿਡਾਰੀ ਵਜੋਂ ਉਨ੍ਹਾਂ ਦਾ ਅਨੁਭਵ ਭਾਰਤੀ ਹਾਕੀ ਦੇ ਨਵੇਂ ਖਿਡਾਰੀਆਂ ਦੀ ਪਛਾਣ ਅਤੇ ਉੱਚ ਪੱਧਰੀ ਟੀਮਾਂ ਦੀ ਚੋਣ ਵਿੱਚ ਮਹੱਤਵਪੂਰਨ ਹੈ ਭਾਰਤੀ ਪੁਰਸ਼ ਅਤੇ ਮਹਿਲਾ ਦੋਵੇਂ ਟੀਮਾਂ ਦੇ ਫਾਈਨਲ ਵਿੱਚ ਪਹੁੰਚਣ ਨਾਲ ਦੇਸ਼ ਭਰ ਦੇ ਹਾਕੀ ਪ੍ਰੇਮੀਆਂ ਵਿੱਚ ਖੁਸ਼ੀ ਅਤੇ ਉਤਸ਼ਾਹ ਦਾ ਮਾਹੌਲ ਹੈ। ਹੁਣ ਸਾਰਿਆਂ ਦੀਆਂ ਨਜ਼ਰਾਂ ਫਾਈਨਲ ਮੁਕਾਬਲਿਆਂ 'ਤੇ ਟਿਕੀਆਂ ਹੋਈਆਂ ਹਨ, ਜਿੱਥੇ ਦੋਵੇਂ ਭਾਰਤੀ ਟੀਮਾਂ ਸੋਨ ਤਮਗੇ ਲਈ ਆਪਣਾ ਸਰਵੋਤਮ ਪ੍ਰਦਰਸ਼ਨ ਕਰਨ ਲਈ ਮੈਦਾਨ ਵਿੱਚ ਉਤਰਣਗੀਆਂ ਭਾਰਤੀ ਹਾਕੀ ਲਈ ਇਹ ਉਪਲਬਧੀ ਨਵੀਂ ਪੀੜ੍ਹੀ ਦੇ ਖਿਡਾਰੀਆਂ ਨੂੰ ਪ੍ਰੇਰਣਾ ਦੇਣ ਵਾਲੀ ਹੈ ਅਤੇ ਦੇਸ਼ ਵਿੱਚ ਹਾਕੀ ਦੀ ਖੇਡ ਨੂੰ ਹੋਰ ਉਤਸ਼ਾਹਿਤ ਕਰਨ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਏਗੀ।

# ਐਚ.ਐਮ.ਡੀ.ਏ.ਵੀ. ਪਬਲਿਕ ਸਕੂਲ ਦੇ ਖਿਡਾਰੀਆਂ ਨੇ ਡੀ.ਏ.ਵੀ. ਸਟੇਟ ਗੇਮਜ਼ 'ਚ ਗੱਡੇ ਜਿੱਤ ਦੇ ਝੰਡੇ

**ਫਿਰੋਜ਼ਪੁਰ, 1 ਅਕਤੂਬਰ (ਪਰੇਸ਼ ਕੁਮਾਰ ਡਿੰਪੀ):** ਐਚ.ਐਮ.ਡੀ.ਏ.ਵੀ. ਪਬਲਿਕ ਸਕੂਲ, ਫਿਰੋਜ਼ਪੁਰ ਸਿਟੀ ਦੇ ਹੋਣਹਾਰ ਖਿਡਾਰੀਆਂ ਨੇ ਡੀ.ਏ.ਵੀ. ਸਟੇਟ-ਲੈਵਲ ਚੈਂਪੀਅਨਸ਼ਿਪ/ਗੇਮਜ਼, ਡੀ.ਏ.ਵੀ. ਪਖੋਵਾਲ, ਲੁਧਿਆਣਾ ਵਿਖੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਤਾਇਕਵਾਂਡੋ, ਵਾਲੀਬਾਲ ਅਤੇ ਬਾਕਸਿੰਗ ਦੇ ਖਿਡਾਰੀਆਂ ਨੇ ਆਪਣੀ ਮਿਹਨਤ, ਅਨੁਸ਼ਾਸਨ ਅਤੇ ਖੇਡ ਭਾਵਨਾ ਦਾ ਬਿਹਤਰੀਨ ਪ੍ਰਦਰਸ਼ਨ ਕਰਦਿਆਂ ਕਈ ਤਮਗੇ ਅਤੇ ਟਰਾਫੀਆਂ ਆਪਣੇ ਨਾਮ ਕੀਤੀਆਂ। ਤਾਇਕਵਾਂਡੋ ਵਿੱਚ ਖਿਡਾਰੀਆਂ ਨੇ ਜਿੱਤੇ ਤਮਗੇ: ਅੰਡਰ-14 ਲੜਕੀਆਂ ਦੇ ਵਰਗ ਵਿੱਚ ਸ਼ਿਖਾ ਨੇ ਕਾਂਸੀ ਅਤੇ ਸਨਾਇਆ ਨੇ ਚਾਂਦੀ ਦਾ ਤਮਗਾ ਜਿੱਤਿਆ। ਸਨਾਇਆ ਦੀ ਨੈਸ਼ਨਲ ਪੱਧਰ ਦੀ ਪ੍ਰਤੀਯੋਗਿਤਾ ਲਈ ਚੋਣ ਹੋਈ। ਅੰਡਰ-17 ਲੜਕੀਆਂ ਵਿੱਚ ਅਨਮੋਲ ਨੇ ਸੋਨ, ਤਮੰਨਾ ਨੇ ਚਾਂਦੀ, ਜਦਕਿ ਮੰਨੂ ਅਤੇ ਨਵਜੋਤ ਨੇ ਕਾਂਸੀ ਦੇ ਤਮਗੇ ਹਾਸਲ ਕੀਤੇ। ਅਨਮੋਲ ਅਤੇ ਤਮੰਨਾ ਦੀ ਵੀ ਨੈਸ ਪੱਧਰ ਲਈ ਚੋਣ ਹੋਈ। ਅੰਡਰ-14 ਲੜਕਿਆਂ ਵਿੱਚ ਨਕਸ਼ ਅਤੇ ਵਿਹਾਨ ਨੇ ਕਾਂਸੀ ਦੇ ਤਮਗੇ ਜਿੱਤ ਕੇ ਸਕੂਲ ਦਾ ਮਾਣ ਵਧਾਇਆ। ਸਕੂਲ ਦੇ ਪ੍ਰਿੰਸੀਪਲ ਸ਼੍ਰੀ ਸੰਜੇ ਕੁਮਾਰ ਠਾਕੁਰ ਨੇ ਸਾਰੇ ਖਿਡਾਰੀਆਂ ਨੂੰ ਇਨ੍ਹਾਂ ਸ਼ਾਨਦਾਰ ਪ੍ਰਾਪਤੀਆਂ ਲਈ ਹਾਰਦਿਕ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀ ਮਿਹਨਤ, ਸਮਰਪਣ, ਅਨੁਸ਼ਾਸਨ ਅਤੇ ਟੀਮ ਭਾਵਨਾ ਨੇ ਸਕੂਲ ਲਈ ਮਾਣ ਵਾਲਾ ਪਲ ਸਿਰਜਿਆ ਹੈ। ਸਕੂਲ ਪਰਿਵਾਰ ਨੇ ਨੈਸ਼ਨਲ ਪੱਧਰ ਲਈ ਚੁਣੇ ਗਏ ਸਾਰੇ ਖਿਡਾਰੀਆਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਉਨ੍ਹਾਂ ਦੇ ਉਜਵਲ ਭਵਿੱਖ ਦੀ ਕਾਮਨਾ ਕੀਤੀ।

# ਖੇਡਾਂ ਵਤਨ ਪੰਜਾਬ ਦੀਆਂ ਦੇ ਜ਼ਿਲ੍ਹਾ ਪੱਧਰੀ ਮੁਕਾਬਲਿਆਂ 'ਚ ਹਰਸਿਮਰਤ ਨੇ ਜਿੱਤੇ ਦੋ ਤਮਗੇ

**ਦੇਵੀਗੜ੍ਹ, 1ਅਕਤੂਬਰ (ਰਾਜਿੰਦਰ ਸਿੰਘ ਥਿੰਦ):** ਖੇਡਾਂ ਵਤਨ ਪੰਜਾਬ ਦੀਆਂ ਦੇ ਜ਼ਿਲ੍ਹਾ ਪੱਧਰੀ ਐਥਲੈਟਿਕਸ ਮੁਕਾਬਲਿਆਂ ਵਿੱਚ ਮਾਤਾ ਗੁਜਰੀ ਸੀਨੀਅਰ ਸੈਕੰਡਰੀ ਸਕੂਲ ਦੀ ਵਿਦਿਆਰਥਣ ਹਰਸਿਮਰਤ ਕੌਰ, ਜਮਾਤ 9ਵੀਂ-ਏ, ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਸਕੂਲ ਦਾ ਨਾਮ ਰੌਸ਼ਨ ਕੀਤਾ। ਹਰਸਿਮਰਤ ਕੌਰ ਨੇ 200 ਮੀਟਰ ਦੌੜ ਵਿੱਚ ਚਾਂਦੀ ਦਾ ਤਮਗਾ ਅਤੇ 100 ਮੀਟਰ ਦੌੜ ਵਿੱਚ ਕਾਂਸੀ ਦਾ ਤਮਗਾ ਹਾਸਲ ਕੀਤਾ। ਉਸਨੇ ਆਪਣੀ ਮਿਹਨਤ, ਲਗਨ ਅਤੇ ਖੇਡ ਪ੍ਰਤਿਭਾ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਇਸ ਪ੍ਰਾਪਤੀ ਲਈ ਵਿਦਿਆਰਥਣ ਨੂੰ ਕੋਚ ਸ੍ਰੀ ਹਿਮਾਂਸ਼ੂ ਵੱਲੋਂ ਵਿਸ਼ੇਸ਼ ਸਿਖਲਾਈ ਅਤੇ ਮਾਰਗਦਰਸ਼ਨ ਦਿੱਤਾ ਗਿਆ। ਸਕੂਲ ਦੇ ਡਾਇਰੈਕਟਰ ਸ੍ਰੀ ਭੁਪਿੰਦਰ ਸਿੰਘ, ਪ੍ਰਧਾਨ ਸ੍ਰੀਮਤੀ ਰਵਿੰਦਰ ਕੌਰ ਅਤੇ ਪ੍ਰਿੰਸੀਪਲ ਸ੍ਰੀਮਤੀ ਪੂਨਮ ਧੀਮਾਨ ਨੇ ਹਰਸਿਮਰਤ ਕੌਰ ਅਤੇ ਕੋਚ ਸ੍ਰੀ ਹਿਮਾਂਸ਼ੂ ਨੂੰ ਇਸ ਸ਼ਾਨਦਾਰ ਪ੍ਰਾਪਤੀ ਲਈ ਵਧਾਈ ਦਿੱਤੀ। ਉਨ੍ਹਾਂ ਕਿਹਾ ਕਿ ਸਕੂਲ ਵੱਲੋਂ ਵਿਦਿਆਰਥੀਆਂ ਨੂੰ ਪੜ੍ਹਾਈ ਦੇ ਨਾਲ-ਨਾਲ ਖੇਡਾਂ ਵਿੱਚ ਵੀ ਆਪਣੀ ਪ੍ਰਤਿਭਾ ਨਿਖਾਰਨ ਲਈ ਲਗਾਤਾਰ ਉਤਸ਼ਾਹਿਤ ਕੀਤਾ ਜਾਂਦਾ ਹੈ। ਸਕੂਲ ਪ੍ਰਬੰਧਨ ਨੇ ਆਸ ਪ੍ਰਗਟ ਕੀਤੀ ਕਿ ਹਰਸਿਮਰਤ ਕੌਰ ਭਵਿੱਖ ਵਿੱਚ ਵੀ ਆਪਣੀ ਮਿਹਨਤ ਅਤੇ ਲਗਨ ਨਾਲ ਹੋਰ ਉੱਚੀਆਂ ਪ੍ਰਾਪਤੀਆਂ ਹਾਸਲ ਕਰਕੇ ਸਕੂਲ ਅਤੇ ਆਪਣੇ ਮਾਪਿਆਂ ਦਾ ਨਾਮ ਰੌਸ਼ਨ ਕਰੇਗੀ।

# ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸਕੂਲ, ਬਟਾਲਾ ਦੀ ਕਬੱਡੀ ਟੀਮ ਨੇ ਪਹਿਲਾ ਸਥਾਨ ਪ੍ਰਾਪਤ ਕੀਤਾ, ਜਿਸ ਵਿੱਚ 12 ਵਿਦਿਆਰਥਣਾਂ ਜ਼ਿਲ੍ਹਾ ਪੱਧਰੀ ਮੁਕਾਬਲੇ ਲਈ ਚੁਣੀਆਂ ਗਈਆਂ

**ਬਟਾਲਾ, 1 ਅਕਤੂਬਰ (ਸੰਜੀਵ ਨਈਅਰ):** ਆਰ.ਡੀ. ਖੋਸਲਾ ਡੀ.ਏ.ਵੀ. ਮਾਡਲ ਸੀਨੀਅਰ ਸੈਕੰਡਰੀ ਸਕੂਲ, ਬਟਾਲਾ ਦੀ ਅੰਡਰ-14 ਕੁੜੀਆਂ ਦੀ ਕਬੱਡੀ ਟੀਮ ਨੇ ਖੇਡਾਂ ਵਤਨ ਪੰਜਾਬ ਦੀਆਂ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ, ਬਲਾਕ ਪੱਧਰ 'ਤੇ ਪਹਿਲਾ ਸਥਾਨ ਪ੍ਰਾਪਤ ਕਰਕੇ ਸਕੂਲ ਦਾ ਮਾਣ ਵਧਾਇਆ। ਵਿਦਿਆਰਥੀਆਂ ਦੀ ਇਸ ਸ਼ਾਨਦਾਰ ਖੇਡ ਪ੍ਰਾਪਤੀ ਨੇ ਸਕੂਲ ਕੈਂਪਸ ਵਿੱਚ ਖੁਸ਼ੀ ਅਤੇ ਉਤਸ਼ਾਹ ਲਿਆ ਦਿੱਤਾ। ਇਸ ਸ਼ਾਨਦਾਰ ਪ੍ਰਾਪਤੀ ਦੇ ਨਾਲ ਸਕੂਲ ਦੀਆਂ 12 ਪ੍ਰਤਿਭਾਸ਼ਾਲੀ ਵਿਦਿਆਰਥਣਾਂ ਨੂੰ ਜ਼ਿਲ੍ਹਾ ਪੱਧਰੀ ਮੁਕਾਬਲੇ ਲਈ ਚੁਣਿਆ ਗਿਆ ਹੈ। ਸਕੂਲ ਦੇ ਚੇਅਰਮੈਨ ਸ੍ਰੀ ਅਰਵਿੰਦ ਖੋਸਲਾ, ਪ੍ਰਧਾਨ ਸ੍ਰੀ ਅਜੇ ਖੋਸਲਾ, ਅਤੇ ਪ੍ਰਿੰਸੀਪਲ ਡਾ. ਬਿੰਦੂ ਭੱਲਾ ਨੇ ਜੇਤੂ ਵਿਦਿਆਰਥੀਆਂ, ਉਨ੍ਹਾਂ ਦੇ ਮਾਪਿਆਂ ਅਤੇ ਕੋਚ ਸਰਦਾਰ ਰਾਜਬੀਰ ਸਿੰਘ ਅਤੇ ਸ੍ਰੀਮਤੀ ਰਾਜਬੀਰ ਕੌਰ ਨੂੰ ਦਿਲੋਂ ਵਧਾਈ ਦਿੱਤੀ ਅਤੇ ਵਿਦਿਆਰਥੀਆਂ ਦੀ ਪ੍ਰਸ਼ੰਸਾ ਕਰਦਿਆਂ ਕਿਹਾ ਕਿ ਖੇਡਾਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਲਈ ਇੱਕ ਮਹੱਤਵਪੂਰਨ ਮਾਧਿਅਮ ਹਨ। ਇਸ ਪ੍ਰਾਪਤੀ ਦਾ ਸਿਹਰਾ ਵਿਦਿਆਰਥੀਆਂ ਦੀ ਅਣਥੱਕ ਮਿਹਨਤ ਅਤੇ ਸਮਰਪਣ ਨੂੰ ਦਿੰਦੇ ਹੋਏ, ਉਨ੍ਹਾਂ ਨੂੰ ਨਿਯਮਿਤ ਤੌਰ 'ਤੇ ਅਭਿਆਸ ਕਰਨ, ਤਕਨੀਕੀ ਹੁਨਰ, ਰਣਨੀਤੀ ਅਤੇ ਟੀਮ ਭਾਵਨਾ ਦੇ ਲਈ ਪ੍ਰੇਰਿਤ ਕਰਦੇ ਇਹ ਉਮੀਦ ਪ੍ਰਗਟ ਕੀਤੀ ਕਿ ਇਹ ਪ੍ਰਤਿਭਾਸ਼ਾਲੀ ਵਿਦਿਆਰਥੀ ਆਉਣ ਵਾਲੇ ਖੇਡ ਮੁਕਾਬਲਿਆਂ ਵਿੱਚ ਵੀ ਯੋਗ ਪ੍ਰਦਰਸ਼ਨ ਕਰਦੇ ਹੋਏ ਆਪਣੇ ਸਕੂਲ ਤੇ ਖੇਤਰ ਦਾ ਨਾਮ ਰੋਸ਼ਨ ਕਰਨਗੇ।

# ਰਨਰਜ ਕਲੱਬ ਅਮਰਗੜ੍ਹ ਨੇ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਮੱਲਾ ਮਾਰੀਆਂ

**ਅਮਰਗੜ੍ਹ, 1 ਅਕਤੂਬਰ (ਵਰਿੰਦਰ ਗਿੱਲ):** ਪੰਜਾਬ ਵਿੱਚ ਹੋ ਰਹੀਆਂ ਖੇਡਾਂ ਵਤਨ ਪੰਜਾਬ ਦੀਆਂ ਦੇ ਜਿਲਾ ਪੱਧਰੀ ਮੁਕਾਬਲਿਆਂ ਦੇ ਚੌਥੇ ਦਿਨ ਮਿਤੀ-30 ਸਤੰਬਰ 2026 ਦਿਨ ਬੁੱਧਵਾਰ ਨੂੰ ਮਾਲੇਰਕੋਟਲਾ ਜਿਲੇ ਦੇ ਦ ਟਾਊਨ ਸਕੂਲ ਮਾਲੇਰਕੋਟਲਾ ਵਿਖੇ ਹੋ ਰਹੇ ਅਥਲੈਟਿਕਸ ਦੇ ਵੱਖ-ਵੱਖ ਇਵੈਂਟਾਂ ਵਿੱਚ ਰਨਰਜ ਕਲੱਬ ਅਮਰਗੜ੍ਹ ਨੇ 10 ਮੈਡਲ ਹਾਸਲ ਕੀਤੇ। ਜਿਸ ਵਿੱਚ ਸ਼ਿਵ ਭਾਰਦਵਾਜ ਨੇ 41-50 ਦੇ ਉਮਰ ਗਰੁੱਪ ਵਿੱਚ 400 ਮੀਟਰ ਅਤੇ 800 ਮੀਟਰ ਦੌੜ ਵਿੱਚ ਗੋਲਡ ਮੈਡਲ ਹਾਸਲ ਕੀਤੇ। ਕਰਨਵੀਰ ਨੇ ਅੰਡਰ 21 ਉਮਰ ਗਰੁੱਪ ਵਿੱਚ 400 ਮੀਟਰ ਦੌੜ ਵਿੱਚ ਕਾਂਸੇ ਦਾ ਤਗਮਾ ਹਾਸਲ ਕੀਤਾ। ਮਨਕਰਨ ਭਾਰਦਵਾਜ ਨੇ ਅੰਡਰ 21 ਉਮਰ ਗਰੁੱਪ ਵਿੱਚ, 5 ਕਿਲੋਮੀਟਰ ਰੇਸ ਵਾਕ ਵਿੱਚ ਗੋਲਡ ਮੈਡਲ ਹਾਸਲ ਕੀਤਾ। ਵਿਸ਼ਾਲ ਵਰਮਾਂ ਨੇ 1500 ਮੀਟਰ ਰੇਸ ਵਿੱਚ ਕਾਂਸੇ ਦਾ ਤਗਮਾਂ ਹਾਸਲ ਕੀਤਾ। ਨਵਦੀਪ ਸਿੰਘ ਨੇ ਅੰਡਰ 21 ਦੇ ਉਮਰ ਗਰੁੱਪ ਵਿੱਚ, 800 ਮੀਟਰ ਦੌੜ ਵਿੱਚ ਗੋਲਡ ਮੈਡਲ ਹਾਸਲ ਕੀਤਾ। ਅਮਰ ਸਿੰਘ ਨੇ 21-30 ਉਮਰ ਗਰੁੱਪ ਵਿੱਚ 400 ਅਤੇ 800 ਮੀਟਰ ਦੌੜ ਵਿੱਚ ਗੋਲਡ ਮੈਡਲ ਹਾਸਲ ਕੀਤਾ। ਆਮਿਲ ਖਾਨ ਨੇ 21-30 ਉਮਰ ਗਰੁੱਪ ਵਿੱਚ 800 ਮੀਟਰ ਰੇਸ ਵਿੱਚ ਕਾਂਸੇ ਦਾ ਤਗਮਾਂ ਅਤੇ 5000 ਮੀਟਰ ਰੇਸ ਵਿੱਚ ਚਾਂਦੀ ਦਾ ਤਗਮਾਂ ਹਾਸਲ ਕੀਤਾ। ਇਸ ਸਮੇਂ ਕੋਚ ਸ਼ਿਵ ਭਾਰਦਵਾਜ ਨੇ ਗੱਲਬਾਤ ਸਾਂਝੀ ਕਰਦਿਆਂ ਕਿਹਾ, ਕੀ ਨੌਜਵਾਨੀ ਨੂੰ ਨਸ਼ੇ ਦੀ ਦਲ ਦਲ ਵਿੱਚੋਂ ਕੱਢਣਾ ਅਤੇ ਉਨ੍ਹਾਂ ਦੀ ਜ਼ਿੰਦਗੀ ਨੂੰ ਨਵੀਂ ਦਿਸ਼ਾ ਤੇ ਦਸਾ ਵੱਲ ਲੈਕੇ ਜਾਣਾ ਜਿਨ੍ਹਾਂ ਕਠਣ ਹੁੰਦਾ, ਮੈਂਕਾਮ ਹਾਸਿਲ ਕਰਨ ਤੋਂ ਬਾਅਦ ਦੁਣੀ ਖੁਸ਼ੀ ਮਿਲਦੀ ਹੈ। ਕਿਉਂਕਿ ਖੇਡਾਂ ਇਨਸਾਨ ਦੇ ਜੀਵਨ ਦੀ ਬਣਤਰ ਨੂੰ ਸੰਜੀਦਗੀ ਵਿੱਚ ਢਾਲ ਦਿੰਦੀਆਂ ਹਨ ਅਤੇ ਭਵਿੱਖ ਨੂੰ ਰੋਸ਼ਨ ਕਰਦੀਆਂ ਹਨ। ਇਸ ਸਮੇਂ ਰਨਰਜ ਕਲੱਬ ਦੇ ਸਾਰੇ ਅਹੁਦੇਦਾਰਾਂ ਨੇ ਮੈਡਲ ਜਿੱਤਣ ਵਾਲੇ ਸਾਰੇ ਹੀ ਐਥਲੀਟਾਂ ਨੂੰ ਵਧਾਈ ਦਿੱਤੀ।

# ਖੇਡਾਂ ਵਤਨ ਪੰਜਾਬ ਦੀਆਂ "-21 ਟੀਮ ਨੇ ਮਾਰੀ ਬਾਜ਼ੀ

**ਪਠਾਨਕੋਟ, 1 ਅਕਤੂਬਰ (ਤਰੁਣ ਸਣਹੋਤਰਾ):** ਖੇਡਾਂ ਵਤਨ ਪੰਜਾਬ ਦੀਆਂ ਤਹਿਤ ਕਰਵਾਏ ਗਏ "-21 ਲੜਕਿਆਂ ਦੇ ਮੁਕਾਬਲਿਆਂ ਵਿੱਚ ਅੰਤੋਰ ਸਪੋਰਟਸ ਵਿੰਗ ਦੀ ਟੀਮ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ ਪਹਿਲਾ ਸਥਾਨ ਹਾਸਲ ਕਰਕੇ ਗੋਲਡ ਮੈਡਲ ਜਿੱਤਿਆ। ਫਾਈਨਲ ਮੁਕਾਬਲੇ ਵਿੱਚ ਅੰਤੋਰ ਦੀ ਟੀਮ ਨੇ ਦੋਸਤਪੁਰ ਕਲੱਬ ਨੂੰ ਹਰਾ ਕੇ ਖਿਤਾਬ ਆਪਣੇ ਨਾਮ ਕੀਤਾ। ਇਸ ਮੌਕੇ ਮਨੀ ਕੋਹਲੀਆਂ ਅਤੇ ਗਾਂਧੀ ਮਸਤਪੁਰ ਨੂੰ ਸ਼ਾਨਦਾਰ ਪ੍ਰਦਰਸ਼ਨ ਲਈ ਬੈਸਟ ਪਲੇਅਰ ਚੁਣਿਆ ਗਿਆ। ਇਸ ਮੌਕੇ ਕੋਚ ਗੁਰਪ੍ਰੀਤ ਸਿੰਘ ਅਤੇ ਪਲਵਿੰਦਰ ਸਿੰਘ ਨੇ ਦੱਸਿਆ ਕਿ ਅੰਤੋਰ ਪਿੰਡ ਵਿੱਚ ਚੱਲ ਰਹੇ ਸਪੋਰਟਸ ਵਿੰਗ ਵਿੱਚ ਬੱਚੇ ਸਾਰਾ ਸਾਲ ਲਗਾਤਾਰ ਮਿਹਨਤ ਕਰਦੇ ਹਨ। ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਦੀ ਪ੍ਰਤਿਭਾ ਨੂੰ ਨਿਖਾਰਨ ਲਈ ਨਿਯਮਤ ਅਭਿਆਸ ਕਰਵਾਇਆ ਜਾਂਦਾ ਹੈ। ਉਨ੍ਹਾਂ ਦੱਸਿਆ ਕਿ ਖਿਡਾਰੀਆਂ ਦੀ ਸਿਹਤ ਅਤੇ ਖੇਡ ਪ੍ਰਦਰਸ਼ਨ ਨੂੰ ਧਿਆਨ ਵਿੱਚ ਰੱਖਦਿਆਂ ਸਰਕਾਰ ਵੱਲੋਂ ਖਿਡਾਰੀਆਂ ਨੂੰ ਰੋਜ਼ਾਨਾ ਡਾਇਟ ਵੀ ਮੁਹੱਈਆ ਕਰਵਾਈ ਜਾਂਦੀ ਹੈ। ਅੰਤੋਰ ਸਪੋਰਟਸ ਵਿੰਗ ਦੇ ਖਿਡਾਰੀਆਂ ਦੀ ਇਸ ਜਿੱਤ ਨਾਲ ਪਿੰਡ ਵਿੱਚ ਖੁਸ਼ੀ ਦਾ ਮਾਹੌਲ ਹੈ।

## ਖੇਡਾਂ ਵਤਨ ਪੰਜਾਬ ਦੀਆਂ ਸਟੇਟ ਪੱਧਰੀ ਖੇਡਾਂ ਲਈ ਚੋਣ ਟਰਾਇਲ 4 ਨੂੰ

**ਬਠਿੰਡਾ, 1 ਅਕਤੂਬਰ (ਰਾਣਾ ਸ਼ਰਮਾ):** ਖੇਡਾਂ ਵਤਨ ਪੰਜਾਬ ਦੀਆਂ 2026 ਤਹਿਤ ਸੂਬਾ ਪੱਧਰ 'ਤੇ ਹੋਣ ਵਾਲੀਆਂ ਖੇਡਾਂ ਲਈ ਬਠਿੰਡਾ ਜ਼ਿਲ੍ਹੇ ਦੇ ਖਿਡਾਰੀਆਂ ਦੀ ਚੋਣ ਕਰਨ ਵਾਸਤੇ ਵੱਖ-ਵੱਖ ਖੇਡਾਂ ਦੇ ਚੋਣ ਟਰਾਇਲ 4 ਅਕਤੂਬਰ ਨੂੰ ਸ਼ਹੀਦ ਭਗਤ ਸਿੰਘ ਖੇਡ ਸਟੇਡੀਅਮ ਬਠਿੰਡਾ ਵਿਖੇ ਕਰਵਾਏ ਜਾਣਗੇ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ. ਗੁਰਿੰਦਰ ਸਿੰਘ ਬਰਾੜ ਜ਼ਿਲ੍ਹਾ ਖੇਡ ਅਫ਼ਸਰ ਬਠਿੰਡਾ ਨੇ ਦੱਸਿਆ ਕਿ ਸਟੇਟ ਪੱਧਰ ਲਈ ਯੋਗ ਖਿਡਾਰੀਆਂ ਦੀ ਚੋਣ ਵਾਸਤੇ ਖੇਡਾਂ ਦੇ ਟਰਾਇਲ ਕਰਵਾਏ ਜਾਣਗੇ। ਉਨ੍ਹਾਂ ਦੱਸਿਆ ਕਿ ਖਿਡਾਰੀ ਆਪਣਾ ਅਸਲੀ ਆਧਾਰ ਕਾਰਡ ਅਤੇ ਬੈਂਕ ਪਾਸਬੁੱਕ ਲਾਜ਼ਮੀ ਲੈ ਕੇ ਆਉਣ। ਹਰ ਇਕ ਖਿਡਾਰੀ ਸਵੇਰੇ 9 ਵਜੇ ਤੱਕ ਰਿਪੋਰਟ ਕਰਨ। ਜ਼ਿਲ੍ਹਾ ਖੇਡ ਅਫ਼ਸਰ ਨੇ ਖਿਡਾਰੀਆਂ ਨੂੰ ਅਪੀਲ ਕੀਤੀ ਕਿ ਆਨ ਲਾਈਨ ਰੇਜਿਸਟਰੇਸ਼ਨ ਲਈ ਖੇਡਾਂ ਵਤਨ ਪੰਜਾਬ ਦੀਆਂ 2026 ਦੇ ਸਕੈਨਰ ਉੱਤੇ ਸਕੈਨ ਕਰਕੇ ਵੀ ਭਾਗ ਲਿਆ ਜਾ ਸਕਦਾ ਹੈ।

# ਸ੍ਰੀ ਮੁਕਤਸਰ ਸਾਹਿਬ 'ਚ ਸੈਲੂਨ ਸੰਚਾਲ

# ਮੇਨ ਹਾਲ ਨੂੰ ਏ.ਸੀ. ਕਰਵਾਉਣ ਲਈ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਵੱਲੋਂ 1 ਲੱਖ 11 ਹਜਾਰ ਰੁਪਏ ਭੇਂਟ

ਭਗਤਾ ਭਾਈ, 01 ਅਕਤੂਬਰ (ਸਿਕੰਦਰ ਸਿੰਘਕੋਇਰ ਸਿੰਘ ਵਾਲਾ )- ਸ਼ਹਿਰ ਦੀ ਅਗਰਵਾਲ ਧਰਮਸ਼ਾਲਾ ਦੇ ਮੇਨ ਹਾਲ ਨੂੰ ਏਅਰ ਕੰਡੀਸ਼ਨਡ ਕਰਵਾਉਣ ਦੇ ਕਾਰਜ ਲਈ ਸਾਬਕਾ ਮੰਤਰੀ ਪੰਜਾਬ ਗੁਰਪ੍ਰੀਤ ਸਿੰਘ ਕਾਂਗੜ ਵੱਲੋਂ ਖੁੱਲ੍ਹਦਿਲੀ ਦਾ ਪ੍ਰਗਟਾਵਾ ਕਰਦਿਆਂ 1,11,000 ਰੁਪਏ ਨਗਦ ਸਹਿਯੋਗ ਰਾਸ਼ੀ ਵਜੋਂ ਭੇਟ ਕੀਤੀ ਗਈ। ਜਿਕਰਯੋਗ ਹੈ ਕਿ ਗੁਰਪ੍ਰੀਤ ਸਿੰਘ ਕਾਂਗੜ ਅਗਰਵਾਲ ਧਰਮਸ਼ਾਲਾ ਵਿਖੇ ਚੱਲ ਰਹੇ ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਵਿੱਚ ਸ਼ਮੂਲੀਅਤ ਕਰਨ ਲਈ ਪਹੁੰਚੇ ਸਨ। ਇਸ ਮੌਕੇ ਉਨ੍ਹਾਂ ਨੇ ਪਵਿੱਤਰ ਧਾਰਮਿਕ ਸਮਾਗਮ ਵਿੱਚ ਹਾਜ਼ਰੀ ਭਰਦਿਆਂ ਸ੍ਰੀਮਦ ਭਾਗਵਤ ਕਥਾ ਵੀ ਸਰਵਣ ਕੀਤੀ। ਇਸ ਮੌਕੇ ਗੁਰਪ੍ਰੀਤ ਸਿੰਘ ਕਾਂਗੜ ਨੇ ਕਿਹਾ ਕਿ ਧਾਰਮਿਕ ਅਤੇ ਸਮਾਜਿਕ ਸੰਸਥਾਵਾਂ ਸਾਡੇ ਸਮਾਜ ਦੀ ਸਾਂਝੀ ਵਿਰਾਸਤ ਹੁੰਦੀਆਂ ਹਨ, ਜਿੱਥੇ ਲੋਕ ਧਾਰਮਿਕ ਸਮਾਗਮਾਂ ਦੇ ਨਾਲ-ਨਾਲ ਸਮਾਜਿਕ ਕਾਰਜਾਂ ਵਿੱਚ ਵੀ ਇਕੱਠੇ ਹੁੰਦੇ ਹਨ। ਉਨ੍ਹਾਂ ਕਿਹਾ ਕਿ ਅਗਰਵਾਲ ਧਰਮਸ਼ਾਲਾ ਭਗਤਾ ਭਾਈ ਸ਼ਹਿਰ ਵਾਸੀਆਂ ਲਈ ਇੱਕ ਮਹੱਤਵਪੂਰਨ ਸਾਂਝਾ ਸਥਾਨ ਹੈ। ਇੱਥੇ ਹੋਣ ਵਾਲੇ ਸਮਾਗਮਾਂ ਵਿੱਚ ਸੰਗਤਾਂ ਨੂੰ ਬਿਹਤਰ ਸਹੂਲਤਾਂ ਮਿਲਣ, ਇਸ ਮੰਤਵ ਨਾਲ ਕੀਤੇ ਜਾ ਰਹੇ ਕਾਰਜ ਵਿੱਚ ਆਪਣਾ ਯੋਗਦਾਨ ਪਾਉਣਾ ਉਨ੍ਹਾਂ ਲਈ ਖੁਸ਼ੀ ਦੀ ਗੱਲ ਹੈ। ਸਹਿਯੋਗ ਰਾਸ਼ੀ ਪ੍ਰਾਪਤ ਕਰਨ ਉਪਰੰਤ ਅਗਰਵਾਲ ਧਰਮਸ਼ਾਲਾ ਦੇ ਪ੍ਰਬੰਧਕਾਂ ਅਤੇ ਸ੍ਰੀਮਦ ਭਾਗਵਤ ਸਪਤਾਹ ਗਿਆਨ ਯੱਗ ਨਾਲ ਜੁੜੀਆਂ ਸੰਗਤਾਂ ਵੱਲੋਂ ਸਾਬਕਾ ਮੰਤਰੀ ਗੁਰਪ੍ਰੀਤ ਸਿੰਘ ਕਾਂਗੜ ਦਾ ਤਹਿ ਦਿਲੋਂ ਧੰਨਵਾਦ ਕੀਤਾ ਗਿਆ। ਪ੍ਰਬੰਧਕਾਂ ਨੇ ਕਿਹਾ ਕਿ ਧਰਮਸ਼ਾਲਾ ਦੇ ਮੇਨ ਹਾਲ ਨੂੰ ਏ.ਸੀ. ਕਰਵਾਉਣ ਦਾ ਕਾਰਜ ਸੰਗਤਾਂ ਦੀ ਸਹੂਲਤ ਨਾਲ ਸਿੱਧੇ ਤੌਰ 'ਤੇ ਜੁੜਿਆ ਹੋਇਆ ਹੈ ਅਤੇ ਸ. ਕਾਂਗੜ ਵੱਲੋਂ ਦਿੱਤਾ ਗਿਆ 1,11,000 ਰੁਪਏ ਦਾ ਸਹਿਯੋਗ ਇਸ ਕਾਰਜ ਨੂੰ ਨੇਪਰੇ ਚਾੜ੍ਹਨ ਵਿੱਚ ਅਹਿਮ ਭੂਮਿਕਾ ਨਿਭਾਏਗਾ। ਉਨ੍ਹਾਂ ਕਿਹਾ ਕਿ ਧਾਰਮਿਕ ਅਤੇ ਸਮਾਜਿਕ ਕਾਰਜਾਂ ਲਈ ਅੱਗੇ ਵੱਧ ਕੇ ਸਹਿਯੋਗ ਕਰਨ ਵਾਲੀਆਂ ਸ਼ਖ਼ਸੀਅਤਾਂ ਦਾ ਯੋਗਦਾਨ ਹਮੇਸ਼ਾ ਸਤਿਕਾਰ ਨਾਲ ਯਾਦ ਕੀਤਾ ਜਾਂਦਾ ਹੈ। ਪ੍ਰਬੰਧਕਾਂ ਵੱਲੋਂ ਸ. ਕਾਂਗੜ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕਰਦਿਆਂ ਉਨ੍ਹਾਂ ਦੇ ਸੇਵਾ ਭਾਵ ਅਤੇ ਸਹਿਯੋਗ ਦੀ ਸ਼ਲਾਘਾ ਕੀਤੀ ਗਈ। ਇਸ ਮੌਕੇ ਨਗਰ ਪੰਚਾਇਤ ਭਗਤਾ ਭਾਈ ਦੇ ਸਾਬਕਾ ਪ੍ਰਧਾਨ ਬੂਟਾ ਸਿੰਘ ਸਿੱਧੂ, ਸੀਨੀ: ਮੀਤ ਪ੍ਰਧਾਨ ਲਖਵੀਰ ਸਿੰਘ ਲੱਖਾ, ਗੁਰਮੀਤ ਸਿੰਘ ਘਾਰੂ ਕੌਂਸਲਰ, ਰਾਜਵਿੰਦਰ ਸਿੰਘ ਰਾਜਾ ਕੌਂਸਲਰ, ਸੁਖਦੀਪ ਸਿੰਘ ਕੌਂਸਲਰ, ਪਰਮਜੀਤ ਸਿੰਘ ਬਿਦਰ, ਇੰਦਰਜੀਤ ਸਿੰਘ ਇੰਦੂ ਨਾਗਪਾਲ, ਯੂਥ ਵਪਾਰ ਮੰਡਲ ਦੇ ਪ੍ਰਧਾਨ ਜਤਿੰਦਰ ਕੁਮਾਰ ਸ਼ੈਂਕੀ ਗੋਇਲ, ਮੁਕੇਸ਼ ਕੁਮਾਰ ਸਿੰਗਲਾ, ਵਕੀਲ ਪੁਨੀਤ ਕੁਮਾਰ ਚੀਮਾ, ਮੋਹਨ ਲਾਲ ਮਾਣਾ, ਸੁਰਿੰਦਰ ਕਟਾਰੀਆ, ਜਸਮੀਤ ਸਿੰਘ ਬਰਾੜ, ਸੁਸ਼ੀਲ ਕੁਮਾਰ ਸ਼ੈਰੀ, ਮਹਿੰਦਰ ਪਾਲ ਪਿੰਟੂ, ਵਿਕਾਸ ਕੁਮਾਰ ਵਿੱਕੀ, ਰੇਨੂੰ ਸ਼ਰਮਾ, ਸਾਧੂ ਸਿੰਘ, ਗੁਰਮੇਲ ਸਿੰਘ ਆਦਿ ਹਾਜਰ ਸਨ।

# ਮਹਾਤਮਾ ਗਾਂਧੀ ਜੀ ਦੀ ਯਾਦ ਵਿੱਚ ਹਲਕਾ ਗਿੱਲ ਵਿਖੇ ਸੰਵਿਧਾਨ ਬਚਾਓ, ਦੇਸ਼ ਬਚਾਓ ਪੈਦਲ ਮਾਰਚ ਅੱਜ : ਕੈੜਾ

ਲੁਧਿਆਣਾ, 1 ਅਕਤੂਬਰ (ਸੂਰਜ) ਕੁਲ ਹਿੰਦ ਕਾਂਗਰਸ ਸੇਵਾ ਦਲ ਦੇ ਦਿਸ਼ਾ ਨਿਰਦੇਸ਼ਾਂ ਤੇ ਸਮੁੱਚੇ ਦੇਸ਼ ਵਿੱਚ ਰਾਸ਼ਟਰ ਪਿਤਾ ਮਹਾਤਮਾ ਗਾਂਧੀ ਜੀ ਦੇ ਜਨਮ ਦਿਹਾੜੇ ਤੇ 2 ਅਕਤੂਬਰ ਨੂੰ ਕੀਤਾ ਜਾ ਰਿਹਾ ÷ਸੰਵਿਧਾਨ ਬਚਾਓ, ਦੇਸ਼ ਬਚਾਓ÷ ਪੈਦਲ ਮਾਰਚ ਦੀ ਲੜੀ ਤਹਿਤ ਵਿਧਾਨ ਸਭਾ ਹਲਕਾ ਗਿੱਲ ਵਿੱਚ ਪੈਂਦੀ ਧਾਂਦਰਾ ਰੋਡ ਤੇ ਜੈਨ ਮੰਦਿਰ ਤੋਂ ਮਾਣਕਵਾਲ ਪਿੰਡ ਦੇ ਗੇਟ ਤੱਕ ਕਾਂਗਰਸ ਸੇਵਾ ਦਲ ਪੰਜਾਬ ਦੇ ਸਾਬਕਾ ਪ੍ਰਧਾਨ ਸ਼੍ਰੀ ਨਿਰਮਲ ਕੈੜਾ ਦੀ ਅਗਵਾਈ ਹੇਠ ਸਵੇਰੇ 10 ਵਜੇ ਇਕ ਵਿਸ਼ਾਲ ਪੈਦਲ ਮਾਰਚ ਸ਼ੁਰੂ ਕੀਤਾ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦੇ ਹੋਏ ਸ਼੍ਰੀ ਕੈੜਾ ਨੇ ਦੱਸਿਆ ਕਿ ਮਹਾਤਮਾ ਗਾਂਧੀ ਜੀ ਨੇ ਅੰਗਰੇਜਾਂ ਨਾਲ ਵੋਟ ਦੀ ਅਜਾਦੀ ਦੀ ਲੜਾਈ ਲੜੀ ਸੀ, ਪ੍ਰੰਤੂ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਅਤੇ ਸਤਾ ਦੀ ਲਾਲਚ ਕਾਰਨ ਅੱਜ ਉਹ ਹੀ ਵੋਟ ਦੀ ਅਜਾਦੀ ਖਤਰੇ ਵਿੱਚ ਪੈ ਗਈ ਹੈ। ਉਨ੍ਹਾਂ ਕਿਹਾ ਹੈ ਕਿ ਜੇਕਰ ਦੇਸ਼ ਵਾਸੀਆਂ ਨੇ ਇਨ੍ਹਾਂ ਕਾਲੇ ਅੰਗਰੇਜਾਂ ਦੀਆਂ ਲੋਕ ਵਿਰੋਧੀ ਨੀਤੀਆਂ ਅਤੇ ਵੋਟ ਚੋਰੀ ਦਾ ਵਿਰੋਧ ਨਾਂ ਕੀਤਾ ਤਾਂ ਦੇਸ਼ ਮੁੜ ਤੋਂ ਗੁਲਾਮੀ ਦੀ ਦਲਦਲ ਵਿੱਚ ਧੱਸ ਸਕਦਾ ਹੈ। ਸ਼੍ਰੀ ਕੈੜਾ ਨੇ ਹਲਕਾ ਗਿੱਲ ਦੇ ਨਿਵਾਸੀਆਂ ਨੂੰ ਪੁਰਜ਼ੋਰ ਸ਼ਬਦਾਂ ਰਾਹੀਂ ਅਪੀਲ ਕੀਤੀ ਕਿ ਵੋਟ ਚੋਰੀ ਦੇ ਵਿਰੋਧ ਵਿਚ ਕੀਤੇ ਜਾ ਰਹੇ ਪੈਦਲ ਮਾਰਚ ਵਿੱਚ ਵੱਧ ਚੜ੍ਹ ਕੇ ਹਿੱਸਾ ਲੈਂਦੇ ਹੋਏ ਕੇਂਦਰ ਸਰਕਾਰ ਦੀਆਂ ਬੰਦ ਪਾਈਆਂ ਅੱਖਾਂ ਅਤੇ ਕੰਨ ਖੋਲ ਦਿਓ ਤਾਂ ਜੋ ਇਹ ਵੋਟ ਚੋਰੀ ਬਾਰੇ ਸੋਚ ਵੀ ਨਾਂ ਸੱਕੇ।

# ਕਮਲ ਧਾਲੀਵਾਲ ਨੇ ਹਲਕੇ ਦੇ ਲੋਕਾਂ ਦੀਆਂ ਸੁਣੀਆਂ ਮੁਸ਼ਕਿਲਾਂ ਅਤੇ ਬੁਨਿਆਦੀ ਲੋੜਾ ਤੇ ਕੀਤੀ ਚਰਚਾ

ਅਮਰਗੜ੍ਹ 01 ਅਕਤੂਬਰ ( ਵਰਿੰਦਰ ਗਿੱਲ ) ਹਲਕਾ ਅਮਰਗੜ੍ਹ ਦੇ ਕਾਂਗਰਸੀ ਆਗੂ ਕਮਲਪ੍ਰੀਤ ਧਾਲੀਵਾਲ ਵੱਲੋਂ ਆਪਣੇ ਮੁੱਖ ਦਫਤਰ ਵਿਖੇ ਹਲਕੇ ਦੇ ਵੱਖ-ਵੱਖ ਪਿੰਡਾਂ ਤੋਂ ਆਏ ਲੋਕਾਂ ਨਾਲ ਮੁਲਾਕਾਤ ਕੀਤੀ। ਇਸ ਦੌਰਾਨ ਹਾਜ਼ਰੀਨ ਵਿਅਕਤੀਆਂ ਵੱਲੋਂ ਆਪਣੇ ਇਲਾਕਿਆਂ ਨਾਲ ਸਬੰਧਤ ਮੁਸ਼ਕਿਲਾਂ, ਬੁਨਿਆਦੀ ਲੋੜਾਂ ਪ੍ਰਤੀ ਵਿਚਾਰ ਚਰਚਾ ਕੀਤੀ ਗਈ। ਇਸ ਮੌਕੇ ਧਾਲੀਵਾਲ ਨੇ ਆਖਿਆ, ਕੀ ਪੰਜਾਬ ਦੇ ਹਾਲਾਤ ਬਹੁਤ ਮਾੜੇ ਹਨ, ਸ਼ੁਬਾ ਨਾਜ਼ੁਕ ਸਮੇਂ ਚੋਂ ਲੰਘ ਰਿਹਾ ਹੈ, ਪਰ ਸੂਬੇ ਵਿੱਚ ਆਮ ਆਦਮੀ ਪਾਰਟੀ ਦੀ ਸਰਕਾਰ ਲੋਕਾਂ ਦੇ ਕੰਮਾਂ ਤੋਂ ਕਿਨਾਰਾ ਕਰਕੇ ਦਿੱਲੀ ਦੇ ਵਿਅਕਤੀਆਂ ਦੀ ਮਹਿਮਾਨ ਨਿਵਾਜ਼ੀ ਵਿੱਚ ਰੁੱਝੀ ਹੋਈ ਹੈ। ਲਾਅ ਐਂਡ ਆਰਡਰ ਦੀ ਸਥਿਤੀ ਪਹਿਲੀ ਵਾਰ ਐਨੀ ਮਾੜੀ ਹੋਈ ਹੈ, ਆਏ ਦਿਨ, ਲੁੱਟਾ ਖੋਹਾ, ਕਤਲ ਵਰਗੇ ਸੰਗੀਨ ਜੁਰਮ ਧੜੱਲੇ ਨਾਲ ਪੈਰ ਪਸਾਰ ਰਹੇ ਹਨ। ਉਨ੍ਹਾਂ ਕਿਹਾ ਕੀ ਆਮ ਵਿਅਕਤੀ ਨੂੰ ਇਨਸਾਫ਼ ਲੈਣ ਲਈ ਰੋਜ਼ ਧਰਨੇ ਲਗਾ ਕੇ ਸਰਕਾਰ ਦੀ ਨੀਂਦ ਖੋਲ੍ਹਣੀ ਪੈ ਰਹੀ ਹੈ, ਜੋ ਚਿੰਤਾ ਜਨਕ ਹੈ। ਧਾਲੀਵਾਲ ਨੇ ਕਿਹਾ ਕੀ, ਆਪਣੇ ਆਪ ਨੂੰ ਇਨਕਲਾਬੀ ਮੁੱਖ ਮੰਤਰੀ ਕਹਿਣ ਵਾਲੇ ਭਗਵੰਤ ਸਿੰਘ ਮਾਨ ਨੇ ਸ਼ਹੀਦੇ ਆਜ਼ਮ ਭਗਤ ਸਿੰਘ ਜੋ ਜਨਮਦਿਨ ਤੇ ਪੰਜਾਬ ਸਰਕਾਰ ਵੱਲੋਂ ਪੀ. ਏ. ਯੂ ਲੁਧਿਆਣਾ @ਚ ਰੱਖੇ ਜਸ਼ਨ ਏ ਅਜਾਦੀ ਵਿੱਚ ਬਖੇਰੀ ਲੱਚਤਰਾ ਨੇ ਇਨਕਲਾਬ ਦਾ ਮਖੌਟਾ ਲਾਹ ਦਿੱਤਾ ਹੈ ਅਤੇ 2027 ਵਿੱਚ ਲੋਕਾਂ ਨੇ ਵੀ ਆਪ ਨੂੰ ਲਾਭੇ ਕਰ ਦੇਣਾ ਹੈ, ਕਿਉਂਕਿ ਆਮ ਆਦਮੀ ਪਾਰਟੀ ਸੂਬੇ ਨੂੰ ਵਿਕਾਸ ਦੇ ਨਾਮ ਤੇ ਵਿਨਾਸ ਵੱਲ ਲੈਕੇ ਜਾ ਰਹੀ ਹੈ। ਉਨ੍ਹਾਂ ਕਿਹਾ, ਕੀ 2027 @ਚ ਕਾਂਗਰਸ ਪਾਰਟੀ ਦਾ ਸੱਤਾ ਵਿੱਚ ਆਉਣਾ ਲੱਗਭਗ ਤਹਿ ਹੈ, ਲੋਕਾਂ ਦਾ ਅਥਾਹ ਪਿਆਰ ਇਸ਼ ਗੱਲ ਦੀ ਗਵਾਹੀ ਭਰਦਾ ਹੈ। ਮੈਂ ਉਨ੍ਹਾਂ ਨੂੰ ਵਿਸ਼ਵਾਸ ਦਵਾਉਣਾ ਹਾਂ, ਕਿ ਹਲਕੇ ਦੀ ਹਰ ਸਮੱਸਿਆ ਦੇ ਹੱਲ ਲਈ ਅਤੇ ਲੋਕਾਂ ਦੀ ਆਵਾਜ਼ ਬੁਲੰਦ ਕਰਨ ਲਈ ਹਰ ਸੰਭਵ ਯਤਨ ਕੀਤਾ ਜਾਵੇਗਾ। ਕਾਂਗਰਸ ਪਾਰਟੀ ਹਮੇਸ਼ਾ ਤੁਹਾਡੇ ਨਾਲ ਅਤੇ ਤੁਹਾਡੇ ਲਈ ਖੜੀ ਹੈ। ਇਸ ਮੌਕੇ ਪ੍ਰਧਾਨ ਪ੍ਰਿੰਸ ਜੋਸ਼ੀ ਰੋਕੀ, ਬਲਾਕ ਪ੍ਰਧਾਨ ਮਹਿੰਦਰ ਸਿੰਘ, ਅਮਰਿਦਰ ਭੁੱਲਰ, ਹਲਕਾ ਯੂਥ ਪ੍ਰਧਾਨ ਬਬਲੂ ਮਾਹੋਰਾਣਾ, ਹਰਪ੍ਰੀਤ ਸਿੰਘ ਸੋਹੀ ਬਾਗੜੀਆਂ, ਗੁਰਪ੍ਰੀਤ ਸਿੰਘ ਬਾਬਾ, ਲਖਵੀਰ ਸਿੰਘ ਨਿੱਕਾ, ਯਾਦੂ ਨੰਗਲ, ਬਲਵੰਤ ਭੱਟੀ, ਗੋਲਡੀ ਮਡਾਹੜ, ਸੁੱਖਾ ਸੋਹੀ,ਸੇਠੀ ਨਿਆਮਤਪੁਰ, ਦਮਨ ਸੈਣੀ ਤੋਂ ਇਲਾਵਾ ਭਾਰੀ ਗਿਣਤੀ ਵਿੱਚ ਲੋਕ ਹਾਜ਼ਰ ਸਨ ।

# ਮਾਰਕਿਟ ਕਮੇਟੀ ਸੰਦੌੜ ਦੇ ਨਵ-ਨਿਯੁਕਤ ਚੇਅਰਮੈਨ ਇੰਜ. ਸੰਦੀਪ ਸਿੰਘ ਵੜੈਚ ਨੇ ਸੰਭਾਲਿਆ ਅਹੁਦਾ

ਸੰਦੌੜ/ਮਾਲੇਰਕੋਟਲਾ, 1 ਅਕਤੂਬਰ: (ਮੁਨਸ਼ੀ ਫ਼ਾਰੂਕ ) – ਮਾਰਕਿਟ ਕਮੇਟੀ ਸੰਦੌੜ ਦੇ ਨਵ-ਨਿਯੁਕਤ ਚੇਅਰਮੈਨ ਇੰਜ. ਸੰਦੀਪ ਸਿੰਘ ਵੜੈਚ ਨੇ ਵਿਧਾਇਕ ਮਾਲੇਰਕੋਟਲਾ ਡਾ. ਜਮੀਲ ਉਰ ਰਹਿਮਾਨ ਦੀ ਹਾਜ਼ਰੀ ਵਿੱਚ ਅਹੁਦਾ ਸੰਭਾਲ ਲਿਆ। ਇਸ ਮੌਕੇ ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਮਾਲੇਰਕੋਟਲਾ ਸਾਕਿਬ ਅਲੀ ਰਾਜਾ, ਟਰੇਡਰਜ਼ ਕਮਿਸ਼ਨ ਜ਼ਿਲ੍ਹਾ ਮਾਲੇਰਕੋਟਲਾ ਦੇ ਚੇਅਰਮੈਨ ਆਜ਼ਮ ਦਾਰਾ, ਬਲਾਕ ਸੰਮਤੀ ਦੇ ਚੇਅਰਮੈਨ ਸੰਤੋਖ ਸਿੰਘ,ਮੈਂਬਰ ਜ਼ਿਲ੍ਹਾ ਪ੍ਰੀਸ਼ਦ ਡਾ ਹਰੀਪਾਲ ਸਿੰਘ,ਉੱਘੇ ਸਮਾਜ ਸੇਵੀ ਮੁਹੰਮਦ ਹਨੀਫ਼, ਬਲਾਕ ਪ੍ਰਧਾਨ ਚਰਨਜੀਤ ਸਿੰਘ ਚੀਮਾ,ਰਮਨਦੀਪ ਸਿੰਘ ਖੱਟੜਾ ਕਟਾਰੀਆ, ਪਾਰਟੀ ਆਗੂ, ਪੰਚ-ਸਰਪੰਚ, ਆੜ੍ਹਤੀ ਭਾਈਚਾਰਾ ਅਤੇ ਵਿਭਾਗੀ ਨੁਮਾਇੰਦੇ ਹਾਜ਼ਰ ਸਨ। ਵਿਧਾਇਕ ਡਾ. ਜਮੀਲ ਉਰ ਰਹਿਮਾਨ ਨੇ ਇੰਜ. ਵੜੈਚ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਪਾਰਟੀ ਇਮਾਨਦਾਰ, ਮਿਹਨਤੀ ਤੇ ਵਫ਼ਾਦਾਰ ਵਲੰਟੀਅਰਾਂ ਨੂੰ ਮਾਣ-ਸਤਿਕਾਰ ਦੇਣ ਲਈ ਵਚਨਬੱਧ ਹੈ। ਉਨ੍ਹਾਂ ਕਿਹਾ ਕਿ ਪੰਜਾਬ ਸਰਕਾਰ ਰੋਜ਼ਗਾਰ, ਸਿੱਖਿਆ, ਸਿਹਤ ਅਤੇ ਬਿਜਲੀ ਵਰਗੇ ਖੇਤਰਾਂ ਨੂੰ ਤਰਜੀਹ ਦੇ ਰਹੀ ਹੈ। ਉਨ੍ਹਾਂ ਉਮੀਦ ਜਤਾਈ ਕਿ ਨਵੇਂ ਚੇਅਰਮੈਨ ਕਿਸਾਨਾਂ, ਆੜ੍ਹਤੀਆਂ ਅਤੇ ਸਬੰਧਤ ਵਰਗਾਂ ਦੀਆਂ ਸਮੱਸਿਆਵਾਂ ਨੂੰ ਪਹਿਲ ਦੇ ਆਧਾਰ 'ਤੇ ਹੱਲ ਕਰਨਗੇ ਅਤੇ ਝੋਨੇ ਦੀ ਖਰੀਦ ਪ੍ਰਕਿਰਿਆ ਨੂੰ ਨਿਰਵਿਘਨ ਚਲਾਉਣ ਵਿੱਚ ਭੂਮਿਕਾ ਨਿਭਾਉਣਗੇ।ਅਹੁਦਾ ਸੰਭਾਲਣ ਉਪਰੰਤ ਇੰਜ. ਸੰਦੀਪ ਸਿੰਘ ਵੜੈਚ ਨੇ ਮੁੱਖ ਮੰਤਰੀ ਭਗਵੰਤ ਮਾਨ, ਵਿਧਾਇਕ ਡਾ. ਜਮੀਲ ਉਰ ਰਹਿਮਾਨ, ਸਾਕਿਬ ਅਲੀ ਰਾਜਾ ਅਤੇ ਪਾਰਟੀ ਹਾਈਕਮਾਂਡ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ 'ਤੇ ਪ੍ਰਗਟਾਏ ਭਰੋਸੇ 'ਤੇ ਖਰਾ ਉਤਰਨਾ ਪਹਿਲੀ ਜ਼ਿੰਮੇਵਾਰੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਕਿਸਾਨਾਂ ਨੂੰ ਮੰਡੀਆਂ ਵਿੱਚ ਕਿਸੇ ਵੀ ਕਿਸਮ ਦੀ ਦਿੱਕਤ ਨਹੀਂ ਆਉਣ ਦਿੱਤੀ ਜਾਵੇਗੀ ਅਤੇ ਸਰਕਾਰ ਦੀਆਂ ਹਦਾਇਤਾਂ ਅਨੁਸਾਰ ਝੋਨੇ ਦੀ ਖਰੀਦ ਪ੍ਰਕਿਰਿਆ ਨੂੰ ਸੁਚਾਰੂ, ਪਾਰਦਰਸ਼ੀ ਅਤੇ ਸਮੇਂ ਸਿਰ ਨੇਪਰੇ ਚਾੜ੍ਹਿਆ ਜਾਵੇਗਾ। ਉਨ੍ਹਾਂ ਕਿਹਾ ਕਿ ਕਿਸਾਨਾਂ, ਆੜ੍ਹਤੀਆਂ ਅਤੇ ਮਾਰਕਿਟ ਕਮੇਟੀ ਨਾਲ ਸਬੰਧਤ ਹਰ ਵਰਗ ਦੀ ਸਮੱਸਿਆ ਸੁਣੀ ਜਾਵੇਗੀ ਅਤੇ ਹੱਲ ਲਈ ਤੁਰੰਤ ਉਪਰਾਲੇ ਕੀਤੇ ਜਾਣਗੇ। ਉਨ੍ਹਾਂ ਭਰੋਸਾ ਦਿੱਤਾ ਕਿ ਸੌਂਪੀ ਜ਼ਿੰਮੇਵਾਰੀ ਤਨਦੇਹੀ ਤੇ ਇਮਾਨਦਾਰੀ ਨਾਲ ਨਿਭਾਉਂਦੇ ਹੋਏ ਮਾਰਕਿਟ ਕਮੇਟੀ ਸੰਦੌੜ ਨੂੰ ਵਿਕਾਸ ਅਤੇ ਬਿਹਤਰ ਸੇਵਾਵਾਂ ਦੀਆਂ ਨਵੀਆਂ ਲੀਹਾਂ 'ਤੇ ਲਿਜਾਣ ਲਈ ਯਤਨ ਕਰਨਗੇ।

# ਸਾਡੇ ਬਜ਼ੁਰਗ, ਸਾਡਾ ਮਾਣ ਮੁਹਿੰਮ ਤਹਿਤ ਬਜ਼ੁਰਗਾਂ ਅਤੇ ਨੌਜਵਾਨਾ ਦੀ ਆਪਸੀ ਸਾਂਝ ਨੂੰ ਸਮਰਪਿਤ ਐਮ. ਆਰ. ਕਾਲਜ ਫਾਜ਼ਿਲਕਾ ਵਿਖੇ ਪ੍ਰੋਗਰਾਮ ਦਾ ਆਯੋਜਨ

## ਐੱਸ.ਡੀ.ਐੱਮ. ਜੁਗਰਾਜ ਸਿੰਘ ਅਤੇ ਮੈਡਮ ਖੁਸ਼ਬੂ ਸਾਵਨਸੁੱਖਾ ਸਵਨਾ ਨੇ ਮੁੱਖ ਮਹਿਮਾਨ ਵਜੋਂ ਕੀਤੀ ਸਿਰਕਤ ਕੀਤੀ

ਫਾਜ਼ਿਲਕਾ 01 ਸਤੰਬਰ (ਮਨੋਜ ਕੁਮਾਰ) ਮੁੱਖ ਮੰਤਰੀ ਪੰਜਾਬ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਬਜ਼ੁਰਗਾਂ ਨੂੰ ਮਾਣ-ਸਨਮਾਨ ਦੇਣ ਅਤੇ ਉਨ੍ਹਾਂ ਦੀ ਭਲਾਈ ਹਿੱਤ ਸ਼ਲਾਘਾਯੋਗ ਉਪਰਾਲੇ ਕੀਤੇ ਜਾ ਰਹੇ ਹਨ। ਇਸੇ ਤਹਿਤ ਹੀ ਪੰਜਾਬ ਸਰਕਾਰ ਵੱਲੋਂ @ਸਾਡੇ ਬਜ਼ੁਰਗ, ਸਾਡਾ ਮਾਣ@ ਮੁਹਿੰਮ ਸ਼ੁਰੂ ਕੀਤੀ ਗਈ ਹੈ ਤੇ ਅੱਜ ਫਾਜ਼ਿਲਕਾ ਦੇ ਐਮ. ਆਰ. ਕਾਲਜ ਵਿਖੇ ਜ਼ਿਲ੍ਹਾ ਪ੍ਰਸ਼ਾਸਨ ਫਾਜ਼ਿਲਕਾ ਅਤੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਫਾਜ਼ਿਲਕਾ ਵੱਲੋਂ ਬਜ਼ੁਰਗਾਂ ਦੇ ਸਨਮਾਨ ਲਈ ਇੱਕ ਸਮਾਗਮ ਕਰਵਾਇਆ ਗਿਆ। ਇਸ ਮੌਕੇ ਮੁੱਖ ਮਹਿਮਾਨ ਵਜੋਂ ਐੱਸ.ਡੀ.ਐੱਮ. ਫਾਜ਼ਿਲਕਾ ਜੁਗਰਾਜ ਸਿੰਘ ਕਾਹਲੋਂ ਅਤੇ ਵਿਧਾਇਕ ਨਰਿੰਦਰਪਾਲ ਸਿੰਘ ਦੀ ਧਰਮਪਤਨੀ ਅਤੇ ਖੁਸ਼ੀ ਫਾਊਂਡੇਸ਼ਨ ਦੀ ਚੇਅਰਪਰਸ਼ਨ ਮੈਡਮ ਖੁਸ਼ਬੂ ਸਾਵਨਸੁੱਖਾ ਸਵਨਾ ਨੇ ਸ਼ਿਰਕਤ ਕੀਤੀ। ਇਸ ਮੌਕੇ ਬੋਲਦਿਆਂ ਐੱਸ.ਡੀ.ਐੱਮ ਜੁਗਰਾਜ ਸਿੰਘ ਨੇ ਕਿਹਾ ਕਿ ਬਜ਼ੁਰਗਾਂ ਅਤੇ ਨੌਜਵਾਨਾਂ ਦਾ ਆਪਸੀ ਤਾਲਮੇਲ ਹੋਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਜਿਸ ਤਰ੍ਹਾਂ ਸਾਨੂੰ ਆਪਣੇ ਬਜ਼ੁਰਗਾਂ ਤੋਂ ਸਾਡੀ ਪੀੜ੍ਹੀ ਅਤੇ ਹੋਰ ਬਹੁਤ ਕੁੱਝ ਸਿੱਖਣ ਨੂੰ ਮਿਲਦਾ ਹੈ ਉਸੇ ਤਰ੍ਹਾਂ ਹੀ ਅੱਜ ਦੇ ਆਧੁਨਿਕ ਯੁੱਗ ਬਾਰੇ ਸਾਡੇ ਬਜ਼ੁਰਗਾਂ ਨੂੰ ਬਹੁਤ ਕੁੱਝ ਸਿੱਖਣ ਨੂੰ ਮਿਲਦਾ ਹੈ ਸੋ ਇਸ ਲਈ ਦੋਵਾਂ ਦੀ ਆਪਸੀ ਸਾਂਝ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਾਡੇ ਬਜ਼ੁਰਗਾਂ ਨੇ ਹੀ ਸਾਡੇ ਪਰਿਵਾਰਾ